ਪੰਜਾਬ / ਹਰਿਆਣਾ / ਹਿਮਾਚਲ ਪ੍ਰਦੇਸ਼ / ਜੰਮੂ ਕਸ਼ਮੀਰ
ਰਾਜਸਥਾਨ/ ਚੰਡੀਗੜ੍ਹ / ਦਿੱਲੀ / ਐਨਸੀਆਰ

ਸਾਂਝੀ ਖ਼ਬਰ

RNI No. - PUNPUN / 2014 / 59059

ਮੁੱਖ ਸੰਪਾਦਕ :- ਪੀ ਐਸ ਮਿੱਠਾ

ਰੋਜ਼ਾਨਾ

ਸਾਂਝੀ ਖ਼ਬਰ

ਸਾਂਝ ਪੰਜਾਬੀਆਂ ਦੀ

ਵੀਰਵਾਰ, 05 ਨਵੰਬਰ / 2026 / ਅੰਕ 295 / ਪੰਨੇ 08 / ਮੁੱਲ 7 ਰੁ:

www.sanjhikhabar.com | E-mail : khabarsanjhi@gmail.com | sanjhikhabar | sanjhikahbar



ਪੰਜਾਬ ਦੇ ਮੁਲਾਜ਼ਮਾਂ ਨੂੰ ਦੀਵਾਲੀ ਦਾ ਤੋਹਫ਼ਾ, CM ਭਗਵੰਤ ਮਾਨ ਨੇ ਕੀਤਾ ਮਹਿੰਗਾਈ ਭੱਤੇ 'ਚ ਵਾਧੇ ਦਾ ਐਲਾਨ

ਸਾਂਝੀ ਖ਼ਬਰ

(ਕੁਲਦੀਪ ਸਿੰਘ)
ਚੰਡੀਗੜ੍ਹ, 04 ਨਵੰਬਰ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਦੀਵਾਲੀ ਦੇ ਤੋਹਫ਼ੇ ਵਜੋਂ ਮਹਿੰਗਾਈ ਭੱਤੇ ਵਿੱਚ ਤਿੰਨ ਫੀਸਦੀ ਵਾਧੇ ਦਾ ਐਲਾਨ ਕੀਤਾ, ਜਿਸ ਨਾਲ ਸਾਡੀ ਸਰਕਾਰ ਦੇ ਕਾਰਜਕਾਲ ਵਿੱਚ ਮਹਿੰਗਾਈ ਭੱਤਾ 2022 ਦੇ 28 ਫੀਸਦੀ ਤੋਂ ਵਧ ਕੇ 53 ਫੀਸਦੀ ਹੋ ਗਿਆ ਹੈ। ਵਧਿਆ ਹੋਇਆ ਮਹਿੰਗਾਈ ਭੱਤਾ ਦਸੰਬਰ ਦੀਆਂ ਤਨਖ਼ਾਹਾਂ ਤੇ ਪੈਨਸ਼ਨਾਂ ਨਾਲ ਮਿਲੇਗਾ। ਇਸ ਐਲਾਨ ਨਾਲ ਪਿਛਲੇ ਦੋ ਮਹੀਨਿਆਂ ਵਿੱਚ ਮਹਿੰਗਾਈ ਭੱਤੇ ਵਿੱਚ 11 ਫੀਸਦੀ ਵਾਧਾ ਹੋਇਆ ਹੈ, ਜਿਸ ਨਾਲ ਅੱਠ ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਲਾਭ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਅਕਸਰ ਖ਼ਜ਼ਾਨਾ ਖ਼ਾਲੀ ਹੋਣ ਦਾ ਰੋਣਾ ਰੋਂਦੀਆਂ ਸਨ ਪਰ ਸਾਡੀ ਸਰਕਾਰ ਨੇ ਮੁਲਾਜ਼ਮਾਂ ਦੀ ਭਲਾਈ ਨੂੰ ਤਰਜੀਹ ਦਿੱਤੀ ਅਤੇ ਇਹ ਯਕੀਨੀ ਬਣਾਇਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਉਨ੍ਹਾਂ ਦੇ ਜਾਇਜ਼ ਹੱਕ ਤੋਂ ਵਾਂਝਾ ਰੱਖਣ ਵਿੱਚ ਵਿੱਤੀ ਮੁਸ਼ਕਲਾਂ ਨੂੰ ਬਹਾਨਾ ਨਹੀਂ ਬਣਾਇਆ ਜਾਵੇਗਾ।

ਸੋਸ਼ਲ ਮੀਡੀਆ ਪਲੇਟਫਾਰਮ ਐਕਸ `ਤੇ ਪੋਸਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅੱਜ ਪੰਜਾਬ ਦੇ ਲਗਪਗ ਅੱਠ ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦੀਵਾਲੀ ਦੇ ਤੋਹਫ਼ੇ ਵਜੋਂ ਅਸੀਂ ਮਹਿੰਗਾਈ ਭੱਤੇ ਵਿੱਚ ਤਿੰਨ ਫੀਸਦੀ ਵਾਧੇ ਦਾ ਐਲਾਨ ਕੀਤਾ ਹੈ। ਇਸ ਨਾਲ ਡੀ.ਏ. ਵਧ ਕੇ 53 ਫੀਸਦੀ ਹੋ ਗਿਆ ਹੈ, ਜਿਸ ਨਾਲ ਮੁਲਾਜ਼ਮਾਂ ਨੂੰ ਲਗਪਗ 3,988 ਕਰੋੜ ਰੁਪਏ ਦਾ ਸਾਲਾਨਾ ਵਿੱਤੀ ਲਾਭ ਮਿਲੇਗਾ। ਮੁਲਾਜ਼ਮ ਸਾਡੀ ਸਰਕਾਰ ਦੀ ਰੀੜ੍ਹ ਦੀ ਹੱਡੀ ਹਨ ਅਤੇ ਅਸੀਂ ਉਨ੍ਹਾਂ ਦੀ ਭਲਾਈ, ਹੱਕਾਂ ਅਤੇ ਸਰਵਪੱਖੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਸਾਰੇ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ।"

ਇੱਥੇ ਪ੍ਰੈੱਸ ਕਾਨਫਰੰਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਪ੍ਰਸ਼ਾਸਨ ਅਤੇ ਲੋਕ ਸੇਵਾ ਵਿੱਚ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਅਥਾਹ ਯੋਗਦਾਨ ਨੂੰ ਸਵੀਕਾਰ ਕੀਤਾ। ਉਨ੍ਹਾਂ ਕਿਹਾ, "ਮੁਲਾਜ਼ਮ ਅਤੇ ਪੈਨਸ਼ਨਰ ਪੰਜਾਬ ਸਰਕਾਰ ਦੇ ਪਰਿਵਾਰਕ ਮੈਂਬਰ ਹਨ ਅਤੇ ਪ੍ਰਸ਼ਾਸਨਿਕ ਮਸ਼ੀਨਰੀ ਦੀ ਰੀੜ੍ਹ ਦੀ ਹੱਡੀ ਹਨ। ਉਹ ਆਮ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਦੂਰ ਕਰਨ, ਅਮਨ-ਕਾਨੂੰਨ ਬਣਾਈ ਰੱਖਣ ਅਤੇ ਵੱਖ-ਵੱਖ ਭਲਾਈ ਸਕੀਮਾਂ ਲਾਗੂ ਕਰਨ ਲਈ ਪੂਰੀ ਤਨਦੇਹੀ ਅਤੇ ਸਮਰਪਣ ਭਾਵਨਾ ਨਾਲ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ।"

ਮੁੱਖ ਮੰਤਰੀ ਨੇ ਕਿਹਾ, "ਅਸੀਂ ਲੋਕ ਭਲਾਈ ਦੀਆਂ ਅਨੇਕਾਂ ਸਕੀਮਾਂ ਲਾਗੂ ਕਰਨ ਵਿੱਚ ਜੋ ਸਫ਼ਲਤਾ ਹਾਸਲ ਕੀਤੀ ਹੈ, ਉਹ ਮੁੱਖ ਤੌਰ `ਤੇ ਸਾਡੇ ਮੁਲਾਜ਼ਮਾਂ ਦੇ ਬੇਮਿਸਾਲ ਯੋਗਦਾਨ ਕਾਰਨ ਸੰਭਵ ਹੋਇਆ ਹੈ।"

ਮੁੱਖ ਮੰਤਰੀ ਨੇ ਸਮੂਹ ਮੁਲਾਜ਼ਮਾਂ ਦੀ ਤਨਦੇਹੀ ਨਾਲ ਸੇਵਾ ਕਰਨ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਸਰਕਾਰੀ ਨੌਕਰੀਆਂ ਉੱਤੇ ਲਾਮਿਸਾਲ ਭਰਤੀ ਦੀਆਂ ਪਹਿਲ-ਕਦਮੀਆਂ ਦੀ ਨਿਸ਼ਾਨਦੇਹੀ ਕੀਤੀ। ਉਨ੍ਹਾਂ ਕਿਹਾ, "ਸਾਡੀ ਸਰਕਾਰ ਨੇ ਪਿਛਲੇ ਚਾਰ ਸਾਲਾਂ ਅਤੇ ਨੌਂ ਮਹੀਨਿਆਂ ਦੌਰਾਨ ਸਰਕਾਰੀ ਵਿਭਾਗਾਂ ਵਿੱਚ ਹੁਣ ਤੱਕ ਦੀ ਸਭ ਤੋਂ ਵੱਡੀ ਭਰਤੀ ਮੁਹਿੰਮ ਚਲਾਈ ਹੈ। ਅਸੀਂ ਬਿਨਾਂ ਕਿਸੇ ਰਿਸ਼ਵਤ ਜਾਂ ਸਿਫ਼ਾਰਸ਼ ਦੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ `ਤੇ ਨੌਜਵਾਨਾਂ ਨੂੰ 71,777 ਸਰਕਾਰੀ ਨੌਕਰੀਆਂ ਦਿੱਤੀਆਂ ਹਨ।"

ਉਨ੍ਹਾਂ ਅੱਗੇ ਕਿਹਾ, "ਮੈਂ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਹੱਲ ਕਰਨ ਲਈ ਹਮੇਸ਼ਾ ਗੱਲਬਾਤ ਨੂੰ ਤਰਜੀਹ ਦਿੱਤੀ ਹੈ ਅਤੇ ਸਾਡੇ ਦਰਵਾਜ਼ੇ ਉਨ੍ਹਾਂ ਲਈ ਹਰ ਸਮੇਂ ਖੁੱਲ੍ਹੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਐਲਾਨ ਨਾਲ ਪੰਜਾਬ ਦੇ ਕਰੀਬ ਅੱਠ ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਜਾਵੇਗੀ। ਉਨ੍ਹਾਂ ਕਿਹਾ, "ਪੰਜਾਬ ਦੇ ਲਗਪਗ ਅੱਠ ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਇਹ ਖ਼ੁਸ਼ੀ ਦਾ ਦਿਨ ਹੈ। ਦੀਵਾਲੀ ਦੇ ਤੋਹਫ਼ੇ ਵਜੋਂ ਸਰਕਾਰੀ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਅਤੇ ਪੈਨਸ਼ਨਰਾਂ ਨੂੰ ਮਹਿੰਗਾਈ ਰਾਹਤ ਵਿੱਚ ਵਾਧੂ ਤਿੰਨ ਫੀਸਦੀ ਦਾ ਵਾਧਾ ਮਿਲ ਰਿਹਾ ਹੈ।"

ਉਨ੍ਹਾਂ ਅੱਗੇ ਕਿਹਾ, "ਇਹ ਵਾਧਾ ਪਹਿਲੀ ਨਵੰਬਰ ਤੋਂ ਲਾਗੂ ਹੋਵੇਗਾ ਅਤੇ ਦਸੰਬਰ ਮਹੀਨੇ ਵਿੱਚ ਦਿੱਤੀ ਜਾਣ ਵਾਲੀ ਤਨਖ਼ਾਹ ਅਤੇ ਪੈਨਸ਼ਨ ਵਿੱਚ ਤਿੰਨ ਵਾਧਾ ਸ਼ਾਮਲ ਹੋਵੇਗਾ। ਇਸ ਵਾਧੇ ਨਾਲ ਪੰਜਾਬ ਵਿੱਚ ਡੀ.ਏ. 50 ਫੀਸਦੀ ਤੋਂ ਵਧ ਕੇ 53 ਫੀਸਦੀ ਹੋ ਗਿਆ ਹੈ। ਜਦੋਂ ਅਸੀਂ 2022 ਵਿੱਚ ਅਹੁਦਾ ਸੰਭਾਲਿਆ ਸੀ ਤਾਂ ਸਰਕਾਰੀ ਮੁਲਾਜ਼ਮਾਂ ਨੂੰ ਸਿਰਫ਼ 28 ਫੀਸਦੀ ਦੀ ਦਰ ਨਾਲ ਡੀ.ਏ. ਮਿਲ ਰਿਹਾ ਸੀ।"

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ ਲਗਾਤਾਰ ਡੀ.ਏ. ਵਿੱਚ ਵਾਧਾ ਕੀਤਾ ਹੈ। ਉਨ੍ਹਾਂ ਕਿਹਾ, "2022 ਤੋਂ ਲੈ ਕੇ ਹੁਣ ਤੱਕ ਸੂਬਾ ਸਰਕਾਰ ਨੇ ਡੀ.ਏ. ਵਿੱਚ 25 ਫ਼ੀਸਦੀ ਦਾ ਵਾਧਾ ਕੀਤਾ ਹੈ। ਮਹਿਜ਼ ਦੋ ਮਹੀਨੇ ਪਹਿਲਾਂ ਸਤੰਬਰ ਵਿੱਚ, ਡੀ.ਏ. ਵਿੱਚ ਅੱਠ ਫੀਸਦੀ ਵਾਧੇ ਦਾ ਐਲਾਨ ਕੀਤਾ ਗਿਆ ਸੀ। ਇਹ ਪਹਿਲੀ ਵਾਰ ਹੈ, ਜਦੋਂ ਕਿਸੇ ਸਰਕਾਰ ਨੇ ਮਹਿਜ਼ ਦੋ ਮਹੀਨਿਆਂ ਦੇ ਵਕਫ਼ੇ ਵਿੱਚ ਡੀ.ਏ. ਵਿੱਚ 11 ਫ਼ੀਸਦੀ ਦਾ ਵਾਧਾ ਕੀਤਾ ਹੈ।"

ਉਨ੍ਹਾਂ ਅੱਗੇ ਕਿਹਾ, "ਇਸ 11 ਫ਼ੀਸਦੀ ਦੇ ਵਾਧੇ ਨਾਲ ਮੌਜੂਦਾ ਵਿੱਤੀ ਸਾਲ ਦੌਰਾਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ 1,813 ਕਰੋੜ ਰੁਪਏ ਦਾ ਫਾਇਦਾ ਹੋਵੇਗਾ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਦੋਂ 2022 ਵਿੱਚ ਸੂਬਾ ਸਰਕਾਰ ਨੇ ਅਹੁਦਾ ਸੰਭਾਲਿਆ ਸੀ ਤਾਂ ਛੇਵੇਂ ਪੰਜਾਬ ਤਨਖਾਹ ਕਮਿਸ਼ਨ ਨਾਲ ਸਬੰਧਤ ਵੱਡੀ ਵਿੱਤੀ ਦੇਣਦਾਰੀ ਪਹਿਲਾਂ ਹੀ ਬਕਾਇਆ ਸੀ। ਉਨ੍ਹਾਂ ਕਿਹਾ, "ਛੇਵੇਂ ਪੰਜਾਬ ਤਨਖਾਹ ਕਮਿਸ਼ਨ ਦੇ ਲਾਭ ਪਹਿਲੀ ਜਨਵਰੀ 2016 ਤੋਂ ਲਾਗੂ ਹੋਣੇ ਚਾਹੀਦੇ ਸਨ, ਪਰ ਇਸ ਦੀਆਂ ਸਿਫ਼ਾਰਸ਼ਾਂ ਨੂੰ ਜੁਲਾਈ 2021 ਵਿੱਚ ਲਾਗੂ ਕੀਤਾ ਗਿਆ ਸੀ। ਸਿੱਟੇ ਵਜੋਂ ਪਹਿਲੀ ਜਨਵਰੀ 2016 ਤੋਂ 30 ਜੂਨ 2021 ਦੇ ਲਗਪਗ 14,191 ਕਰੋੜ ਰੁਪਏ ਦੇ ਬਕਾਏ ਇਕੱਠੇ ਹੋ ਗਏ ਸਨ।"

ਮੁੱਖ ਮੰਤਰੀ ਨੇ ਕਿਹਾ ਕਿ ਸਾਡੀ ਸਰਕਾਰ ਨੇ ਇਸ ਲੰਬੇ ਸਮੇਂ ਤੋਂ ਲਟਕ ਰਹੀ ਵਿੱਤੀ ਦੇਣਦਾਰੀ ਨੂੰ ਯੋਜਨਾਬੱਧ ਤਰੀਕੇ ਨਾਲ ਹੱਲ ਕੀਤਾ ਹੈ ਅਤੇ 14,191 ਕਰੋੜ ਰੁਪਏ ਦੇ ਬਕਾਏ ਦੀ ਅਦਾਇਗੀ ਲਈ ਪੜਾਅਵਾਰ ਯੋਜਨਾ ਤਿਆਰ ਕੀਤੀ ਹੈ। ਉਨ੍ਹਾਂ ਕਿਹਾ, "ਅਸੀਂ ਪੈਨਸ਼ਨਰਾਂ ਨੂੰ ਪਹਿਲ ਦਿੱਤੀ ਅਤੇ ਉਨ੍ਹਾਂ ਦੇ ਬਕਾਏ ਪਹਿਲੀ ਅਪਰੈਲ 2025 ਨੂੰ ਜਾਰੀ ਕਰ ਦਿੱਤੇ ਗਏ ਸਨ। ਸੇਵਾ ਨਿਭਾ ਰਹੇ ਸਰਕਾਰੀ ਮੁਲਾਜ਼ਮਾਂ ਦੇ ਬਕਾਏ ਪਹਿਲੀ ਅਪਰੈਲ 2026 ਤੋਂ ਜਾਰੀ ਕੀਤੇ ਜਾਣੇ ਸ਼ੁਰੂ ਹੋ ਗਏ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਹੁਣ ਤੱਕ 4,891 ਕਰੋੜ ਰੁਪਏ ਦੇ ਬਕਾਏ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਬਾਕੀ ਰਹਿੰਦੇ 9,300 ਕਰੋੜ ਰੁਪਏ ਵੀ ਅਦਾ ਕੀਤੇ ਜਾਣਗੇ।"

MLA ਦੇ ਘਰ ਤੋਂ ਬਾਅਦ ਹੁਣ ਇਕ ਹਸਪਤਾਲ 'ਤੇ ਵੀ ED ਦੀ RAID!

ਸਾਂਝੀ ਖ਼ਬਰ

(ਸੰਦੀਪ ਸਿੰਘ)
ਬਾਘਾਪੁਰਾਣਾ, 04 ਨਵੰਬਰ



ਆਮ ਆਦਮੀ ਪਾਰਟੀ ਵੱਲੋਂ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕੁਝ ਦਿਨ ਪਹਿਲਾਂ 40 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਗਈ ਸੀ, ਜਿਸ ਵਿਚ ਮੋਗਾ ਵਿਧਾਨ ਸਭਾ ਹਲਕੇ ਤੋਂ ਮੌਜੂਦਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਮੁੜ ਪਾਰਟੀ ਦਾ ਉਮੀਦਵਾਰ ਐਲਾਨਿਆ ਗਿਆ ਹੈ। ਇਸੇ ਦੌਰਾਨ ਆਉਣਾ ਦੇ ਘਰ ਮੋਗਾ ਵਿਖੇ ਤੜਕਸਾਰ ਤੋਂ ਈ ਡੀ ਦੀ ਰੇਡ ਚੱਲ ਰਹੀ ਸੀ ਅਤੇ ਉਸ ਤੋਂ ਬਾਘਾਪੁਰਾਣਾ ਦੇ ਮੋਗਾ ਰੋਡ 'ਤੇ ਸਥਿਤ ਅਸ਼ੀਰਵਾਦ ਨਸ਼ਾ ਛੁਡਾਊ ਹਸਪਤਾਲ ਵਿਖੇ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੀ ਟੀਮ ਵੱਲੋਂ ਛਾਪੇਮਾਰੀ ਕੀਤੇ ਜਾਣ ਦੀ ਖ਼ਬਰ ਸਾਹਮਣੇ ਆਈ ਹੈ।

ਮਿਲੀ ਜਾਣਕਾਰੀ ਅਨੁਸਾਰ ਈ.ਡੀ. ਦੀ ਇਸ ਕਾਰਵਾਈ ਨੂੰ ਲੈ ਕੇ ਇਲਾਕੇ ਵਿਚ ਕਾਫ਼ੀ ਚਰਚਾ ਹੈ। ਸੂਤਰਾਂ ਵੱਲੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਉਕਤ ਹਸਪਤਾਲ ਦਾ ਸਬੰਧ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਦੇ ਪਤੀ ਡਾ. ਰਾਕੇਸ਼ ਅਰੋੜਾ ਨਾਲ ਹੈ। ਹਾਲਾਂਕਿ ਛਾਪੇਮਾਰੀ ਦੇ ਅਸਲ ਕਾਰਨਾਂ ਅਤੇ ਜਾਂਚ ਸਬੰਧੀ ਅਧਿਕਾਰਤ ਤੌਰ 'ਤੇ ਕੋਈ ਪੁਸ਼ਟੀ ਸਾਹਮਣੇ ਆਉਣੀ ਬਾਕੀ ਹੈ।

ਪੰਜਾਬ ''ਚ ਚੋਣਾਂ ਤੋਂ ਪਹਿਲਾਂ ਰਾਹੁਲ ਗਾਂਧੀ ਦਾ ਸਿਆਸੀ ਧਮਾਕਾ, ਸਰਕਾਰ ਬਣਾਉਣ ਬਾਰੇ ਦਿੱਤਾ ਵੱਡਾ ਬਿਆਨ

ਸਾਂਝੀ ਖ਼ਬਰ

(ਸੰਦੀਪ ਸਿੰਘ)
ਸੰਗਰੂਰ, 04 ਨਵੰਬਰ



ਸੰਗਰੂਰ ਵਿਖੇ ਕਾਂਗਰਸ ਦੀ ਇਨਸਾਫ਼ ਰੈਲੀ ਨੂੰ ਸੰਬੋਧਨ ਕਰਦਿਆਂ ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਪੰਜਾਬ 'ਚ ਨਸ਼ਿਆਂ ਨੂੰ ਲੈ ਕੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਨੇ ਕਿਹਾ ਕਿ ਪੰਜਾਬ 'ਚ ਨਸ਼ਾ ਬੁਰੀ ਤਰ੍ਹਾਂ ਫੈਲ ਰਿਹਾ ਹੈ। ਪੰਜਾਬ ਨੂੰ ਅਜਿਹਾ ਵਿਅਕਤੀ ਚਾਹੀਦਾ ਹੈ, ਜੋ ਸਿਰਫ ਪੰਜਾਬ ਲਈ ਲੜੇ। ਰਾਹੁਲ ਗਾਂਧੀ ਨੇ ਕਿਹਾ ਕਿ ਸਾਡੀ ਪਾਰਟੀ ਪੰਜਾਬ ਦੀ ਸਰਕਾਰ ਨੂੰ ਪੰਜਾਬ ਤੋਂ ਚਲਾਉਂਦੀ ਹੈ ਅਤੇ ਹੁਣ ਵੀ ਅਜਿਹਾ ਹੀ ਹੋਵੇਗਾ।

ਸਾਡਾ ਮੁੱਖ ਮੰਤਰੀ ਪੰਜਾਬ ਦਾ ਮੁੱਖ ਮੰਤਰੀ ਹੁੰਦਾ ਹੈ। ਉਨ੍ਹਾਂ ਨੇ ਲੋਕਾਂ ਨੂੰ ਪੰਜਾਬ 'ਚ ਕਾਂਗਰਸ ਪਾਰਟੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਨੇ ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੂੰ ਡਿਬੇਟ ਕਰਨ ਦੀ ਵੀ ਚੁਣੌਤੀ ਦਿੱਤੀ। ਇਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਬਾਰੇ ਬੋਲਦਿਆਂ ਰਾਹੁਲ ਗਾਂਧੀ ਨੇ ਕਿਹਾ ਕਿ ਅਮਿਤ ਸ਼ਾਹ ਦਾ ਕਹਿਣਾ ਹੈ ਕਿ 3 ਸਾਲਾਂ 'ਚ ਪੰਜਾਬ 'ਚੋਂ ਨਸ਼ੇ ਖ਼ਤਮ ਕਰ ਦੇਣਗੇ।

ਉਨ੍ਹਾਂ ਕਿਹਾ ਕਿ ਗੁਜਰਾਤ 'ਚੋਂ ਹਜ਼ਾਰਾਂ ਕਿੱਲੋ ਦਾ ਨਸ਼ਾ ਫੜ੍ਹਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਅਜਿਹੀ ਸਰਕਾਰ ਚਾਹੀਦੀ ਹੈ, ਜੋ ਪੰਜਾਬ ਲਈ ਕੰਮ ਕਰੇ। ਜੇਕਰ ਕਾਂਗਰਸ ਪਾਰਟੀ ਆਉਂਦੀ ਹੈ ਤਾਂ ਤੁਹਾਡਾ ਤਜੁਰਬਾ ਹੈ ਕਿ ਦਿੱਲੀ ਤੋਂ ਪੰਜਾਬ ਦੀ ਸਰਕਾਰ ਨਹੀਂ ਚੱਲਦੀ।

''ਅਗਨੀਵੀਰਾਂ'' ਲਈ ਕੇਂਦਰ ਸਰਕਾਰ ਨੇ ਕੀਤਾ ਵੱਡਾ ਐਲਾਨ

ਸਾਂਝੀ ਖ਼ਬਰ

(ਸੁਖਜੀਤ ਕੌਰ)
ਨਵੀਂ ਦਿੱਲੀ, 04 ਨਵੰਬਰ



ਕੇਂਦਰ ਸਰਕਾਰ ਨੇ 4 ਸਾਲਾਂ ਲਈ ਭਾਰਤੀ ਫ਼ੌਜ 'ਚ ਭਰਤੀ ਹੋਏ 'ਅਗਨੀਵੀਰਾਂ' ਲਈ ਵੱਡਾ ਐਲਾਨ ਕੀਤਾ ਹੈ। ਹੁਣ ਆਪਣੀ 4 ਸਾਲਾਂ ਦੀ ਸਰਵਿਸ ਪੂਰੀ ਕਰਨ ਵਾਲੇ 'ਅਗਨੀਵੀਰਾਂ' ਨੂੰ ਅਗਲੇ 2 ਸਾਲਾਂ ਲਈ ਹੋਰ ਸੇਵਾ ਕਰਨ ਦਾ ਆਪਸ਼ਨ ਮਿਲੇਗਾ, ਜਿਸ ਨਾਲ ਉਹ ਕੁੱਲ 6 ਸਾਲਾਂ ਤੱਕ ਭਾਰਤੀ ਫ਼ੌਜ 'ਚ ਸੇਵਾ ਨਿਭਾ ਸਕਣਗੇ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰੀ ਕੈਬਿਨਟ ਦੁਆਰਾ ਲਏ ਗਏ ਇਸ ਫੈਸਲੇ ਦਾ ਐਲਾਨ ਚੀਫ਼ ਆਫ਼ ਡਿਫੈਂਸ ਸਟਾਫ਼ (CDS) ਜਨਰਲ ਐੱਨ.ਐੱਸ. ਰਾਜਾ ਸੁਬਰਾਮਣੀ ਨੇ ਬੁੱਧਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਇਸ ਫ਼ੈਸਲੇ ਮੁਤਾਬਕ 4 ਸਾਲਾਂ ਦੀ ਸੇਵਾ ਤੋਂ ਬਾਅਦ 25 ਫੀਸਦੀ ਅਗਨੀਵੀਰਾਂ ਨੂੰ ਭਾਰਤੀ ਫੌਜ 'ਚ ਸਿੱਧੇ ਪੱਕੇ ਤੌਰ 'ਤੇ ਭਰਤੀ ਕੀਤਾ ਜਾਵੇਗਾ, ਜਦਕਿ ਬਾਕੀ 75 ਫੀਸਦੀ ਅਗਨੀਵੀਰਾਂ ਨੂੰ ਵਾਪਸ ਭੇਜਣ ਦੀ ਬਜਾਏ, ਉਨ੍ਹਾਂ ਨੂੰ 2 ਸਾਲ ਦੀ ਵਾਧੂ ਸੇਵਾ ਕਰਨ ਦਾ ਮੌਕਾ ਦਿੱਤਾ ਜਾਵੇਗਾ।

ਸੀ.ਡੀ.ਐੱਸ. ਜਨਰਲ ਸੁਬਰਾਮਣੀ ਅਨੁਸਾਰ, ਇਹ ਵਾਧੂ 2 ਸਾਲ ਦੀ ਸੇਵਾ ਪੂਰੀ ਕਰਨ ਤੋਂ ਬਾਅਦ ਇਨ੍ਹਾਂ ਸਾਰੇ ਅਗਨੀਵੀਰਾਂ ਨੂੰ ਫਿਰ ਤੋਂ ਭਾਰਤੀ ਫੌਜ 'ਚ ਪੱਕੇ ਤੌਰ 'ਤੇ ਭਰਤੀ ਹੋਣ ਦਾ ਮੌਕਾ ਮਿਲੇਗਾ। ਇਹ ਪ੍ਰਕਿਰਿਆ ਅਗਨੀਵੀਰਾਂ ਦੀ ਇੱਛਾ ਅਤੇ ਸਿਲੈਕਸ਼ਨ ਦੇ ਮਾਪਦੰਡਾਂ 'ਤੇ ਆਧਾਰਿਤ ਹੋਵੇਗੀ। 2 ਸਾਲ ਦੀ ਵਾਧੂ ਸੇਵਾ ਦਾ ਆਪਸ਼ਨ ਲੈਣ ਵਾਲੇ ਅਗਨੀਵੀਰਾਂ ਨੂੰ ਪਹਿਲਾਂ ਨਾਲੋਂ ਵੱਧ ਤਨਖਾਹ ਅਤੇ ਵਧੇ ਹੋਏ ਫੰਡ ਲਾਭ ਮਿਲਣਗੇ, ਜਿਸ ਨਾਲ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਵੀ ਵੱਡਾ ਫਾਇਦਾ ਹੋਵੇਗਾ।

ਅਗਨੀਵੀਰਾਂ ਦੀ ਕਾਰਗੁਜ਼ਾਰੀ ਦਾ ਸਮੇਂ-ਸਮੇਂ 'ਤੇ ਮੁਲਾਂਕਣ ਕੀਤਾ ਜਾਵੇਗਾ, ਜਿਸ 'ਚ ਉਨ੍ਹਾਂ ਦੀ ਸਰੀਰਕ ਫਿੱਟਨੈੱਸ, ਅਨੁਸ਼ਾਸਨ, ਮਨੋਬਲ ਅਤੇ ਤਕਨੀਕੀ ਮਾਹਰਤ ਸ਼ਾਮਲ ਹੋਵੇਗੀ। ਜ਼ਿਕਰਯੋਗ ਹੈ ਕਿ ਅਗਨੀਵੀਰਾਂ ਦਾ ਸਭ ਤੋਂ ਪਹਿਲਾ ਬੈਚ ਇਸੇ ਮਹੀਨੇ ਆਪਣੀ 4 ਸਾਲਾਂ ਦੀ ਸੇਵਾ ਪੂਰੀ ਕਰ ਰਿਹਾ ਹੈ। ਸਰਕਾਰ ਦੇ ਇਸ ਫੈਸਲੇ ਨਾਲ ਪਹਿਲੇ ਬੈਚ ਦੇ ਹਜ਼ਾਰਾਂ ਨੌਜਵਾਨਾਂ ਨੂੰ ਤੁਰੰਤ ਵੱਡਾ ਲਾਭ ਮਿਲੇਗਾ।

ਜਾਅਲੀ ਡਿਗਰੀ ਮਾਮਲਾ: ਆਬਕਾਰੀ ਤੇ ਕਰ ਵਿਭਾਗ ਵੱਲੋਂ ਵੱਡੀ ਕਾਰਵਾਈ, 60 ਤੋਂ ਵੱਧ ਇੰਸਪੈਕਟਰਾਂ ਨੂੰ ਰਿਵਰਟ ਕਰਨ ਲਈ ਨੋਟਿਸ

ਸਾਂਝੀ ਖ਼ਬਰ

ਪਟਿਆਲਾ, (ਗੁਰਜੀਤ ਕੌਰ) ਪੰਜਾਬ ਦੇ ਆਬਕਾਰੀ ਤੇ ਕਰ ਵਿਭਾਗ ਵਿੱਚ ਡਿਸਟੈਂਸ ਐਜੂਕੇਸ਼ਨ ਰਾਹੀਂ ਪ੍ਰਾਪਤ ਕੀਤੀਆਂ ਗੈਰ-ਮਾਨਤਾ ਪ੍ਰਾਪਤ ਡਿਗਰੀਆਂ ਦੇ ਸਹਾਰੇ ਤਰੱਕੀ ਹਾਸਲ ਕਰਨ ਵਾਲੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਖ਼ਿਲਾਫ਼ ਵਿਭਾਗ ਨੇ ਸਖ਼ਤ ਰੁਖ਼ ਅਖ਼ਤਿਆਰ ਕਰ ਲਿਆ ਹੈ। ਆਬਕਾਰੀ ਤੇ ਕਰ ਕਮਿਸ਼ਨਰ ਦਫ਼ਤਰ, ਪਟਿਆਲਾ ਵੱਲੋਂ ਜਾਰੀ ਹੁਕਮਾਂ ਅਨੁਸਾਰ 60 ਤੋਂ ਵੱਧ ਮੌਜੂਦਾ, ਪਦ-ਉੱਨਤ ਅਤੇ ਸੇਵਾ-ਮੁਕਤ ਆਬਕਾਰੀ ਤੇ ਕਰ ਨਿਰੀਖਕਾਂ ਨੂੰ ਪਿਛਲੀ ਅਸਾਮੀ 'ਤੇ ਰਿਵਰਟ ਕਰਨ ਸਬੰਧੀ 'ਕਾਰਨ ਦੱਸੋ' ਨੋਟਿਸ ਜਾਰੀ ਕੀਤੇ ਗਏ ਹਨ।

ਜਾਰੀ ਕੀਤੇ ਗਏ ਪੱਤਰਾਂ ਅਨੁਸਾਰ, 'ਪੰਜਾਬ ਆਬਕਾਰੀ ਤੇ ਕਰ ਇੰਸਪੈਕਟਰ (ਗਰੁੱਪ-ਸੀ) ਸਰਵਿਸਿਜ਼ ਰੂਲਜ਼, 2008' ਦੇ ਨਿਯਮ ਮੁਤਾਬਕ ਆਬਕਾਰੀ ਤੇ ਕਰ ਨਿਰੀਖਕ ਵਜੋਂ ਪਦ-ਉੱਨਤੀ ਲਈ ਕਿਸੇ ਮਾਨਤਾ ਪ੍ਰਾਪਤ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਦੀ ਡਿਗਰੀ ਹੋਣਾ ਲਾਜ਼ਮੀ ਹੈ। ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਕਈ ਮੁਲਾਜ਼ਮਾਂ ਵੱਲੋਂ ਦੂਜੇ ਰਾਜਾਂ ਦੀਆਂ ਡੀਮਡ ਜਾਂ ਨਿੱਜੀ ਯੂਨੀਵਰਸਿਟੀਆਂ ਜਿਵੇਂ ਕਿ ਅਲਾਗੱਪਾ ਯੂਨੀਵਰਸਿਟੀ ਤਾਮਿਲਨਾਡੂ ਅਤੇ ਇੰਸਟੀਚਿਊਟ ਆਫ਼ ਐਡਵਾਂਸਡ ਸਟੱਡੀਜ਼ ਇਨ ਐਜੂਕੇਸ਼ਨ ਰਾਜਸਥਾਨ ਤੋਂ ਡਿਸਟੈਂਸ ਮੋਡ ਰਾਹੀਂ ਬੀ.ਏ. ਦੀਆਂ ਡਿਗਰੀਆਂ ਹਾਸਲ ਕੀਤੀਆਂ ਗਈਆਂ ਸਨ। ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਅਤੇ ਡਿਸਟੈਂਸ ਐਜੂਕੇਸ਼ਨ ਕੌਂਸਲ ਦੇ ਨਿਯਮਾਂ ਅਨੁਸਾਰ, ਯੂਨੀਵਰਸਿਟੀਆਂ ਨੂੰ ਆਪਣੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਦੂਰਵਰਤੀ ਸਿੱਖਿਆ ਰਾਹੀਂ ਅਜਿਹੀਆਂ ਡਿਗਰੀਆਂ ਦੇਣ ਦੀ ਮਾਨਤਾ ਨਹੀਂ ਹੈ। ਇਸ ਲਈ ਵਿਭਾਗ ਵੱਲੋਂ ਇਨ੍ਹਾਂ ਡਿਗਰੀਆਂ ਨੂੰ ਗੈਰ ਕਾਨੂੰਨੀ ਕਰਾਰ ਦਿੱਤਾ ਗਿਆ ਹੈ, ਜਿਸ ਕਾਰਨ ਇਹ ਮੁਲਾਜ਼ਮ ਤਰੱਕੀ ਲਈ ਲੋੜੀਂਦੀ ਵਿੱਦਿਅਕ ਯੋਗਤਾ ਪੂਰੀ ਨਹੀਂ ਕਰਦੇ।

ਵਧੀਕ ਆਬਕਾਰੀ ਤੇ ਕਰ ਕਮਿਸ਼ਨਰ (ਪ੍ਰਸ਼ਾਸਨ) ਵੱਲੋਂ ਸਬੰਧਤ ਅਧਿਕਾਰੀਆਂ ਤੇ ਕਰਮ-ਚਾਰੀਆਂ ਨੂੰ ਸਿਧਾਂਤਕ ਤੌਰ 'ਤੇ ਪਿਛਲੀ ਅਸਾਮੀ 'ਤੇ ਰਿਵਰਟ ਕਰਨ ਦਾ ਫ਼ੈਸਲਾ ਲੈਂਦਿਆਂ ਨਿੱਜੀ ਸੁਣਵਾਈ ਦਾ ਮੌਕਾ ਦਿੱਤਾ ਗਿਆ ਹੈ। ਨੋਟਿਸ ਰਾਹੀਂ ਹਦਾਇਤ ਕੀਤੀ ਗਈ ਹੈ ਕਿ ਉਹ 5 ਨਵੰਬਰ ਨੂੰ ਸਵੇਰੇ ਪਟਿਆਲਾ ਸਥਿਤ ਦਫ਼ਤਰ ਵਿਖੇ ਪੇਸ਼ ਹੋ ਕੇ ਆਪਣਾ ਪੱਖ ਰੱਖਣ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਨਿਰਧਾਰਿਤ ਮਿਤੀ 'ਤੇ ਗੈਰ-ਹਾਜ਼ਰ ਰਹਿਣ ਦੀ ਸੂਰਤ ਵਿੱਚ ਇਹ ਮੰਨਿਆ ਜਾਵੇਗਾ ਕਿ ਉਹ ਕੁਝ ਨਹੀਂ ਕਹਿਣਾ ਚਾਹੁੰਦੇ ਅਤੇ ਬਿਨਾਂ ਕੋਈ ਹੋਰ ਨੋਟਿਸ ਦਿੱਤੇ ਨਿਯਮਾਂ ਅਨੁਸਾਰ ਰਿਵਰਟ ਕਰਨ ਦੀ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

LPU ਮਾਮਲੇ ''ਤੇ ਹਾਈਕੋਰਟ ਸਖ਼ਤ! NIA ਨੂੰ ਸੌਂਪੀ ਜਾ ਸਕਦੀ ਹੈ ਜਾਂਚ, ਸਰਕਾਰ ਨੂੰ ਰਿਪੋਰਟ ਦੇਣ ਲਈ ਕਿਹਾ

ਸਾਂਝੀ ਖ਼ਬਰ

(ਗਗਨਦੀਪ ਕੌਰ)
ਚੰਡੀਗੜ੍ਹ/ਫਗਵਾੜਾ,





ਫਗਵਾੜਾ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਚ ਕੀਤੇ ਗਏ ਪ੍ਰਦਰਸ਼ਨ ਦੇ ਮਾਮਲੇ 'ਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸਖ਼ਤ ਰੁੱਖ ਅਪਣਾਇਆ ਹੈ। ਅਦਾਲਤ ਨੇ ਪੰਜਾਬ ਸਰਕਾਰ ਨੂੰ ਮਾਮਲੇ ਦੀ ਜਾਂਚ ਨਾਲ ਜੁੜੀ ਰਿਪੋਰਟ 72 ਘੰਟਿਆਂ ਦੇ ਅੰਦਰ ਕੇਂਦਰ ਸਰਕਾਰ ਨੂੰ ਸੌਂਪਣ ਦੇ ਹੁਕਮ ਦਿੱਤੇ ਹਨ।

ਮੁੱਖ ਜੱਜ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਇਹ ਆਦੇਸ਼ ਐੱਲ. ਪੀ. ਯੂ. ਦੇ ਵਿਦਿਆਰਥੀ ਰਵੀ ਰਾਜ ਵੱਲੋਂ ਦਾਇਰ ਕੀਤੀ ਗਈ ਇਕ ਜਨਹਿਤ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਦਿੱਤੇ। ਪਟੀਸ਼ਨ 'ਚ ਯੂਨੀਵਰਸਿਟੀ ਨਾਲ ਜੁੜੇ ਮਾਮਲੇ ਦੀ ਨਿਰਪੱਖ ਜਾਂਚ ਕਿਸੇ ਸੁਤੰਤਰ ਏਜੰਸੀ ਤੋਂ ਕਰਵਾਉਣ ਦੀ ਮੰਗ ਕੀਤੀ ਗਈ ਸੀ। ਸੁਣਵਾਈ ਦੌਰਾਨ ਅਦਾਲਤ ਦੇ ਸਾਹਮਣੇ ਆਇਆ ਕਿ ਪੰਜਾਬ ਪੁਲਸ ਨੇ ਇਸ ਮਾਮਲੇ 'ਚ ਆਈ. ਟੀ. ਐਕਟ ਦੀ ਧਾਰਾ 66-ਐੱਫ਼ (Section 66F) ਲਗਾਈ ਹੈ, ਜੋਕਿ ਸਾਈਬਰ ਅੱਤਵਾਦ ਨਾਲ ਜੁੜੇ ਅਪਰਾਧਾਂ ਲਈ ਹੁੰਦੀ ਹੈ। ਅਦਾਲਤ ਨੇ ਇਸ ਕਾਨੂੰਨੀ ਪਹਿਲੂ ਨੂੰ ਮਹੱਤਵਪੂਰਨ ਮੰਨਿਆ ਕਿਉਂਕਿ ਆਈ. ਟੀ. ਐਕਟ ਦੀ ਧਾਰਾ 66-ਐੱਫ਼ ਦੇ ਤਹਿਤ ਆਉਂਦੇ ਅਪਰਾਧ ਐੱਨ. ਆਈ. ਏ. (NIA) ਐਕਟ ਦੇ ਅਧੀਨ ਆਉਂਦੇ ਹਨ। ਇਸੇ ਵਜ੍ਹਾ ਕਰਕੇ ਮਾਮਲੇ ਦੀ ਜਾਂਚ NIA ਨੂੰ ਸੌਂਪਣ ਬਾਰੇ ਵਿਚਾਰ ਕੀਤਾ ਜਾ ਰਿਹਾ ਹੈ।

ਹਾਈਕੋਰਟ ਨੇ ਨਿਰਦੇਸ਼ ਦਿੱਤਾ ਹੈ ਕਿ ਪੰਜਾਬ ਸਰਕਾਰ 72 ਘੰਟਿਆਂ 'ਚ ਆਪਣੀ ਰਿਪੋਰਟ ਕੇਂਦਰ ਨੂੰ ਭੇਜੇਗੀ। ਇਸ ਤੋਂ ਬਾਅਦ ਕੇਂਦਰ ਸਰਕਾਰ ਰਿਪੋਰਟ ਮਿਲਣ ਦੇ 7 ਦਿਨਾਂ ਦੇ ਅੰਦਰ ਇਹ ਫ਼ੈਸਲਾ ਲਵੇਗੀ ਕਿ ਜਾਂਚ NIA ਨੂੰ ਸੌਂਪੀ ਜਾਵੇ ਜਾਂ ਨਹੀਂ। ਇਨ੍ਹਾਂ ਆਦੇਸ਼ਾਂ ਦੇ ਨਾਲ ਹੀ ਅਦਾਲਤ ਨੇ ਮਾਮਲੇ ਦੀ ਸੁਣਵਾਈ ਮੁਲਤਵੀ ਕਰ ਦਿੱਤੀ ਹੈ।

ਸਾਂਝੀ ਖ਼ਬਰ
ਵੀਰਵਾਰ , 05 ਨਵੰਬਰ 2026

ਆਚਾਰੀਆ ਮਨੀਸ਼ ਜੀ ਨੇ ਆਯੁਰਵੇਦ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਸਿਹਤਮੰਦ ਭਾਰਤ ਦੀ ਸਿਰਜਣਾ 'ਤੇ ਦਿੱਤਾ ਜ਼ੋਰ

ਸਾਂਝੀ ਖ਼ਬਰ

HIIMS – ਜੀਨਾ ਸਿੱਖੋ ਹਸਪਤਾਲ, ਡੇਰਾਬੱਸੀ ਵਿਖੇ ਮੀਡੀਆ ਨਾਲ ਗ਼ੈਰ-ਰਸਮੀ ਮੁਲਾਕਾਤ ਅਤੇ ਖੁੱਲ੍ਹਾ ਸੰਵਾਦ; ਆਯੁਰਵੇਦ ਦੇ ਪ੍ਰਚਾਰ, ਸਮਾਜਿਕ ਪਹਿਲਕਦਮੀਆਂ ਅਤੇ ਭਾਰਤੀ ਚਿਕਿਤਸਾ ਪ੍ਰਣਾਲੀ ਦੀ ਮਹੱਤਤਾ 'ਤੇ ਹੋਈ ਚਰਚਾ



ਡੇਰਾਬੱਸੀ, 4 ਨਵੰਬਰ

ਆਯੁਰਵੇਦ ਦੀ ਮਹੱਤਤਾ, ਭਾਰਤੀ ਚਿਕਿਤਸਾ ਪ੍ਰਣਾਲੀ ਨੂੰ ਉਤਸ਼ਾਹਿਤ ਕਰਨ ਅਤੇ ਸਿਹਤਮੰਦ ਭਾਰਤ ਦੇ ਨਿਰਮਾਣ ਦੇ ਉਦੇਸ਼ ਨਾਲ ਅੱਜ HIIMS – ਜੀਨਾ ਸਿੱਖੋ ਹਸਪਤਾਲ, ਡੇਰਾਬੱਸੀ ਵਿਖੇ ਆਚਾਰੀਆ ਮਨੀਸ਼ ਜੀ ਨਾਲ ਮੀਡੀਆ ਦੀ ਇੱਕ ਗੈਰ-ਰਸਮੀ ਮਿਲਣੀ ਅਤੇ ਸੰਵਾਦ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਮੀਡੀਆ ਪ੍ਰਤੀਨਿਧੀਆਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਆਯੁਰਵੇਦ ਦੇ ਵੱਖ-ਵੱਖ ਪਹਿਲੂਆਂ, ਇਸ ਦੀ ਮਹੱਤਤਾ ਅਤੇ ਆਧੁਨਿਕ ਜੀਵਨਸ਼ੈਲੀ ਵਿੱਚ ਇਸ ਦੀ ਭੂਮਿਕਾ ਬਾਰੇ ਚਰਚਾ ਹੋਈ।

ਗੱਲਬਾਤ ਦੌਰਾਨ ਆਚਾਰੀਆ ਮਨੀਸ਼ ਜੀ ਨੇ ਆਯੁਰਵੇਦ ਨੂੰ ਭਾਰਤ ਦੀ ਅਮੀਰ ਗਿਆਨ ਅਤੇ ਚਿਕਿਤਸਾ ਪਰੰਪਰਾ ਦਾ ਅਹਿਮ ਹਿੱਸਾ ਦੱਸਦਿਆਂ ਕਿਹਾ ਕਿ ਇਸ ਨੂੰ ਸਿਰਫ਼ ਇੱਕ ਇਲਾਜ ਪ੍ਰਣਾਲੀ ਵਜੋਂ ਹੀ ਨਹੀਂ, ਸਗੋਂ ਸਿਹਤਮੰਦ ਜੀਵਨਸ਼ੈਲੀ ਅਤੇ ਸਮੁੱਚੀ ਸਿਹਤ ਨਾਲ ਜੁੜੇ ਨਜ਼ਰੀਏ ਵਜੋਂ ਵੀ ਸਮਝਣ ਦੀ ਲੋੜ ਹੈ। ਉਨ੍ਹਾਂ ਨੇ ਆਯੁਰਵੇਦ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਇਸ ਨੂੰ ਦੇਸ਼ ਦੇ ਹਰ ਵਰਗ ਤੱਕ ਪਹੁੰਚਾਉਣ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।

ਉਨ੍ਹਾਂ ਨੇ ਭਾਰਤ ਵਿੱਚ ਆਯੁਰਵੇਦ ਨੂੰ ਉਤਸ਼ਾਹਿਤ ਕਰਨ, ਇਸ ਦੇ ਵਿਆਪਕ ਪ੍ਰਚਾਰ ਅਤੇ ਲੋਕਾਂ ਨੂੰ ਰਵਾਇਤੀ ਭਾਰਤੀ ਚਿਕਿਤਸਾ ਪ੍ਰਣਾਲੀਆਂ ਨਾਲ ਜੋੜਨ ਲਈ ਕੀਤੇ ਜਾ ਰਹੇ ਯਤਨਾਂ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਸਹੀ ਜਾਣਕਾਰੀ, ਜਾਗਰੂਕਤਾ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਨਾਲ ਆਯੁਰਵੇਦ ਦਾ ਪ੍ਰਸਾਰ ਸਮੇਂ ਦੀ ਲੋੜ ਹੈ।

ਇਸ ਮੌਕੇ ਆਚਾਰੀਆ ਮਨੀਸ਼ ਜੀ ਵੱਲੋਂ ਸਮਾਜ ਭਲਾਈ ਅਤੇ ਲੋਕ-ਕਲਿਆਣ ਲਈ ਕੀਤੀਆਂ ਜਾ ਰਹੀਆਂ ਵੱਖ-ਵੱਖ ਸਮਾਜਿਕ ਪਹਿਲਕਦਮੀਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਹੋਈ। ਉਨ੍ਹਾਂ ਨੇ ਸਮਾਜ ਦੀ ਸਿਹਤ, ਜਾਗਰੂਕਤਾ ਅਤੇ ਬਿਹਤਰ ਜੀਵਨਸ਼ੈਲੀ ਨੂੰ ਉਤਸ਼ਾਹਿਤ ਕਰਨ ਲਈ ਸਾਂਝੇ ਯਤਨਾਂ ਦੀ ਮਹੱਤਤਾ ਉਜਾਗਰ ਕੀਤੀ।

ਪ੍ਰੋਗਰਾਮ ਦੌਰਾਨ ਮੀਡੀਆ ਪ੍ਰਤੀਨਿਧੀਆਂ ਨੇ ਆਯੁਰਵੇਦ, ਭਾਰਤੀ ਚਿਕਿਤਸਾ ਪ੍ਰਣਾਲੀ, ਸਿਹਤ ਜਾਗਰੂਕਤਾ ਅਤੇ ਸਮਾਜਿਕ ਸਰੋਕਾਰਾਂ ਨਾਲ ਜੁੜੇ ਵੱਖ-ਵੱਖ ਸਵਾਲ ਪੁੱਛੇ। ਖੁੱਲ੍ਹੇ ਪ੍ਰਸ਼ਨ-ਉੱਤਰ ਸੈਸ਼ਨ ਦੌਰਾਨ ਆਚਾਰੀਆ ਮਨੀਸ਼ ਜੀ ਨੇ ਸਵਾਲਾਂ ਦੇ ਜਵਾਬ ਦਿੱਤੇ ਅਤੇ ਆਪਣੇ ਵਿਚਾਰ ਸਾਂਝੇ ਕੀਤੇ।

ਉਨ੍ਹਾਂ ਨੇ 'ਸਿਹਤਮੰਦ ਭਾਰਤ – ਆਯੁਰਵੇਦਿਕ ਭਾਰਤ' ਦੇ ਸੰਕਲਪ ਨੂੰ ਅੱਗੇ ਵਧਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜਦੋਂ ਦੇਸ਼ ਦਾ ਹਰ ਨਾਗਰਿਕ ਆਪਣੀ ਸਿਹਤ ਪ੍ਰਤੀ ਜਾਗਰੂਕ ਹੋਵੇਗਾ ਅਤੇ ਭਾਰਤੀ ਚਿਕਿਤਸਾ ਪਰੰਪਰਾਵਾਂ ਦੀ ਮਹੱਤਤਾ ਨੂੰ ਸਮਝੇਗਾ, ਤਾਂ ਹੀ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਵੱਲ ਸਾਰਥਕ ਕਦਮ ਚੁੱਕੇ ਜਾ ਸਕਣਗੇ।

ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਮੀਡੀਆ ਨਾਲ ਸਿੱਧਾ ਸੰਵਾਦ ਸਥਾਪਿਤ ਕਰਨਾ ਅਤੇ ਆਯੁਰਵੇਦ, ਸਮਾਜਿਕ ਜ਼ਿੰਮੇਵਾਰੀ ਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੁੜੇ ਵਿਸ਼ਿਆਂ 'ਤੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨਾ ਸੀ।

ਇਹ ਪ੍ਰੋਗਰਾਮ HIIMS – ਜੀਨਾ ਸਿੱਖੋ ਹਸਪਤਾਲ ਦੀ ਟੀਮ ਵੱਲੋਂ ਆਯੋਜਿਤ ਕੀਤਾ ਗਿਆ। ਇਸ ਮੌਕੇ ਮੀਡੀਆ ਪ੍ਰਤੀਨਿਧੀਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।

ਦਿਵਾਲੀ ਦੇ ਪਾਵਨ ਤਿਉਹਾਰ 'ਤੇ BJP ਆਗੂ ਸੰਜੀਵ ਖੰਨਾ ਦੀ ਵੱਡੀ ਕੋਸ਼ਿਸ਼

ਸਾਂਝੀ ਖ਼ਬਰ

ਡੇਰਾ ਬੱਸੀ ਹਲਕਾ ਮੇਰਾ ਆਪਣਾ ਪਰਿਵਾਰ ਹੈ, ਮੇਰੇ ਪਰਿਵਾਰ ਦਾ ਕੋਈ ਵੀ ਮੈਂਬਰ ਖੁਸ਼ੀਆਂ ਤੋਂ ਵਾਂਝਾ ਨਾ ਰਹੇ: ਸੰਜੀਵ ਖੰਨਾ

- ਡੇਰਾ ਬੱਸੀ ਹਲਕੇ ਦੇ ਸਾਰੇ ਦੁਕਾਨਦਾਰਾਂ ਨੂੰ ਮਿਠਾਈ ਵੰਡੀ ਜਾਵੇਗੀ



PS Mittha

ਜ਼ੀਰਕਪੁਰ 4 ਨਵੰਬਰ:

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੇ ਪਾਵਨ ਮੌਕੇ 'ਤੇ ਡੇਰਾ ਬੱਸੀ ਹਲਕੇ ਵਿੱਚ ਖੁਸ਼ੀਆਂ ਵੰਡਣ ਦੇ ਮਕਸਦ ਨਾਲ ਸੀਨੀਅਰ ਆਗੂ ਅਤੇ ਹਲਕਾ ਇੰਚਾਰਜ ਸੰਜੀਵ ਖੰਨਾ ਨੇ ਬਹੁਤ ਹੀ ਸ਼ਲਾਘਾਯੋਗ ਅਤੇ ਚੰਗੀ ਕੋਸ਼ਿਸ਼ ਕੀਤੀ ਹੈ। ਸੰਜੀਵ ਖੰਨਾ ਨੇ ਐਲਾਨ ਕੀਤਾ ਹੈ ਕਿ ਦਿਵਾਲੀ ਦੀਆਂ ਖੁਸ਼ੀਆਂ ਵੰਡਦਿਆਂ ਹਲਕੇ ਦੇ ਸਾਰੇ ਦੁਕਾਨਦਾਰਾਂ ਨੂੰ ਮਿਠਾਈ ਦੇ ਡੱਬੇ ਭੇਂਟ ਕੀਤੇ ਜਾਣਗੇ, ਤਾਂ ਜੋ ਸਾਰੇ ਲੋਕ ਇਸ ਤਿਉਹਾਰ ਨੂੰ ਉਤਸ਼ਾਹ ਅਤੇ ਖੁਸ਼ੀ ਨਾਲ ਮਨਾ ਸਕਣ।

ਇਸ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਸੰਜੀਵ ਖੰਨਾ ਪਹਿਲਾਂ ਡੇਰਾ ਬੱਸੀ ਹਲਕੇ ਦੇ ਸਾਰੇ ਪਿੰਡਾਂ ਵਿੱਚ ਜਾ ਕੇ ਖਾਸ ਕਰਕੇ ਲੋੜਵੰਦ ਪਰਿਵਾਰਾਂ ਅਤੇ ਬੱਚਿਆਂ ਨੂੰ ਮਿਠਾਈ ਅਤੇ ਪਟਾਕੇ ਵੰਡ ਚੁੱਕੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਦਿਵਾਲੀ ਦਾ ਤਿਉਹਾਰ ਰੋਸ਼ਨੀ ਅਤੇ ਖੁਸ਼ੀ ਦਾ ਪ੍ਰਤੀਕ ਹੈ ਅਤੇ ਇਸ ਮੌਕੇ 'ਤੇ ਸਮਾਜ ਦੇ ਹਰ ਵਰਗ ਦੇ ਚਿਹਰੇ 'ਤੇ ਮੁਸਕਾਨ ਹੋਣੀ ਚਾਹੀਦੀ ਹੈ।

ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ BJP ਆਗੂ ਸੰਜੀਵ ਖੰਨਾ ਨੇ ਭਾਵੁਕ ਹੋ ਕੇ ਕਿਹਾ, "ਇਲਾਕਾ ਡੇਰਾਬੱਸੀ ਮੇਰਾ ਆਪਣਾ ਪਰਿਵਾਰ ਹੈ। ਮੇਰੇ ਪਰਿਵਾਰ ਦਾ ਕੋਈ ਵੀ ਮੈਂਬਰ, ਚਾਹੇ ਉਹ ਕਿਸੇ ਵੀ ਪਿੰਡ ਦਾ ਹੋਵੇ ਜਾਂ ਸ਼ਹਿਰ ਦਾ, ਮਿਠਾਈ ਤੋਂ ਬਿਨਾਂ ਨਹੀਂ ਰਹਿਣਾ ਚਾਹੀਦਾ ਅਤੇ ਤਿਉਹਾਰ ਦੇ ਇਸ ਪਾਵਨ ਮੌਕੇ 'ਤੇ ਬੱਚੇ ਖੁਸ਼ੀਆਂ ਤੋਂ ਵਾਂਝੇ ਨਹੀਂ ਰਹਿਣੇ ਚਾਹੀਦੇ। ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਦੇਖ ਕੇ ਜੋ ਰੂਹਾਨੀ ਸ਼ਾਂਤੀ ਮਿਲਦੀ ਹੈ, ਉਸ ਦੀ ਤੁਲਨਾ ਕਿਸੇ ਹੋਰ ਚੀਜ਼ ਨਾਲ ਨਹੀਂ ਕੀਤੀ ਜਾ ਸਕਦੀ।"

ਸੰਜੀਵ ਖੰਨਾ ਦੀ ਇਸ ਨੇਕ ਅਤੇ ਸਮਾਜ ਸੇਵਾ ਦੀ ਪਹਿਲਕਦਮੀ ਦੀ ਇਲਾਕੇ ਦੇ ਲੋਕਾਂ, ਦੁਕਾਨਦਾਰਾਂ ਅਤੇ ਸਮਾਜਿਕ ਸੰਗਠਨਾਂ ਵੱਲੋਂ ਬਹੁਤ ਤਾਰੀਫ਼ ਕੀਤੀ ਜਾ ਰਹੀ ਹੈ। ਸਥਾਨਕ ਦੁਕਾਨਦਾਰਾਂ ਅਤੇ ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਅਜਿਹੀ ਪਹਿਲ ਨਾਲ ਆਪਸੀ ਭਾਈਚਾਰਾ, ਪਿਆਰ ਅਤੇ ਏਕਤਾ ਹੋਰ ਮਜ਼ਬੂਤ ਹੁੰਦੀ ਹੈ।

ਉਨ੍ਹਾਂ ਨੇ ਕਿਹਾ ਕਿ ਸੰਜੀਵ ਖੰਨਾ ਹਮੇਸ਼ਾ ਇਲਾਕੇ ਦੇ ਲੋਕਾਂ ਦੇ ਸੁੱਖ-ਦੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹੇ ਰਹਿੰਦੇ ਹਨ ਅਤੇ ਤਿਉਹਾਰਾਂ ਦੇ ਮੌਕੇ 'ਤੇ ਲੋੜਵੰਦਾਂ ਦਾ ਹੱਥ ਫੜ ਕੇ ਉਨ੍ਹਾਂ ਨੇ ਆਪਣੀ ਸੱਚੀ ਸਮਾਜ ਸੇਵਾ ਦਿਖਾਈ ਹੈ।

ਉਨ੍ਹਾਂ ਨੇ ਅੱਗੇ ਕਿਹਾ ਕਿ ਦੁਕਾਨਦਾਰ ਸਾਡੀ ਅਰਥਵਿਵ-ਸਥਾ (ਇਕੌਨਮੀ) ਦੀ ਰੀੜ੍ਹ ਦੀ ਹੱਡੀ ਹਨ ਅਤੇ ਪਿੰਡਾਂ ਦੇ ਲੋੜਵੰਦ ਪਰਿਵਾਰ ਸਾਡੀ ਕਮਿਊਨਿਟੀ ਦਾ ਅਹਿਮ ਹਿੱਸਾ ਹਨ। ਇਸ ਲਈ ਹਰ ਤਬਕੇ ਨਾਲ ਖੁਸ਼ੀਆਂ ਵੰਡਣਾ ਉਨ੍ਹਾਂ ਦਾ ਪਹਿਲਾ ਫ਼ਰਜ਼ ਹੈ।

ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਪਾਰਟੀ ਦੇ ਹੋਰ ਵੀ ਕਈ ਆਗੂ, ਵਰਕਰ ਅਤੇ ਸਥਾਨਕ ਪਤਵੰਤੇ ਸੱਜਣ ਮੌਜੂਦ ਸਨ, ਜਿਨ੍ਹਾਂ ਨੇ ਇਸ ਵੰਡ ਮੁਹਿੰਮ (ਡਿਸਟ੍ਰੀਬਿਊਸ਼ਨ ਕੈਂਪੇਨ) ਵਿੱਚ ਪੂਰਾ ਸਹਿਯੋਗ ਦਿੱਤਾ। ਇਲਾਕੇ ਦੇ ਲੋਕਾਂ ਨੇ ਸੰਜੀਵ ਖੰਨਾ ਦੇ ਇਸ ਕਦਮ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦਾ ਧੰਨਵਾਦ ਕੀਤਾ।

ਰਯਾਤ ਬਾਹਰਾ ਸਕੂਲ ਦੇ ਵਿਦਿਆਰਥੀ ਆਰਵ ਨੇ 11ਵੇਂ ਅੰਤਰਰਾਸ਼ਟਰੀ ਕੇ.ਐੱਲ. ਮੇਅਰ ਕੱਪ ਵਿੱਚ ਜਿੱਤਿਆ ਚਾਂਦੀ ਦਾ ਤਗ਼ਮਾ

ਸਾਂਝੀ ਖ਼ਬਰ



(ਤਰਸੇਮ ਦੀਵਾਨਾ)

ਹੁਸ਼ਿਆਰਪੁਰ, 4 ਨਵੰਬਰ

ਰਯਾਤ ਬਾਹਰਾ ਇੰਟਰਨੈਸ਼ਨਲ ਸਕੂਲ ਦੇ ਹੋਣਹਾਰ ਵਿਦਿਆਰਥੀ ਆਰਵ ਨੇ ਮਲੇਸ਼ੀਆ ਦੀ ਰਾਜਧਾਨੀ ਕੁਆਲਾਲੰਪੁਰ ਵਿਖੇ ਕਰਵਾਏ ਗਏ 11ਵੇਂ ਅੰਤਰਰਾਸ਼-ਟਰੀ ਕੇ.ਐੱਲ. ਮੇਅਰ ਕੱਪ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਤਗ਼ਮਾ (ਸਿਲਵਰ ਮੈਡਲ) ਹਾਸਲ ਕੀਤਾ ਹੈ। 29 ਅਕਤੂਬਰ ਤੋਂ 1 ਨਵੰਬਰ ਤੱਕ ਚੱਲੇ ਇਸ ਵੱਕਾਰੀ ਮੁਕਾਬਲੇ ਵਿੱਚ ਆਰਵ ਨੇ ਆਪਣੀ ਸਖ਼ਤ ਮਿਹਨਤ, ਬਿਹਤਰੀਨ ਹੁਨਰ ਅਤੇ ਅਨੁਸ਼ਾਸਨ ਦੇ ਦਮ ’ਤੇ ਇਹ ਮਾਣਮੱਤੀ ਪ੍ਰਾਪਤੀ ਕਰਕੇ ਸਕੂਲ, ਸ਼ਹਿਰ ਅਤੇ ਦੇਸ਼ ਦਾ ਨਾਂ ਉੱਚਾ ਕੀਤਾ।ਇਸ ਵੱਡੀ ਪ੍ਰਾਪਤੀ ’ਤੇ ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵ-ਰਸਿਟੀ ਦੇ ਉਪ-ਕੁਲਪਤੀ (ਵਾਈਸ ਚਾਂਸਲਰ) ਡਾ. ਚੰਦਰ ਮੋਹਨ ਨੇ ਆਰਵ ਅਤੇ ਉਸਦੇ ਮਾਤਾ-ਪਿਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੰਤਰਰਾਸ਼ਟਰੀ ਮੰਚ ’ਤੇ ਮੈਡਲ ਜਿੱਤਣਾ ਸਮੁੱਚੀ ਸੰਸਥਾ ਅਤੇ ਦੇਸ਼ ਲਈ ਬਹੁਤ ਵੱਡੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀ ਦੀ ਲਗਨ ਅਤੇ ਪਰਿਵਾਰ ਦੇ ਸਹਿਯੋਗ ਦਾ ਨਤੀਜਾ ਹੈ।

ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਰਸ਼ਮੀ ਸ਼ਰਮਾ ਨੇ ਵੀ ਆਰਵ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਸ ਦੀ ਇਹ ਜਿੱਤ ਬਾਕੀ ਵਿਦਿਆਰ-ਥੀਆਂ ਲਈ ਪ੍ਰੇਰਨਾ ਸਰੋਤ ਸਾਬਤ ਹੋਵੇਗੀ। ਖੇਡਾਂ ਜੀਵਨ ਵਿੱਚ ਅਨੁਸ਼ਾਸਨ ਅਤੇ ਦ੍ਰਿੜਤਾ ਪੈਦਾ ਕਰਦੀਆਂ ਹਨ। ਸਕੂਲ ਪ੍ਰਬੰਧਕੀ ਕਮੇਟੀ ਅਤੇ ਸਮੂਹ ਸਟਾਫ਼ ਵੱਲੋਂ ਆਰਵ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ ਗਈ।

ਸਖੀ ਸ਼ਕਤੀ ਮੀਟਿੰਗ ਵਿੱਚ ਮਹਿਲਾਵਾਂ ਦਾ ਉਮੜਿਆ ਉਤਸ਼ਾਹ

ਸਾਂਝੀ ਖ਼ਬਰ

ਸਖੀ ਸ਼ਕਤੀ ਮੀਟਿੰਗ ਵਿੱਚ ਮਹਿਲਾਵਾਂ ਦੇ ਸਨਮਾਨ ਅਤੇ ਸਸ਼ਕਤੀਕਰਨ ਦਾ ਦਿੱਤਾ ਮਜ਼ਬੂਤ ਸੰਦੇਸ਼, ਕੈਬਨਿਟ ਮੰਤਰੀ ਸੌਂਦ ਨੇ ਪਰਿਵਾਰ ਸਮੇਤ ਸਖੀਆਂ ਨਾਲ ਕੀਤਾ ਸਿੱਧਾ ਸੰਵਾਦ

ਸਖੀਆਂ ਨੂੰ ਮਾਣ-ਸਨਮਾਨ ਦੇਣ ਵਿੱਚ ਆਮ ਆਦਮੀ ਪਾਰਟੀ ਸਭ ਤੋਂ ਅੱਗੇ, ਮਹਿਲਾਵਾਂ ਨੇ ਮੰਤਰੀ ਸੌਂਦ ਸਾਹਮਣੇ ਪਾਰਟੀ ਨਾਲ ਮਜ਼ਬੂਤੀ ਨਾਲ ਖੜ੍ਹੇ ਰਹਿਣ ਦਾ ਲਿਆ ਸੰਕਲਪ

ਮੰਤਰੀ ਸੌਂਦ ਨੇ ਸਖੀਆਂ ਵਿਚਕਾਰ ਬੈਠ ਕੇ ਸੁਣੀਆਂ ਮਨ ਦੀਆਂ ਗੱਲਾਂ, ਮਹਿਲਾਵਾਂ ਨੇ ਕਿਹਾ—ਪਹਿਲੀ ਵਾਰ ਮਿਲਿਆ ਇੰਨਾ ਸਨਮਾਨ

ਮਹਿਲਾਵਾਂ ਨੂੰ ਸਿਰਫ਼ ਵੋਟ ਬੈਂਕ ਨਹੀਂ, ਸਗੋਂ ਪਰਿਵਾਰ ਦਾ ਹਿੱਸਾ ਮੰਨਦੀ ਹੈ ਆਮ ਆਦਮੀ ਪਾਰਟੀ: ਸਖੀ ਸ਼ਕਤੀ ਮੀਟਿੰਗ ਵਿੱਚ ਸਖੀਆਂ ਨੇ ਕੀਤੀ ਭਰਪੂਰ ਸ਼ਲਾਘਾ



ਜਸਵੀਰ ਸਿੰਘ ਮਣਕੂ

ਖੰਨਾ, 4 ਨਵੰਬਰ:

ਆਮ ਆਦਮੀ ਪਾਰਟੀ ਵੱਲੋਂ ਕਰਵਾਈ ਗਈ ਸਖੀ ਸ਼ਕਤੀ ਮੀਟਿੰਗ ਵਿੱਚ ਮਹਿਲਾਵਾਂ ਦੇ ਸਨਮਾਨ, ਭਾਗੀਦਾਰੀ ਅਤੇ ਸਸ਼ਕਤੀਕਰਨ ਦਾ ਵਿਸ਼ੇਸ਼ ਸੰਦੇਸ਼ ਦੇਖਣ ਨੂੰ ਮਿਲਿਆ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਵਿਧਾਨ ਸਭਾ ਹਲਕਾ ਖੰਨਾ ਦੇ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਆਪਣੇ ਪਰਿਵਾਰ ਸਮੇਤ ਸਖੀਆਂ ਵਿਚਕਾਰ ਪਹੁੰਚੇ ਅਤੇ ਉਨ੍ਹਾਂ ਨਾਲ ਆਹਮੋ-ਸਾਹਮਣੇ ਬੈਠ ਕੇ ਗੱਲਬਾਤ ਕੀਤੀ। ਉਨ੍ਹਾਂ ਨੇ ਸਖੀਆਂ ਦੇ ਵਿਚਾਰਾਂ, ਸੁਝਾਵਾਂ ਅਤੇ ਤਜਰਬਿਆਂ ਨੂੰ ਬੜੇ ਧਿਆਨ ਨਾਲ ਸੁਣਿਆ।

ਇਸ ਮੌਕੇ ਮੰਤਰੀ ਸੌਂਦ ਦੇ ਪਿਤਾ ਭੁਪਿੰਦਰ ਸਿੰਘ ਸੌਂਦ, ਧਰਮਪਤਨੀ ਕਮਲਜੀਤ ਕੌਰ ਸੌਂਦ, ਭਰਾ ਰਮਨਜੀਤ ਸਿੰਘ ਸੌਂਦ ਅਤੇ ਭਰਜਾਈ ਅਜੀਤ ਕੌਰ ਸੌਂਦ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਪੂਰੇ ਪਰਿਵਾਰ ਨੇ ਸਖੀਆਂ ਨਾਲ ਬੜੇ ਹੀ ਪਿਆਰ ਅਤੇ ਆਪਣੇਪਣ ਵਾਲੇ ਮਾਹੌਲ ਵਿੱਚ ਬੈਠ ਕੇ ਸੰਵਾਦ ਕੀਤਾ। ਇਹ ਮਿਲਣੀ ਸਿਰਫ਼ ਇੱਕ ਸਿਆਸੀ ਮੀਟਿੰਗ ਤੱਕ ਸੀਮਤ ਨਹੀਂ ਰਹੀ, ਸਗੋਂ ਮਹਿਲਾਵਾਂ ਪ੍ਰਤੀ ਸਨਮਾਨ, ਵਿਸ਼ਵਾਸ ਅਤੇ ਪਰਿਵਾਰਕ ਆਪਣੇਪਣ ਦਾ ਸੰਦੇਸ਼ ਵੀ ਦਿੰਦੀ ਨਜ਼ਰ ਆਈ।

ਮੀਟਿੰਗ ਦੌਰਾਨ ਸਖੀਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਹੀ ਅਜਿਹੀ ਪਾਰਟੀ ਹੈ, ਜਿਸ ਵਿੱਚ ਮਹਿਲਾਵਾਂ ਨੂੰ ਇੰਨਾ ਮਾਣ-ਸਨਮਾਨ, ਮਹੱਤਵ ਅਤੇ ਆਪਣੇਪਣ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਸਖੀਆਂ ਵਿਚਕਾਰ ਆ ਕੇ ਬੈਠਣਾ ਅਤੇ ਉਨ੍ਹਾਂ ਦੀਆਂ ਗੱਲਾਂ ਨੂੰ ਗੰਭੀਰਤਾ ਨਾਲ ਸੁਣਨਾ ਉਨ੍ਹਾਂ ਲਈ ਬਹੁਤ ਮਾਣ ਅਤੇ ਖੁਸ਼ੀ ਦੀ ਗੱਲ ਹੈ।

ਸਖੀਆਂ ਨੇ ਕੈਬਨਿਟ ਮੰਤਰੀ ਸੌਂਦ ਸਾਹਮਣੇ ਆਪਣਾ ਵਿਸ਼ਵਾਸ ਪ੍ਰਗਟ ਕਰਦਿਆਂ ਸਪੱਸ਼ਟ ਕਿਹਾ ਕਿ ਉਹ ਹਮੇਸ਼ਾ ਆਮ ਆਦਮੀ ਪਾਰਟੀ ਦੇ ਨਾਲ ਮਜ਼ਬੂਤੀ ਨਾਲ ਖੜ੍ਹੀਆਂ ਰਹਿਣਗੀਆਂ ਅਤੇ ਪਾਰਟੀ ਦੀਆਂ ਨੀਤੀਆਂ ਅਤੇ ਲੋਕ ਭਲਾਈ ਦੇ ਕੰਮਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਂਦੀਆਂ ਰਹਿਣਗੀਆਂ।

ਇਸ ਮੌਕੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਸਖੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਮਹਿਲਾਵਾਂ ਦੀ ਭਾਗੀਦਾਰੀ ਅਤੇ ਉਨ੍ਹਾਂ ਦੇ ਸੁਝਾਵਾਂ ਦੀ ਅਹਿਮੀਅਤ ਨੂੰ ਉਜਾਗਰ ਕੀਤਾ। ਉਨ੍ਹਾਂ ਮਹਿਲਾਵਾਂ ਨੂੰ ਸਮਾਜ ਅਤੇ ਵਿਕਾਸ ਦੀ ਪ੍ਰਕਿਰਿਆ ਵਿੱਚ ਇੱਕ ਮਹੱਤਵਪੂਰਨ ਭਾਈਵਾਲ ਦੱਸਦਿਆਂ ਉਨ੍ਹਾਂ ਨਾਲ ਲਗਾਤਾਰ ਸੰਪਰਕ ਅਤੇ ਸੰਵਾਦ ਬਣਾਈ ਰੱਖਣ 'ਤੇ ਜ਼ੋਰ ਦਿੱਤਾ।

ਸਖੀ ਸ਼ਕਤੀ ਮੀਟਿੰਗ ਨੇ ਇਹ ਸੰਦੇਸ਼ ਦਿੱਤਾ ਕਿ ਮਹਿਲਾਵਾਂ ਨੂੰ ਸਨਮਾਨ ਅਤੇ ਸਿਆਸੀ ਭਾਗੀਦਾਰੀ ਦੇਣ ਨਾਲ ਹੀ ਸਮਾਜ ਵਿੱਚ ਸਕਾਰਾਤਮਕ ਬਦਲਾਅ ਨੂੰ ਮਜ਼ਬੂਤੀ ਮਿਲ ਸਕਦੀ ਹੈ। ਸਖੀਆਂ ਦਾ ਉਤਸ਼ਾਹ ਅਤੇ ਪਾਰਟੀ ਪ੍ਰਤੀ ਪ੍ਰਗਟ ਕੀਤਾ ਗਿਆ ਵਿਸ਼ਵਾਸ ਇਸ ਮੀਟਿੰਗ ਦਾ ਵਿਸ਼ੇਸ਼ ਆਕਰਸ਼ਣ ਰਿਹਾ। ਇਸ ਮੌਕੇ ਆਮ ਆਦਮੀ ਪਾਰਟੀ ਦੀ ਸਮੂਹ ਸੀਨੀਅਰ ਲੀਡਰਸ਼ਿਪ ਅਤੇ ਵਰਕਰ ਵੀ ਮੌਜੂਦ ਸਨ।

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਪ੍ਰਭਾਤ ਫੇਰੀ ਗੁਰਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਸਾਹਿਬ ਪੁੱਜੀ

ਸਾਂਝੀ ਖ਼ਬਰ



ਪਰਿਵਾਰ ਵਲੋਂ ਆਈਆਂ ਸੰਗਤਾਂ ਦਾ ਫੁੱਲਾਂ ਦੀ ਵਰਖਾ ਨਾਲ ਸੁਆਗਤ ਕੀਤਾ

ਸਤਨਾਮ ਸਿੰਘ

ਸ਼ਾਹਬਾਦ ਮਾਰਕੰਡਾ 4 ਨਵੰਬਰ

ਸਿੱਖ ਧਰਮ ਦੇ ਬਾਨੀ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਦੇ ਸੰਦਰਭ ਵਿਚ ਚਲ ਰਹੀ ਪ੍ਰਭਾਤ ਫੇਰੀਆਂ ਦੀ ਲੜੀ ਵਿਚ ਅੱਜ ਦੀ ਪ੍ਰਭਾਤ ਫੇਰੀ ਚੌਧਰੀ ਮਾਇਆ ਰਾਮ ਦੇ ਸੱਦੇ ਤੇ ਗੁਰੁਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਪੁੱਜੀ , ਜਿਥੇ ਉਨਾਂ ਦੇ ਪਰਿਵਾਰ ਵਲੋਂ ਆਈਆਂ ਸੰਗਤਾਂ ਦਾ ਫੁੱਲਾਂ ਦੀ ਵਰਖਾ ਨਾਲ ਸੁਆਗਤ ਕੀਤਾ। ਅੱਜ ਸਵੇਰੇ ਅੰਮ੍ਰਿਤ ਵੇਲੇ ਗੁਰਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਤੋਂ ਗਿਆਨੀ ਸਾਹਿਬ ਸਿੰਘ ਜੀ ਨਲਵੀ ਨੇ ਸਰਬਤ ਦੇ ਭਲੇ ਲਈ ਆਰਦਾਸ ਕਰਨ ਉਪਰੰਤ ਜੈਕਾਰਿਆਂ ਦੀ ਗੂੰਜ ਵਿਚ ਪ੍ਰਭਾਤ ਫੇਰੀ ਦੀ ਅਰੰਭਤਾ ਹੋਈ। ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਪ੍ਰਭਾਤ ਫੇਰੀ ਵਿਚ ਨੌਜੁਆਨ ਸ਼ਬਦੀ ਜਥੇ ਦੇ ਵੀਰਾਂ ਤੇ ਬੀਬੀਆਂ ਨੇ ਸ਼ਬਦ ਬਾਣੀ ਦਾ ਜਾਪ ਕਰਦੇ ਹੋਏ ਵੱਖ ਵੱਖ ਗਲੀ ਮੁਹੱਲਿਆਂ ਚ ਹੁੰਦੇ ਹੋਏ ਰਸਤੇ ਵਿਚ ਸ਼ਰਧਾਲੂ ਪਰਿਵਾਰਾਂ ਦੇ ਘਰਾਂ ਵਿਚ ਅਰਦਾਸ ਕਰਦੇ ਹੋਏ ਆਯੋਜਕ ਪਵਿਾਰ ਦੇ ਸੱਦੇ ਤੇ ਗੁਰਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਪੁੱਜੀ । ਜਿਥੇ ਪਰਿਵਾਰ ਵਲੋਂ ਆਈਆਂ ਸੰਗਤਾਂ ਦਾ ਫੁੱਲਾਂ ਦੀ ਵਰਖਾ ਤੇ ਜੈਕਾਰਿਆਂ ਦੀਆਂ ਗੂੰਜਾਂ ਨਾਲ ਸੁਆਗਤ ਕੀਤਾ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਪਰਮਜੀਤ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਰਸ ਭਿੰਨੇ ਕੀਰਤਨ ਨਾਲ ਜੋੜਿਆ। ਨੌਜੁਆਨ ਸੇਵਕ ਸਭਾ ਦੇ ਸ਼ਬਦੀ ਜਥੇ ਤੇ ਇਸਤਰੀ ਸਤਿਸੰਗਿ ਸਭਾ ਦੀਆਂ ਭੈਣਾਂ ਨੇ ਸ਼ਬਦ ਬਾਣੀ ਦਾ ਗਾਇਨ ਕੀਤਾ ਸਿੱਖ ਪੰਥ ਦੇ ਮਹਾਨ ਵਿਦਵਾਨ ਗਿਆਨੀ ਸਾਹਿਬ ਸਿੰਘ ਜੀ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਚਾਨਣਾ ਪਾਇਆ। ਸਟੇਜ ਸਕੱਤਰ ਦੀ ਸੇਵਾ ਕਰਦੇ ਹੋਏ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਨਰਿੰਦਰ ਸਿੰਘ ਭਿੰਡਰ ਨੇ ਗੁਰਬਾਣੀ ਦੀਆਂ ਤੁਕਾਂ ਦਾ ਹਵਾਲਾ ਦਿੰਦੇ ਹੋਏ ਨੌਜੁਆਨਾਂ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਲਈ ਕਿਹਾ। ਉਨਾਂ ਕਿਹਾ ਕਿ ਅੱਜ ਸਾਨੂੰ ਆਪਣਾ ਵਿਰਸਾ ਸੰਭਾਲਣ ਦੀ ਲੋੜ ਹੈ ਜੇ ਇਸ ਨੂੰ ਸਮਾਂ ਰਹਿੰਦੇ ਨਾ ਸੰਭਾਲਿਆ ਗਿਆ ਤਾਂ ਸਾਡੀ ਆਉਣ ਵਾਲੀ ਪੀੜ੍ਹੀ ਆਪਣੀ ਮਾਂ ਬੋਲੀ ਤੋਂ ਦੂਰ ਚਲੀ ਜਾਏਗੀ। ਉਨਾਂ ਨੇ ਮਾਂਪਿਆ ਨੂੰ ਅਪੀਲ ਕੀਤੀ ਕਿ ਉਹ ਆਪਣੇ ਬਚਿੱਆਂ ਨੂੰ ਘਰਾਂ ਵਿਚ ਮਾਂ ਬੋਲੀ ਪੰਜਾਬੀ ਨੂੰ ਬੋਲਣ,ਪੜਨ ਤੇ ਸਿੱਖਣ ਲਈ ਪ੍ਰੇਰਨ ਉਨਾਂ ਦਿੱਸਆ ਕਿ ਸ਼੍ਰੀ ਗੁਰੁ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ 24 ਨਵੰਬਰ ਨੂੰ ਗੁਰਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਵਿਚ ਬੜੀ ਹੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਏਗਾ । ਜਿਸ ਵਿਚ ਦਿਨ ਤੇ ਰਾਤ ਦੇ ਦੀਵਾਨ ਸਜਾਏ ਜਾਣਗੇ। 21 ਨਵੰਬਰ ਨੂੰ ਇਕ ਮਹਾਨ ਅਲੋਕਿਕ ਨਗਰ ਕੀਰਤਨ ਸਜਾਇਆ ਜਾਏਗਾ। ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਨਣ ਤੇ ਆਪਣੇ ਬਚਿੱਆਂ ਨੂੰ ਵੀ ਪ੍ਰੇਰਨ। ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਪ੍ਰਭਾਤ ਫੇਰੀ ਦੇ ਆਯੋਜਕ ਪਰਿਵਾਰ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਜਥੇਦਾਰ ਭਿੰਡਰ ਨੇ ਦਿੱਸਆ ਕਿ ਕੱਲ ਦੀ ਪ੍ਰਭਾਤ ਫੇਰੀ ਗੁਰਦੁਆਰਾ ਸਾਹਿਬ ਤੋਂ ਚਲ ਕੇ ਸਰਦਾਰ ਰਾਜਿੰਦਰ ਸਿੰਘ ਕਾਲੜਾ ਦੇ ਗ੍ਰਹਿ ਪੁੱਜੇਗੀ। ਪ੍ਰਭਾਤ ਫੇਰੀ ਦੀ ਸਮਾਪਤੀ ਤੋਂ ਪਹਿਲਾਂ ਸ਼੍ਰੀ ਅਨੰਦ ਸਾਹਿਬ ਜੀ ਦਾ ਪਾਠ ਕੀਤਾ ਗਿਆ ਤੇ ਉਪਰੰਤ ਅਰਦਾਸ ਕਰ ਹੁਕਮਨਾਮਾ ਲਿਆ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ। ਪਰਿਵਾਰ ਵਲੋਂ ਸੰਗਤਾਂ ਲਈ ਚਾਹ ਤੇ ਬਰੈਡ ਦਾ ਲੰਗਰ ਲਾਇਆ ਗਿਆ ਸੀ। ਇਸ ਮੌਕੇ ਸਥਾਨਕ ਵਿਧਾਇਕ ਰਾਮ ਕਰਣ ਕਾਲਾ, ਸੁਖਚੈਨ ਸਿੰਘ, ਨਰਿੰਦਰ ਪਾਲ ਸਿੰਘ ਸਲੈਚ, ਕਸ਼ਮੀਰ ਸਿੰਘ ਸਰਾਫ, ਭਗਵੰਤ ਸਿੰਘ ਖਾਲਸਾ, ਮਲਕਿੰਦਰ ਸਿੰਘ ਖਜਾਨਚੀ, ਉਪਕਾਰ ਸਿੰਘ , ਇੰਦਰਜੀਤ ਸਿੰਘ ਐਡਵੋਕੇਟ, ਸਰਬਜੋਤ ਸਿੰਘ ਦੁੱਗਲ, ਸ਼ਰਨਜੀਤ ਕੌਰ, ਬੀਬੀ ਭੁਪਿੰਦਰ ਕੌਰ ,ਬਸੰਤ ਆਰੇ ਵਾਲੇ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

ਜੀਐਨਡੀਯੂ ਇੰਟਰ-ਕਾਲਜ ਤੈਰਾਕੀ ਚੈਂਪੀਅਨਸ਼ਿਪ ’ਚ ਤਨਮਯ ਸ਼ਰਮਾ ਨੇ ਜਿੱਤਿਆ ਕਾਂਸੀ ਦਾ ਤਗਮਾ

ਸਾਂਝੀ ਖ਼ਬਰ



(ਅਸ਼ਵਨੀ ਸ਼ਰਮਾਂ)

ਜੰਡਿਆਲਾ ਗੁਰੂ

ਅੰਮ੍ਰਿਤਸਰ ਲਾਅ ਕਾਲਜ (ਏਐਲਸੀ), ਅੰਮ੍ਰਿਤਸਰ ਆਪਣੇ ਵਿਦਿਆਰਥੀ ਤਨਮਯ ਸ਼ਰਮਾ ਦੀ ਪ੍ਰਾਪਤੀ 'ਤੇ ਮਾਣ ਨਾਲ ਜਸ਼ਨ ਮਨਾਉਂਦਾ ਹੈ, ਜਿਸਨੇ ਖਾਲਸਾ ਕਾਲਜ, ਅੰਮ੍ਰਿਤਸਰ ਵਿਖੇ ਆਯੋਜਿਤ ਜੀਐਨਡੀਯੂ ਇੰਟਰ-ਕਾਲਜ ਤੈਰਾਕੀ ਚੈਂਪੀਅਨਸ਼ਿਪ 2026 ਵਿੱਚ ਕਾਂਸੀ ਦਾ ਤਗਮਾ ਪ੍ਰਾਪਤ ਕੀਤਾ। ਉਸਦੀ ਕਾਰਗੁਜ਼ਾਰੀ ਸ਼ਾਨਦਾਰ ਸਮਰਪਣ, ਦ੍ਰਿੜਤਾ ਅਤੇ ਖੇਡ ਭਾਵਨਾ ਨੂੰ ਦਰਸਾਉਂਦੀ ਹੈ।

ਤਨਮਯ ਸ਼ਰਮਾ, ਬੀ.ਏ. ਐਲ.ਐਲ.ਬੀ., 7ਵਾਂ ਸਮੈਸਟਰ, ਨੇ ਚੈਂਪੀਅਨਸ਼ਿਪ ਵਿੱਚ ਸ਼ਲਾਘਾਯੋਗ ਹੁਨਰ ਅਤੇ ਲਗਨ ਦਾ ਪ੍ਰਦਰਸ਼ਨ ਕੀਤਾ, ਜਿਸ ਨਾਲ ਸੰਸਥਾ ਦਾ ਨਾਮ ਰੌਸ਼ਨ ਹੋਇਆ। ਉਸਦੀ ਪ੍ਰਾਪਤੀ ਖੇਡ ਉੱਤਮਤਾ ਪ੍ਰਤੀ ਉਸਦੀ ਸਖ਼ਤ ਮਿਹਨਤ ਅਤੇ ਵਚਨਬੱਧਤਾ ਦਾ ਪ੍ਰਤੀਬਿੰਬ ਹੈ।

ਡਾ. ਏਵਨ ਕੁਮਾਰ ਵੈਦ, ਪ੍ਰਿੰਸੀਪਲ, ਅੰਮ੍ਰਿਤਸਰ ਲਾਅ ਕਾਲਜ, ਨੇ ਤਨਮਯ ਸ਼ਰਮਾ ਨੂੰ ਉਸਦੀ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਸਦੇ ਸਮਰਪਣ, ਅਨੁਸ਼ਾਸਨ ਅਤੇ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਉਸਨੇ ਸ਼੍ਰੀਮਤੀ ਅੰਕਿਤਾ ਜੋਸ਼ੀ ਅਤੇ ਸ਼੍ਰੀ ਅਮਿਤ ਕੁਮਾਰ, ਸਪੋਰਟਸ ਕੋਆਰਡੀਨੇਟਰ, ਅੰਮ੍ਰਿਤਸਰ ਲਾਅ ਕਾਲਜ, ਅੰਮ੍ਰਿਤਸਰ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਵਿਦਿਆ-ਰਥੀਆਂ ਨੂੰ ਖੇਡਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਸੰਸਥਾ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕਰਨ ਵਿੱਚ ਉਨ੍ਹਾਂ ਦੇ ਮਾਰਗਦਰ-ਸ਼ਨ ਅਤੇ ਉਤਸ਼ਾਹ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

ਅੰਮ੍ਰਿਤਸਰ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਐਡਵੋਕੇਟ ਅਮਿਤ ਸ਼ਰਮਾ, ਮੈਨੇਜਿੰਗ ਡਾਇਰੈ-ਕਟਰ ਡਾ. ਰਜਨੀਸ਼ ਅਰੋੜਾ ਅਤੇ ਡਾਇਰੈਕਟਰ ਵਿੱਤ ਸ਼੍ਰੀਮਤੀ ਰਾਗਿਨੀ ਸ਼ਰਮਾ ਨੇ ਤਨਮਯ ਸ਼ਰਮਾ ਅਤੇ ਅੰਮ੍ਰਿਤਸਰ ਲਾਅ ਕਾਲਜ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਉਸਦੀ ਨਿਰੰਤਰ ਸਫਲਤਾ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਕਾਂਗੜ ਨੇ ਸੰਗਰੂਰ ਇਨਸਾਫ਼ ਰੈਲੀ 'ਚ ਵੱਡੇ ਕਾਫ਼ਲੇ ਨਾਲ ਪੁੱਜੇ

ਸਾਂਝੀ ਖ਼ਬਰ



ਵੀਰਪਾਲ ਭਗਤਾ,
ਭਗਤਾ ਭਾਈਕਾ

ਕੁੱਲ ਹਿੰਦ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਅਤੇ ਰਾਸ਼ਟਰੀ ਪ੍ਰਧਾਨ ਮੱਲਿਕਾਰਜੁਨ ਖੜਗੇ ਦੀ ਅਗਵਾਈ ਹੇਠ ਸੰਗਰੂਰ ਦੀ 'ਇਨਸਾਫ ਰੈਲੀ' ਵਿਚ ਹਲਕਾ ਰਾਮਪੁਰਾ ਫੂਲ ਤੋਂ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਵੱਡੇ ਕਾਫ਼ਲੇ ਨਾਲ ਪੁੱਜੇ। ਸਿਆਸੀ ਮਾਹਰਾਂ ਦਾ ਮੰਨਣਾ ਹੈ ਕਿ ਇਸ ਸ਼ਕਤੀ ਪ੍ਰਦਰਸ਼ਨ ਨਾਲ ਨਾ ਸਿਰਫ਼ ਸੰਗਰੂਰ ਰੈਲੀ ਦੀ ਰੌਣਕ ਨੂੰ ਚਾਰ ਚੰਨ ਲੱਗੇ, ਸਗੋਂ ਗੁਰਪ੍ਰੀਤ ਸਿੰਘ ਕਾਂਗੜ ਨੇ ਰਾਮਪੁਰਾ ਫੂਲ ਹਲਕੇ ਅੰਦਰ ਆਪਣੀ ਸਿਆਸੀ ਪਕੜ ਅਤੇ ਲੋਕਪ੍ਰਿਅਤਾ ਦਾ ਲੋਹਾ ਇੱਕ ਵਾਰ ਫਿਰ ਮਨਵਾ ਲਿਆ ਹੈ।

ਸਵੇਰ ਤੋਂ ਹੀ ਰਾਮਪੁਰਾ ਫੂਲ ਹਲਕੇ ਦੇ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਤੋਂ ਕਾਂਗਰਸੀ ਵਰਕਰਾਂ ਦਾ ਕਾਂਗੜ ਦੀ ਰਿਹਾਇਸ਼ ਅਤੇ ਨਿਰਧਾਰਿਤ ਪੁਆਇੰਟਾਂ 'ਤੇ ਇਕੱਠਿਆਂ ਹੋਣਾ ਸ਼ੁਰੂ ਹੋ ਗਿਆ ਸੀ। ਜਦੋਂ ਗੁਰਪ੍ਰੀਤ ਸਿੰਘ ਕਾਂਗੜ ਦੀ ਅਗਵਾਈ ਹੇਠ ਕਾਫ਼ਲਾ ਸੰਗਰੂਰ ਵੱਲ ਰਵਾਨਾ ਹੋਇਆ, ਤਾਂ ਦੂਰ ਤੱਕ ਗੱਡੀਆਂ ਦੀਆਂ ਲੰਮੀਆਂ ਲਾਈਨਾਂ ਦਾ ਕਾਫ਼ਲਾ ਨਜ਼ਰ ਆ ਰਿਹਾ ਸੀ। ਰੈਲੀ ਚ ਸ਼ਾਮਲ ਹੋਣ ਉਪਰੰਤ ਰਾਮਪੁਰਾ ਫੂਲ ਪੁਜਦਿਆਂ ਉਤਸ਼ਾਹਿਤ ਹੋਏ ਕਾਂਗੜ ਨੇ ਕਿਹਾ ਕਿ ਰਾਮਪੁਰਾ ਫੂਲ ਦਾ ਪਿਆਰ ਮੇਰੀ ਸਭ ਤੋਂ ਵੱਡੀ ਤਾਕਤ ਹੈ। ਉਹਨਾਂ ਕਿਹਾ ਕਿ ਰਾਮਪੁਰਾ ਫੂਲ ਦੇ ਹਰ ਪਿੰਡ, ਕਸਬੇ ਅਤੇ ਘਰ-ਘਰ ਤੋਂ ਆਏ ਹਜ਼ਾਰਾਂ ਵਰਕਰਾਂ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਪੰਜਾਬ ਵਿਰੋਧੀ ਨੀਤੀਆਂ ਦਾ ਮੂੰਹਤੋੜ ਜਵਾਬ ਦੇਣ ਲਈ ਤਿਆਰ ਹਨ।ਇਹ ਵੀ ਕਿਹਾ ਕਿ ਸਾਡਾ ਮਕਸਦ ਸਿਰਫ਼ ਚੋਣ ਜਿੱਤਣਾ ਨਹੀਂ, ਸਗੋਂ ਆਪਣੇ ਹਲਕੇ ਦੇ ਵਿਕਾਸ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਕਰਨਾ ਹੈ।ਐਲਾਨ ਕੀਤਾ ਕਿ ਰਾਹੁਲ ਗਾਂਧੀ ਜੀ ਦਾ ਸੁਨੇਹਾ ਅਸੀਂ ਰਾਮਪੁਰਾ ਫੂਲ ਦੇ ਘਰ-ਘਰ ਤੱਕ ਪਹੁੰਚਾਵਾਂਗੇ ਤੇ ਕੌਮੀ ਅਤੇ ਪ੍ਰਦੇਸ਼ ਲੀਡਰਸ਼ਿਪ ਦੀਆਂ ਤਕਰੀਰਾਂ ਅਤੇ ਲਾਮਿਸਾਲ ਇਕੱਠ ਨੇ ਗ੍ਰਾਸ-ਰੂਟ ਕਾਂਗਰਸੀ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਭਰ ਦਿੱਤਾ ਹੈ। ਜਦਕਿ ਕਾਂਗੜ ਵਿਰੁੱਧ ਕੂੜ ਪ੍ਰਚਾਰ ਕਰਨ ਵਾਲੇ ਰਾਜਨੀਤਿਕ ਵਿਰੋਧੀਆਂ ਨੂੰ ਇਸ ਇਕੱਠ ਨੇ ਸਪੱਸ਼ਟ ਸੁਨੇਹਾ ਵੀ ਦੇ ਦਿੱਤਾ ਹੈ ਕਿ ਹਲਕੇ ਅੰਦਰ ਕਾਂਗੜ ਦਾ ਜਨ-ਆਧਾਰ ਅੱਜ ਵੀ ਅਟੁੱਟ ਹੈ। ਇਹ ਵੀ ਮੰਨਿਆ ਜਾ ਰਿਹਾ ਹੈ ਕਿ ਇਸ ਰੈਲੀ ਰਾਹੀਂ ਕਾਂਗੜ ਨੇ ਰਾਮਪੁਰਾ ਫੂਲ ਅੰਦਰ ਆਪਣੀ ਮੁਹਿੰਮ ਦੀ ਅਜਿਹੀ ਮਜ਼ਬੂਤ ਸ਼ੁਰੂਆਤ ਕੀਤੀ ਹੈ, ਜਿਸ ਦਾ ਫ਼ਾਇਦਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸਾਫ਼ ਤੌਰ 'ਤੇ ਦੇਖਣ ਨੂੰ ਮਿਲੇਗਾ। ਗੁਰਪ੍ਰੀਤ ਸਿੰਘ ਕਾਂਗੜ ਨੇ ਵਿਸ਼ਵਾਸ ਦਿਵਾਇਆ ਕਿ ਉਹ ਰਾਮਪੁਰਾ ਫੂਲ ਦੇ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਨੌਜਵਾਨਾਂ ਦੀ ਆਵਾਜ਼ ਬਣ ਕੇ ਹਮੇਸ਼ਾ ਡਟੇ ਰਹਿਣਗੇ। ਇਸ ਮੌਕੇ ਹਰਮਨਵੀਰ ਸਿੰਘ ਜੈਸੀ ਕਾਂਗੜ, ਬੂਟਾ ਸਿੰਘ ਸਿੱਧੂ ਸਾਬਕਾ ਪ੍ਰਧਾਨ, ਜਗਜੀਤ ਸਿੰਘ ਕੋਇਰ ਸਿੰਘ ਵਾਲਾ, ਅਮਨਦੀਪ ਸਿੰਘ ਸਲਾਬਤਪੁਰਾ, ਇੰਦਰਜੀਤ ਸਿੰਘ ਭੋਡੀਪੁਰਾ, ਰਾਜਾ ਸਿੰਘ ਭਗਤਾ, ਗੁਰਪ੍ਰੀਤ ਸਿੰਘ ਘਾਰੂ, ਜਸਮੀਤ ਸਿੰਘ ਬਰਾੜ, ਜਸਪਾਲ ਸਿੰਘ ਧਾਲੀਵਾਲ ਆਦਮਪੁਰਾ, ਇੰਦਰਜੀਤ ਸਿੰਘ ਨਾਗਪਾਲ, ਤੀਰਥ ਸਿੰਘ ਦਿਆਲਪੁਰਾ, ਲਖਵੀਰ ਸਿੰਘ ਆਦਮਪੁਰਾ, ਗੁਰਦੀਪ ਸਿੰਘ ਕੋਠਾਗੁਰੂ, ਗੋਰਾ ਸਿੰਘ ਕਾਂਗੜ, ਲਖਵੀਰ ਸਿੰਘ ਲੱਖਾ, ਜਸਵਿੰਦਰ ਸਿੰਘ ਭੋਲਾ ਰਾਮੂਵਾਲਾ, ਰਛਪਾਲ ਸਿੰਘ ਰਾਏ, ਰਣਜੀਤ ਸ਼ਰਮਾ ਜਲਾਲ, ਪਰਮਿੰਦਰ ਸਿੰਘ ਜਲਾਲ, ਰਾਜਿੰਦਰ ਸਿੰਘ ਰਾਜੂ ਕੋਠੇਭਾਈ-ਆਣਾ, ਜਗਤਾਰ ਸਿੰਘ ਜਲਾਲ, ਗੁਰਤੇਜ ਸਿੰਘ ਤੇਜੀ, ਇਕਬਾਲ ਸਿੰਘ ਢਿਪਾਲੀ, ਕਮਲ ਸਿੱਧੂ ਭਾਈਰੂਪਾ, ਹਰਭਜਨ ਸਿੰਘ ਭਗਤਾ, ਬਲਕਰਨ ਸਿੰਘ ਮਾਨ, ਲੱਕੀ ਜਲਾਲ, ਸੁੰਦਰ ਲਾਲ ਕਾਂਗੜ, ਰਾਜਵਿੰਦਰ ਰਾਜੂ ਗੁੰਮਟੀ, ਨਵਦੀਪ ਦੀਪਾ, ਭੂਸਨ ਜਿੰਦਲ, ਆਦਿ ਹਾਜਰ ਸਨ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਸਿੱਖਿਆ, ਰੁਜ਼ਗਾਰ ਅਤੇ ਸਮਾਜ ਸੇਵਾ ਨਾਲ ਜੋੜਨਾ ਯੂਥ ਅਕਾਲੀ ਦਲ ਦੀ ਮੁੱਖ ਤਰਜੀਹ : ਸੰਜੀਵ ਤਲਵਾੜ

ਸਾਂਝੀ ਖ਼ਬਰ

ਨਵ-ਨਿਯੁਕਤ ਯੂਥ ਜ਼ਿਲ੍ਹਾ ਪ੍ਰਧਾਨ ਅਮਰਿੰਦਰ ਹੁਸੈਨਪੁਰ ਨੇ ਵੱਡੇ ਹਨੂੰਮਾਨ ਮੰਦਰ ਵਿਖੇ ਨਤਮ-ਸਤਕ ਹੋ ਕੇ ਲਿਆ ਆਸ਼ੀਰਵਾਦ, ਪਾਰਟੀ ਦੀ ਮਜ਼ਬੂਤੀ ਲਈ ਨੌਜਵਾਨਾਂ ਨੂੰ ਲਾਮਬੰਦ ਕਰਨ ਦਾ ਲਿਆ ਸੰਕਲਪ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ,

ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੰਜੀਵ ਤਲਵਾੜ ਦੀ ਅਗਵਾਈ ਹੇਠ ਯੂਥ ਅਕਾਲੀ ਦਲ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਮਰਿੰਦਰ ਹੁਸੈਨਪੁਰ ਨੇ ਪਾਰਟੀ ਦੇ ਹੋਰ ਅਹੁਦੇਦਾਰਾਂ ਅਤੇ ਵਰਕਰਾਂ ਸਮੇਤ ਹੁਸ਼ਿਆਰਪੁਰ ਦੇ ਪ੍ਰਸਿੱਧ ਵੱਡੇ ਹਨੂੰਮਾਨ ਮੰਦਰ ਵਿਖੇ ਨਤਮ-ਸਤਕ ਹੋ ਕੇ ਭਗਵਾਨ ਹਨੂੰਮਾਨ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਆਗੂਆਂ ਨੇ ਪੰਜਾਬ ਦੀ ਖੁਸ਼ਹਾਲੀ, ਇਲਾਕੇ ਦੇ ਵਿਕਾਸ, ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਸ਼੍ਰੋਮਣੀ ਅਕਾਲੀ ਦਲ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ।

ਇਸ ਮੌਕੇ ਸੰਜੀਵ ਤਲਵਾੜ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਸਿਆਸੀ ਜਥੇਬੰਦੀ ਦੀ ਸਭ ਤੋਂ ਵੱਡੀ ਤਾਕਤ ਹੁੰਦੇ ਹਨ। ਉਨ੍ਹਾਂ ਦੀ ਜ਼ਿੰਮੇਵਾਰੀ ਸਿਰਫ਼ ਪਾਰਟੀ ਦਾ ਵਿਸਥਾਰ ਕਰਨ ਤੱਕ ਸੀਮਤ ਨਹੀਂ ਹੋਣੀ ਚਾਹੀਦੀ, ਸਗੋਂ ਸਮਾਜ ਵਿੱਚ ਚੰਗੇ ਬਦਲਾਅ ਲਿਆਉਣ, ਲੋੜਵੰਦਾਂ ਦੀ ਆਵਾਜ਼ ਬੁਲੰਦ ਕਰਨ ਅਤੇ ਆਮ ਲੋਕਾਂ ਨੂੰ ਸੁਰੱਖਿਅਤ ਤੇ ਡਰ-ਮੁਕਤ ਮਾਹੌਲ ਮੁਹੱਈਆ ਕਰਵਾਉਣ ਵਿੱਚ ਵੀ ਉਨ੍ਹਾਂ ਦੀ ਅਹਿਮ ਭੂਮਿਕਾ ਹੋਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਬਚਾ ਕੇ ਸਿੱਖਿਆ, ਰੁਜ਼ਗਾਰ, ਖੇਡਾਂ ਅਤੇ ਸਮਾਜ ਸੇਵਾ ਨਾਲ ਜੋੜਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਯੂਥ ਅਕਾਲੀ ਦਲ ਨੂੰ ਇਸ ਦਿਸ਼ਾ ਵਿੱਚ ਸਰਗਰਮ ਭੂਮਿਕਾ ਨਿਭਾਉਂਦਿਆਂ ਨੌਜਵਾਨਾਂ ਨੂੰ ਸਹੀ ਸੇਧ ਦੇਣੀ ਚਾਹੀਦੀ ਹੈ, ਤਾਂ ਜੋ ਉਹ ਆਪਣੀ ਊਰਜਾ ਦੀ ਵਰਤੋਂ ਸੂਬੇ ਅਤੇ ਸਮਾਜ ਦੀ ਤਰੱਕੀ ਲਈ ਕਰ ਸਕਣ।

ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਅਮਰਿੰਦਰ ਹੁਸੈਨਪੁਰ ਨੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਪੂਰੀ ਮਿਹਨਤ, ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਈ ਜਾਵੇਗੀ। ਉਨ੍ਹਾਂ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਦੇ ਨਾਲ-ਨਾਲ ਵੱਧ ਤੋਂ ਵੱਧ ਨੌਜਵਾਨਾਂ ਨੂੰ ਜਥੇਬੰਦੀ ਨਾਲ ਜੋੜਿਆ ਜਾਵੇਗਾ। ਇਸ ਮਕਸਦ ਲਈ ਜਲਦ ਹੀ ਜਥੇਬੰਦਕ ਸਰਗਰ-ਮੀਆਂ ਤੇਜ਼ ਕੀਤੀਆਂ ਜਾਣਗੀਆਂ ਅਤੇ ਨੌਜਵਾਨ ਵਰਕਰਾਂ ਨੂੰ ਪਾਰਟੀ ਦੀ ਵਿਚਾਰਧਾਰਾ ਪ੍ਰਤੀ ਜਾਗਰੂਕ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਯੂਥ ਅਕਾਲੀ ਦਲ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨਾ ਅਤੇ ਨੌਜਵਾਨਾਂ ਨੂੰ ਸਮਾਜਿਕ ਤੇ ਸਿਆਸੀ ਗਤੀਵਿਧੀਆਂ ਵਿੱਚ ਸਰਗਰਮ ਭਾਗੀਦਾਰੀ ਲਈ ਉਤਸ਼ਾਹਿਤ ਕਰਨਾ ਹੈ। ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਵਿੱਚ ਜਥੇਬੰਦੀ ਨੂੰ ਹੋਰ ਮਜ਼ਬੂਤੀ ਦੇਣ ਲਈ ਲਗਾਤਾਰ ਯਤਨ ਕੀਤੇ ਜਾਣਗੇ।

ਇਸ ਮੌਕੇ ਅਮਨਦੀਪ ਸਿੰਘ ਹੁਸੈਨਪੁਰ (ਬੁਲਾਰਾ ਯੂਥ ਅਕਾਲੀ ਦਲ ਪੰਜਾਬ), ਕਰਨ ਧੁੱਗਾ (ਜਨਰਲ ਸਕੱਤਰ), ਬੱਲੀ ਡਾਲੇਵਾਲ (ਮੁੱਖ ਮੀਤ ਪ੍ਰਧਾਨ), ਗੁਰਵਿੰਦਰ ਮੋਹਕਮਗੜ੍ਹ (ਜਨਰਲ ਸਕੱਤਰ), ਬਲਰਾਜ ਚੌਹਾਨ, ਮਨਪ੍ਰੀਤ ਸਿੰਘ ਸੰਧੂ, ਸਰਬਜੀਤ ਸਾਬੀ (ਜ਼ਿਲ੍ਹਾ ਪ੍ਰਧਾਨ ਵਪਾਰ ਸੈੱਲ), ਗੁਰਵਿੰਦਰ ਧੁੱਗਾ (ਯੂਥ ਹਲਕਾ ਇੰਚਾਰਜ ਹੁਸ਼ਿਆਰਪੁਰ), ਸੰਜੀਵ ਥਾਪਰ (ਸ਼ਹਿਰੀ ਪ੍ਰਧਾਨ ਐੱਸ.ਸੀ. ਸੈੱਲ), ਸੁਖਬੀਰ ਸਿੰਘ (ਹਲਕਾ ਲੀਗਲ ਸੈੱਲ ਪ੍ਰਧਾਨ), ਜੋਤ ਸਿੰਘ, ਜਸ਼ਨ ਗੁਰਾਇਆ, ਕੌਸ਼ਿਕ ਅਤੇ ਜਸਕਰਨ ਧੂਤ ਸਮੇਤ ਪਾਰਟੀ ਦੇ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜ਼ਰ ਸਨ।

ਅੰਤ ਵਿੱਚ ਹਾਜ਼ਰ ਆਗੂਆਂ ਅਤੇ ਵਰਕਰਾਂ ਨੇ ਜਥੇਬੰਦਕ ਏਕਤਾ ਕਾਇਮ ਰੱਖਣ ਅਤੇ ਆਪਸੀ ਸਹਿਯੋਗ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨ ਦਾ ਸੰਕਲਪ ਲਿਆ।

ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਏ ਗਏ*

ਸਾਂਝੀ ਖ਼ਬਰ

- ਸ਼ੁੱਧ, ਸਾਫ਼ ਅਤੇ ਮਿਆਰੀ ਦੁੱਧ ਦੀ ਮਹੱਤਤਾ 'ਤੇ ਵੀ ਦਿੱਤਾ ਜ਼ੋਰ*



(ਜਸਵੀਰ ਸਿੰਘ ਮਣਕੂ)
ਲੁਧਿਆਣਾ, 04 ਨਵੰਬਰ

ਡੇਅਰੀ ਵਿਕਾਸ ਵਿਭਾਗ ਵੱਲੋਂ ਅੱਜ ਖੰਨਾ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਜਾਗਰੂਕਤਾ ਕੈਂਪ ਲਗਾਏ ਗਏ।

ਪਹਿਲਾ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਗੁਲਮੋਹਰ ਨਗਰ ਵਿਖੇ ਲਗਾਇਆ ਗਿਆ, ਜਿਸ ਦੌਰਾਨ ਕੁੱਲ 30 ਦੁੱਧ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ 10 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ।

ਇਸੇ ਤਰ੍ਹਾਂ ਦੂਜਾ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਕ੍ਰਿਸ਼ਨਾ ਨਗਰ ਵਿਖੇ ਲਗਾਇਆ ਗਿਆ, ਜਿਸ ਦੌਰਾਨ ਕੁੱਲ 31 ਦੁੱਧ ਦੇ ਸੈਂਪਲਾਂ ਦੀ ਜਾਂਚ ਕੀਤੀ ਗਈ। ਇਨ੍ਹਾਂ ਵਿੱਚੋਂ 08 ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ।

ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਹੇਠ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸ੍ਰੀ ਸੁਰਿੰਦਰ ਸਿੰਘ ਦੀ ਅਗਵਾਈ ਹੇਠ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਲੁਧਿਆਣਾ ਵੱਲੋਂ ਨਿਰੰਤਰ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ।

ਦੋਵਾਂ ਕੈਂਪਾਂ ਦੌਰਾਨ ਜਾਂਚ ਕੀਤੇ ਗਏ ਕਿਸੇ ਵੀ ਦੁੱਧ ਦੇ ਸੈਂਪਲ ਵਿੱਚ ਕੋਈ ਹਾਨੀਕਾਰਕ ਰਸਾਇਣ ਨਹੀਂ ਪਾਇਆ ਗਿਆ। ਇਸ ਮੌਕੇ ਖਪਤਕਾਰਾਂ ਨੂੰ ਸ਼ੁੱਧ, ਸਾਫ਼ ਅਤੇ ਮਿਆਰੀ ਦੁੱਧ ਦੀ ਮਹੱਤਤਾ ਅਤੇ ਦੁੱਧ ਦੀ ਗੁਣਵੱਤਾ ਸਬੰਧੀ ਜਾਗਰੂਕ ਕੀਤਾ ਗਿਆ।

ਖਾਲਸਾ ਸਕੂਲ ਦੇ ਪੁਰਾਣੇ ਸਾਥੀਆਂ ਨੇ ਮਿਲ ਕੇ ਪੁਰਾਣੀਆਂ ਯਾਦਾਂ ਕੀਤੀਆਂ ਤਾਜ਼ਾ

ਸਾਂਝੀ ਖ਼ਬਰ

ਖਾਲਸਾ ਸਕੂਲ ਦੀ ਹੋਈ ਤਰੱਕੀ ਨੂੰ ਦੇਖ ਕੇ ਪੁਰਾਣੇ ਸਾਥੀ ਹੋਏ ਬੇਹੱਦ ਖੁਸ਼



ਅਰਵਿੰਦਰ ਸਿੰਘ ਬਿੰਦੀ
ਸ੍ਰੀ ਅਨੰਦਪੁਰ ਸਾਹਿਬ

4 ਨਵੰਬਰ : ਸਥਾਨਕ ਐਸਜੀਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ 1970 - 72 ਬੈਚ ਦੇ ਪਾਸ ਆਊਟ ਵਿਦਿਆਰਥੀਆਂ ਨੇ ਮਿਲ ਕੇ ਪੁਰਾਣੀਆਂ ਯਾਦਾਂ ਤਾਜ਼ਾ ਕੀਤੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਇਰੈਕਟਰ ਗੁਰਮਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਖਾਲਸਾ ਸਕੂਲ ਦੇ 1970 - 72 ਬੈਚ ਦੇ ਪੁਰਾਣੇ ਸਾਥੀਆਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਟੀਐਫਸੀ ਗਾਰਡਨ ਰੈਸਟੋਰੈਂਟ ਵਿਖੇ ਮਿਲ ਕੇ ਆਪਣੇ ਸਕੂਲ ਦੇ ਦਿਨਾਂ ਨੂੰ ਯਾਦ ਕੀਤਾ ਅਤੇ ਸਕੂਲ ਸਾਥੀਆਂ ਅਤੇ ਆਪਣੇ ਅਧਿਆਪਕਾਂ ਬਾਰੇ ਵਿਸਥਾਰ ਨਾਲ ਚਰਚਾ ਕੀਤਾ। ਉਨਾਂ ਦੱਸਿਆ ਕਿ ਇੰਜੀਨੀਅਰ ਸੁਰਿੰਦਰ ਸਿੰਘ ਦੇ ਇਸ ਵਿਸ਼ੇਸ਼ ਉਪਰਾਲੇ ਸਦਕਾ ਪਿਛਲੇ ਪੰਜ ਸਾਲਾਂ ਤੋਂ ਲਗਾਤਾਰ ਇਹ 1970 - 72 ਬੈਚ ਦੇ ਵਿਦਿਆਰਥੀ ਇਕੱਠੇ ਹੋ ਰਹੇ ਹਨ ਅਤੇ ਆਪਣੇ ਸਕੂਲ ਦੇ ਦਿਨਾਂ ਨੂੰ ਯਾਦ ਕਰ ਰਹੇ ਹਨ। ਉਹਨਾਂ ਨੇ ਦੱਸਿਆ ਕਿ ਇਸ ਵਾਰ ਦੀ ਮਿਲਣੀ ਵਿੱਚ ਕਈ ਸਾਥੀ ਤਾਂ ਸਕੂਲ ਤੋਂ ਬਾਅਦ ਪਹਿਲੀ ਵਾਰ ਮਿਲੇ ਸਨ। ਸਾਰੇ ਪੁਰਾਣੇ ਸਾਥੀਆਂ ਨੇ ਭਾਵੁਕਤਾ ਭਰੇ ਅੰਦਾਜ਼ ਦੇ ਨਾਲ ਆਪਣੇ ਸਮੇਂ ਦੇ ਅਧਿਆਪਕਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਆਪਣੀ ਹੁਣ ਤੱਕ ਦੀ ਕਾਮਯਾਬੀ ਦਾ ਸਿਹਰਾ ਉਹਨਾਂ ਸਤਿਕਾਰਯੋਗ ਅਧਿਆਪਕਾਂ ਦੇ ਸਿਰ ਬੰਨਿਆ। ਇਹਨਾਂ ਪੁਰਾਣੇ ਸਾਥੀਆਂ ਵਿੱਚੋਂ ਜਿਆਦਾਤਰ ਦੀਆਂ ਪਤਨੀਆਂ ਵੀ ਇਸ ਮੌਕੇ ਹਾਜ਼ਰ ਸਨ। ਇੰਜੀਨੀਅਰ ਸੁਰਿੰਦਰ ਸਿੰਘ ਨੇ ਦੱਸਿਆ ਕਿ ਆਪਣੇ ਪੁਰਾਣੇ ਸਾਥੀਆਂ ਨੂੰ ਮਿਲਣ ਦੀ ਤੜਪ ਨੇ ਉਹਨਾਂ ਨੂੰ ਅਜਿਹੇ ਉਪਰਾਲੇ ਲਈ ਉਤਸਾਹਿਤ ਕੀਤਾ ਜਿਸ ਵਿੱਚ ਉਹ ਕਾਫੀ ਹੱਦ ਤੱਕ ਕਾਮਯਾਬ ਰਹੇ। ਉਹਨਾਂ ਦੱਸਿਆ ਕਿ ਅੱਗੇ ਤੋਂ ਵੀ ਇਹ ਮਿਲਣੀ ਲਗਾਤਾਰ ਜਾਰੀ ਰਹੇਗੀ। ਪੁਰਾਣੇ ਸਾਥੀਆਂ ਨੇ ਜਿੱਥੇ ਆਪਣੇ ਖਾਲਸਾ ਸਕੂਲ ਦੇ ਦਿਨਾਂ ਨੂੰ ਯਾਦ ਕੀਤਾ ਉੱਥੇ ਨਾਲ ਹੀ ਖਾਲਸਾ ਸਕੂਲ ਵਿਖੇ ਪ੍ਰਿੰਸੀਪਲ ਸੰਤੋਖ ਸਿੰਘ,ਪ੍ਰਿੰਸੀਪਲ ਸੰਪੂਰਨ ਸਿੰਘ, ਪ੍ਰਿੰਸੀਪਲ ਮਨਮੋਹਨ ਸਿੰਘ, ਪ੍ਰਿੰਸੀਪਲ ਮਨੋਹਰ ਸਿੰਘ ਸੈਣੀ, ਪ੍ਰਿੰਸੀਪਲ ਨਿਰੰਜਨ ਸਿੰਘ ਰਾਣਾ ਦੇ ਸਮੇਂ ਹੋਈ ਤਰੱਕੀ ਤੇ ਤਸੱਲੀ ਅਤੇ ਖੁਸ਼ੀ ਪ੍ਰਗਟਾਈ ਅਤੇ ਮੌਜੂਦਾ ਮੁਖੀ ਪ੍ਰਿੰਸੀਪਲ ਸੁਖਪਾਲ ਕੌਰ ਦੇ ਵੱਲੋਂ ਸਕੂਲ ਵਿੱਚ ਕੀਤੇ ਜਾ ਰਹੇ ਸੁਧਾਰ ਕਾਰਜਾਂ ਦੀ ਵੀ ਸਲਾਘਾ ਕੀਤੀ ਗਈ।

ਇਸ ਮੌਕੇ ਇੰਜੀਨੀਅਰ ਜਗਜੀਤ ਸਿੰਘ, ਇੰਜੀਨੀਅਰ ਜਸਬੀਰ ਸਿੰਘ, ਸ. ਕੁਲਦੀਪ ਸਿੰਘ ਨੰਬਰਦਾਰ, ਸ. ਦਵਿੰਦਰ ਸਿੰਘ ਅਗੰਮਪੁਰ, ਸ. ਤਜਿੰਦਰ ਸਿੰਘ ਰਤਨ, ਸ. ਭਾਗ ਸਿੰਘ, ਇੰਜੀਨੀਅਰ ਮੇਜਰ ਸਿੰਘ, ਮੇਜਰ ਕਿਰਪਾਲ ਸਿੰਘ, ਸ. ਤਜਿੰਦਰ ਸਿੰਘ ਵਾਲੀਆ, ਸ. ਮਨਜੋਤ ਸਿੰਘ ਬੇਦੀ, ਇੰਜੀਨੀਅਰ ਕੁਲਵੰਤ ਸਿੰਘ, ਇੰਜੀਨੀਅਰ ਹਰਮੀਤ ਸਿੰਘ ਲੋਦੀਪੁਰ, ਸ. ਦਲੇਲ ਸਿੰਘ ਸੂਰੇਵਾਲ, ਸ. ਮਹਿੰਦਰ ਸਿੰਘ ਮਜਾਰਾ, ਕੈਪਟਨ ਕੁਲਦੀਪ ਸਿੰਘ ਮਜਾਰੀ ਆਦਿ ਹਾਜਰ ਸਨ।

ਖੇਡ ਮੁਕਾਬਲੇ ਬਚਿੱਆਂ ਵਿਚ ਆਤਮ ਵਿਸ਼ਵਾਸ਼ ਵਧਾਉਂਦੇ ਹਨ ਤੇ ਮਨ ਨੂੰ ਤੰਦਰੁਸਤ ਰਖੱਦੇ ਹਨ= ਪਵਨ ਗਰਗ

ਸਾਂਝੀ ਖ਼ਬਰ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 4 ਨਵੰਬਰ

ਸੰਜੇ ਗਾਂਧੀ ਓਮ ਪ੍ਰਕਾਸ਼ ਗਰਗ ਮੈਮੋਰੀਅਲ ਪਬਲਿਕ ਸਕੂਲ ਸੁਜਰਾ ਨੇ ਆਪਣਾ ਸਾਲਾਨਾ ਖੇਡ ਮੁਕਾਬਲਾ ਕਰਵਾਇਆ। ਜਿਸ ਵਿਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੀ ਐਥਲੈਟਿਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵੱਖ ਵੱਖ ਖੇਡ ਮੁਕਾਬਲਿਆਂ ਵਿਚ ਨਿੰਬੂ ਦੌੜ, 50 ਮੀਟਰ ਦੀ ਦੌੜ, ਡੱਡੂ ਦੌੜ, ਰੀਲੇਅ ਦੌੜ, 100 ਮੀਟਰ ਦੀ ਦੌੜ,200 ਮੀਟਰ ਦੀ ਦੌੜ,ਤਿੰਨ ਟੰਗੀ ਦੌੜ, ਬੋਰੀ ਦੌੜ, ਮਟਕੀ ਦੌੜ, ਟੇਬਲ ਟੇਨਿਸ, ਕਬੱਡੀ ਤੇ ਖੋ ਖੋ ਸ਼ਾਮਲ ਸਨ। ਜਿਨਾਂ ਵਿਚ ਵਿਦਿਆਰ-ਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਮਾਪਤੀ ਸਮਾਰੋਹ ਵਿਚ ਜੇਤੂਆਂ ਨੂੰ ਮੈਡਲਾਂ ਨਾਲ ਸਨਮਾਨਿਤ ਕੀਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਪਵਨ ਗਰਗ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਇਸ ਗੱਲ ਤੇ ਜੋਰ ਦਿੱਤਾ ਕਿ ਖੇਡਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿਚ ਮਹੱਤਵ-ਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿਚ ਸਰਗਰਮੀ ਨਾਲ ਹਿੱਸਾ ਲੈਣ,ਸਖਤ ਮਿਹਨਤ ਤੇ ਲਗਨ ਨਾਲ ਅੱਗੇ ਵਧੱਣ ਲਈ ਉਤਸ਼ਾਹਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਸੁਰੇਸ਼ ਸੈਣੀ ਨੇ ਕਿਹਾ ਕਿ ਖੇਡ ਮੁਕਾਬਲੇ ਬਚਿੱਆਂ ਵਿਚ ਆਤਮ ਵਿਸ਼ਵਾਸ਼,ਅਨੁਸ਼ਾਸ਼ਨ, ਟੀਮ ਭਾਵਨਾ ਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਦੇ ਹਨ। ਉਨਾਂ ਕਿਹਾ ਕਿ ਖੇਡਾਂ ਨਾ ਸਿਰਫ ਸਰੀਰ ਨੂੰ ਤੰਦਰੁਸਤ ਰਖੱਦੀਆਂ ਹਨ ਸਗੋਂ ਮਨ ਨੂੰ ਵੀ ਤਿੱਖਾ ਰਖੱਦੀਆਂ ਹਨ। ਉਨਾਂ ਕਿਹਾ ਕਿ ਪੜਾਈ ਦੇ ਨਾਲ ਨਾਲ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜਰੂਰੀ ਹਨ। ਇਸ ਮੌਕੇ ਸਕੂਲ ਸਟਾਫ , ਵਿਦਿਆਰਥੀਆਂ ਦੇ ਮਾਪੇ ਤੇ ਹੋਰ ਪਤਵੰਤੇ ਮੌਜੂਦ ਸਨ।

ਵਿਧਾਇਕ ਛੀਨਾ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਜੁਗਿਆਣਾ ਦੀ ਨਵੀਂ ਇਮਾਰਤ ਦੇ ਨਿਰਮਾਣ ਕਾਰਜ ਦਾ ਉਦਘਾਟਨ*

ਸਾਂਝੀ ਖ਼ਬਰ

-ਕਿਹਾ! ਪ੍ਰੋਜੈਕਟ ਤਹਿਤ 27 ਲੱਖ ਰੁਪਏ ਖਰਚ ਕੀਤੇ ਜਾਣਗੇ*



(ਜਸਵੀਰ ਸਿੰਘ ਮਣਕੂ)
ਲੁਧਿਆਣਾ, 04 ਨਵੰਬਰ

ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਜਿੰਦਰਪਾਲ ਕੌਰ ਛੀਨਾ ਵੱਲੋਂ ਅੱਜ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ, ਜੁਗਿਆਣਾ ਵਿਖੇ 27 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਨਵੀਂ ਸਕੂਲ ਇਮਾਰਤ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਵਿਧਾਇਕ ਰਜਿੰਦਰ-ਪਾਲ ਕੌਰ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਸਿੱਖਿਆ ਦੇ ਖੇਤਰ ਨੂੰ ਮਜ਼ਬੂਤ ਕਰਨਾ ਅਤੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਆਧੁਨਿਕ, ਸੁਰੱਖਿਅਤ ਅਤੇ ਮਿਆਰੀ ਸਿੱਖਿਆ ਦਾ ਮਾਹੌਲ ਪ੍ਰਦਾਨ ਕਰਨਾ ਹੈ। ਇਸ ਨਵੀਂ ਇਮਾਰਤ ਦੇ ਨਿਰਮਾਣ ਨਾਲ ਵਿਦਿਆਰਥੀਆਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮਿਲਣਗੀਆਂ ਅਤੇ ਉਨ੍ਹਾਂ ਦੀ ਪੜ੍ਹਾਈ ਲਈ ਸੁਖਾਵਾਂ ਮਾਹੌਲ ਤਿਆਰ ਹੋਵੇਗਾ।

ਉਨ੍ਹਾਂ ਕਿਹਾ ਕਿ ਨਵੀਂ ਇਮਾਰਤ ਨਾਲ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਵਧੇਰੇ ਸੁਵਿਧਾਜਨਕ ਕਲਾਸਰੂਮ ਮਿਲਣਗੇ। ਇਸ ਨਾਲ ਬੱਚਿਆਂ ਦੀ ਇਕਾਗਰਤਾ ਅਤੇ ਸਿੱਖਣ ਦੀ ਸਮਰੱਥਾ ਨੂੰ ਉਤਸ਼ਾਹ ਮਿਲੇਗਾ। ਇਸ ਤੋਂ ਇਲਾਵਾ ਸਕੂਲ ਵਿੱਚ ਬਿਹਤਰ ਵਿਦਿਅਕ ਮਾਹੌਲ ਸਿਰਜਣ, ਵਿਦਿਆਰਥੀਆਂ ਦੀ ਹਾਜ਼ਰੀ ਨੂੰ ਉਤਸ਼ਾਹਿਤ ਕਰਨ ਅਤੇ ਮਾਪਿਆਂ ਦਾ ਸਰਕਾਰੀ ਸਿੱਖਿਆ ਪ੍ਰਣਾਲੀ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਕਰਨ ਵਿੱਚ ਵੀ ਮਦਦ ਮਿਲੇਗੀ।

ਵਿਧਾਇਕ ਛੀਨਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਦੀਆਂ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣਾ ਸਿਰਫ਼ ਨਿਰਮਾਣ ਕਾਰਜ ਨਹੀਂ, ਸਗੋਂ ਬੱਚਿਆਂ ਦੇ ਭਵਿੱਖ ਵਿੱਚ ਕੀਤਾ ਗਿਆ ਨਿਵੇਸ਼ ਹੈ। ਸਾਡਾ ਮਕਸਦ ਹੈ ਕਿ ਆਰਥਿਕ ਤੌਰ 'ਤੇ ਕਿਸੇ ਵੀ ਵਰਗ ਦਾ ਬੱਚਾ ਸਿੱਖਿਆ ਦੀਆਂ ਚੰਗੀਆਂ ਸਹੂਲਤਾਂ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਨਵੇਂ ਉਪਰਾਲੇ ਕਰ ਰਹੀ ਹੈ, ਤਾਂ ਜੋ ਹਰ ਬੱਚੇ ਨੂੰ ਬਰਾਬਰ ਮੌਕੇ, ਮਿਆਰੀ ਸਿੱਖਿਆ ਅਤੇ ਉੱਜਵਲ ਭਵਿੱਖ ਮਿਲ ਸਕੇ। ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਨੇ ਕਿਹਾ ਕਿ ਹਲਕੇ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਅਜਿਹੇ ਵਿਕਾਸ ਕਾਰਜ ਲਗਾਤਾਰ ਜਾਰੀ ਰਹਿਣਗੇ।

ਕਰੀਅਰ ਕਾਉਂਸਲਿੰਗ ਸੈਸ਼ਨ ਦਾ ਆਯੋਜਨ

ਸਾਂਝੀ ਖ਼ਬਰ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 4 ਨਵੰਬਰ

ਮਾਤਾ ਰੁਕਮਣੀ ਰਾਏ ਆਰੀਆ ਸੀਨੀਅਰ ਸੰਕੈਡਰੀ ਸਕੂਲ ਵਿਚ 12ਵੀਂ ਦੇ ਵਿਦਿਆਰ-ਥੀਆਂ ਨੂੰ ਉੱਚ ਸਿੱਖਿਆ ਤੇ ਕਰੀਅਰ ਦੇ ਬੇਹਤਰ ਮੌਕਿਆਂ ਬਾਰੇ ਜਾਣੂੰ ਕਰਵਾਉਣ ਲਈ ਇਕ ਵਿਸ਼ੇਸ਼ ਕਰੀਅਰ ਕਾਉਂਸਲਿੰਗ ਦਾ ਆਯੋਜਨ ਕੀਤਾ ਗਿਆ। ਗੀਤਾ ਯੂਨੀਵਰਸਿਟੀ ਤੋਂ ਆਏ ਸੰਦੀਪ ਕਕੱੜ ਨੇ 12ਵੀਂ ਕਲਾਸ ਦੇ ਵਿਦਿਆਰ-ਥੀਆਂ ਨੂੰ ਵੱਖ ਵੱਖ ਗ੍ਰੈਜੁਏਟ ਕੋਰਸਾਂ, ਉੱਚ ਸਿੱਖਿਆ ਦੇ ਵਿਕਲਪਾਂ ਤੇ ਭਵਿੱਖ ਦੇ ਕਰੀਅਰ ਦੀਆਂ ਸੰਭਾਵਨਾਵਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਉਨਾਂ ਵਿਦਿਆਰ-ਥੀਆਂ ਨੂੰ ਆਪਣੀ ਰੁੱਚੀ,ਯੋਗਤਾਵਾਂ ਤੇ ਯੋਗਤਾਵਾਂ ਦੇ ਆਧਾਰ ਤੇ ਸਹੀ ਦਿਸ਼ਾ ਤੇ ਕਰੀਅਰ ਦਾ ਰਸਤਾ ਚੁਣਨ ਲਈ ਉਤਸ਼ਾਹਿਤ ਕੀਤਾ। ਉਨਾਂ ਨੇ ਇਸ ਬਦਲਦੇ ਸਮੇਂ ਵਿਚ ਸਿੱਖਿਆ ਤੇ ਨਵੇਂ ਰੁਜਗਾਰ ਦੇ ਮੌਕਿਆਂ ਦੀ ਮਹੱਤਤਾ ਤੇ ਵੀ ਚਾਨਣਾ ਪਾਇਆ।ਸੈਸ਼ਨ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਆਪਣੇ ਕਰੀਅਰ ਨਾਲ ਸੰਬੰਧਿਤ ਸੁਆਲ ਪੁੱਛ ਕੇ ਕੀਮਤੀ ਜਾਣਕਾਰੀ ਪ੍ਰਾਪਤ ਕੀਤੀ। ਸਕੂਲ ਦੀ ਪ੍ਰਿੰਸੀਪਲ ਡਾ ਰਿੱਤੂ ਬੰਸਲ ਨੇ ਕਿਹਾ ਕਿ 12ਵੀਂ ਕਲਾਸ ਇਕ ਵਿਦਿਆਰਥੀ ਦੇ ਜੀਵਨ ਵਿਚ ਇਕ ਮਹੱਤਵਪੂਰਨ ਪੜਾਅ ਹੁੰਦੀ ਹੈ । ਉਨਾਂ ਕਿਹਾ ਕਿ ਅਜੇਹੇ ਕਾਉਂਸਲਿੰਗ ਸੈਸ਼ਨ ਵਿਦਿਆਰਥੀਆਂ ਨੂੰ ਸੁਝਵਾਨ ਫੈਸਲੇ ਲੈਣ ਤੇ ਆਪਣਾ ਭਵਿੱਖ ਨਿਰਧਾਰਤ ਕਰਨ ਵਿਚ ਮਦਦ ਕਰਦੇ ਹਨ।

ਵਾਤਾਵਰਣ ਦੀ ਸੰਭਾਲ ਲਈ ਪਟਾਕਿਆਂ ਤੋਂ ਦੂਰੀ ਬਣਾ ਕੇ ਗਰੀਨ ਦੀਵਾਲੀ ਮਨਾਉਣ ਲੋਕ : ਡਾ. ਆਸ਼ੀਸ਼ ਸਰੀਨ

ਸਾਂਝੀ ਖ਼ਬਰ

ਪ੍ਰਦੂਸ਼ਣ ਮਕਤ ਦੀਵਾਲੀ ਸਮੇਂ ਦੀ ਮੁੱਖ ਲੋੜ, ਖ਼ੁਸ਼ੀਆਂ ਦੇ ਤਿਉਹਾਰ ਨੂੰ ਸਿਹਤ ਅਤੇ ਵਾਤਾਵਰਣ ਲਈ ਖ਼ਤਰਾ ਨਾ ਬਣਨ ਦੇਣ ਲੋਕ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 4 ਨਵੰਬਰ

ਐਜੂਕੇਸ਼ਨਲ ਸੰਸਥਾ ਹਿਜ਼ ਐਕਸੀਲੈਂਟ ਇੰਸਟੀਚਿਊਟ ਅਤੇ ਸੇਂਟ ਕਬੀਰ ਸੀਨੀਅਰ ਪਬਲਿਕ ਹਾਈ ਸਕੂਲ ਚੱਗਰਾ, ਹੁਸ਼ਿਆਰ-ਪੁਰ ਦੇ ਐਮ.ਡੀ. ਅਤੇ ਬੁੱਧੀਜੀਵੀ ਸ਼ਖ਼ਸੀਅਤ ਡਾ. ਆਸ਼ੀਸ਼ ਸਰੀਨ ਨੇ ਲੋਕਾਂ ਨੂੰ ਦੀਵਾਲੀ ਦਾ ਤਿਉਹਾਰ ਵਾਤਾਵਰਣ ਪੱਖੀ ਢੰਗ ਨਾਲ ਮਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਤਿਉਹਾਰਾਂ ਦੀ ਅਸਲ ਖ਼ੁਸ਼ੀ ਸਾਫ਼-ਸੁਥਰੇ ਅਤੇ ਸਿਹਤਮੰਦ ਵਾਤਾਵਰਣ ਵਿੱਚ ਹੀ ਹੈ। ਸਾਨੂੰ ਆਪਣੀਆਂ ਖ਼ੁਸ਼ੀਆਂ ਲਈ ਕੁਦਰਤ ਅਤੇ ਮਨੁੱਖੀ ਸਿਹਤ ਨੂੰ ਨੁਕਸਾਨ ਪਹੁੰਚਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

ਡਾ. ਸਰੀਨ ਨੇ ਕਿਹਾ ਕਿ ਦੀਵਾਲੀ ਰੌਸ਼ਨੀ, ਖ਼ੁਸ਼ਹਾਲੀ ਅਤੇ ਆਪਸੀ ਸਾਂਝ ਦਾ ਤਿਉਹਾਰ ਹੈ, ਪਰ ਪਟਾਕਿਆਂ ਦੀ ਬੇਲੋੜੀ ਵਰਤੋਂ ਕਾਰਨ ਹਵਾ ਅਤੇ ਆਵਾਜ਼ ਪ੍ਰਦੂਸ਼ਣ ਵਿੱਚ ਵਾਧਾ ਹੁੰਦਾ ਹੈ। ਇਸ ਦਾ ਸਭ ਤੋਂ ਵੱਧ ਪ੍ਰਭਾਵ ਬੱਚਿਆਂ, ਬਜ਼ੁਰਗਾਂ ਅਤੇ ਸਾਹ ਦੀਆਂ ਬਿਮਾਰੀਆਂ ਤੋਂ ਪੀੜਤ ਲੋਕਾਂ ਉੱਤੇ ਪੈਂਦਾ ਹੈ। ਇਸ ਲਈ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਪ੍ਰਦੂਸ਼ਣ ਘਟਾਉਣ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਪਟਾਕਿਆਂ ਨਾਲ ਨਿਕਲਣ ਵਾਲਾ ਧੂੰਆਂ ਵਾਤਾਵਰਣ ਨੂੰ ਦੂਸ਼ਿਤ ਕਰਨ ਦੇ ਨਾਲ-ਨਾਲ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਨੂੰ ਵੀ ਜਨਮ ਦਿੰਦਾ ਹੈ। ਇਸ ਤੋਂ ਇਲਾਵਾ ਉੱਚੀ ਆਵਾਜ਼ ਵਾਲੇ ਪਟਾਕੇ ਬਜ਼ੁਰਗਾਂ, ਬੱਚਿਆਂ ਅਤੇ ਬਿਮਾਰ ਵਿਅਕਤੀਆਂ ਲਈ ਪਰੇਸ਼ਾਨੀ ਦਾ ਕਾਰਨ ਬਣਦੇ ਹਨ। ਪਟਾਕਿਆਂ ਕਾਰਨ ਅੱਗ ਲੱਗਣ ਅਤੇ ਹਾਦਸੇ ਵਾਪਰਨ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ।

ਡਾ. ਆਸ਼ੀਸ਼ ਸਰੀਨ ਨੇ ਕਿਹਾ ਕਿ ਸਾਨੂੰ ਦੀਵਾਲੀ ਮੌਕੇ ਬਿਜਲੀ ਦੀ ਬੇਲੋੜੀ ਖਪਤ ਤੋਂ ਬਚਣ ਦੇ ਨਾਲ ਮਿੱਟੀ ਦੇ ਦੀਵਿਆਂ ਅਤੇ ਸਵਦੇਸ਼ੀ ਵਸਤਾਂ ਨੂੰ ਤਰਜੀਹ ਦੇਣੀ ਚਾਹੀਦੀ ਹੈ। ਇਸ ਨਾਲ ਸਾਡੀਆਂ ਪੁਰਾਤਨ ਰਵਾਇਤਾਂ ਨੂੰ ਹੁਲਾਰਾ ਮਿਲੇਗਾ ਅਤੇ ਸਥਾਨਕ ਕਾਰੀਗਰਾਂ ਦੀ ਰੋਜ਼ੀ-ਰੋਟੀ ਨੂੰ ਵੀ ਸਹਾਰਾ ਮਿਲੇਗਾ। ਤਿਉਹਾਰ ਨੂੰ ਸਾਦਗੀ, ਸਫ਼ਾਈ ਅਤੇ ਆਪਸੀ ਭਾਈਚਾਰੇ ਨਾਲ ਮਨਾਉਣਾ ਹੀ ਇਸ ਦੀ ਅਸਲ ਮਹੱਤਤਾ ਹੈ।

ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਜਾਗਰੂਕ ਕਰਨਾ ਸਮੇਂ ਦੀ ਲੋੜ ਹੈ। ਸਕੂਲਾਂ ਅਤੇ ਪਰਿਵਾਰਾਂ ਨੂੰ ਬੱਚਿਆਂ ਨੂੰ ਇਹ ਸਮਝਾਉਣਾ ਚਾਹੀਦਾ ਹੈ ਕਿ ਕੁਦਰਤ ਦੀ ਸੰਭਾਲ ਸਿਰਫ਼ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

ਅੰਤ ਵਿੱਚ ਡਾ. ਸਰੀਨ ਨੇ ਸਮੂਹ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਦੀਵਾਲੀ ਪਟਾਕਿਆਂ ਤੋਂ ਪਰਹੇਜ਼ ਕਰਕੇ ਵੱਧ ਤੋਂ ਵੱਧ ਗਰੀਨ ਦੀਵਾਲੀ ਮਨਾਉਣ ਦਾ ਸੰਕਲਪ ਲੈਣ। ਉਨ੍ਹਾਂ ਕਿਹਾ ਕਿ ਸਾਨੂੰ ਅਜਿਹੇ ਢੰਗ ਨਾਲ ਤਿਉਹਾਰ ਮਨਾਉਣਾ ਚਾਹੀਦਾ ਹੈ, ਜਿਸ ਨਾਲ ਸਾਡੀਆਂ ਖ਼ੁਸ਼ੀਆਂ ਦੇ ਨਾਲ-ਨਾਲ ਵਾਤਾਵਰਣ, ਮਨੁੱਖੀ ਸਿਹਤ ਅਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਵੀ ਸੁਰੱਖਿਅਤ ਰਹੇ।

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਵਿਦਿਅਕ ਟੂਰ ਲਗਾਇਆ ਗਿਆ

ਸਾਂਝੀ ਖ਼ਬਰ

(ਅਰਵਿੰਦਰ ਸਿੰਘ ਬਿੰਦੀ)
ਸ੍ਰੀ ਅਨੰਦਪੁਰ ਸਾਹਿਬ



4 ਨਵੰਬਰ : ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਤੀਸਰੀ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਦਾ ਸਲਾਨਾ ਵਿੱਦਿਅਕ ਟੂਰ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਦੱਸਿਆ ਕਿ ਸਕੂਲ ਦੇ ਵਿਦਿਆਰ-ਥੀਆਂ ਦਾ ਸਲਾਨਾ ਵਿੱਦਿਅਕ ਟੂਰ ਗੁਰਦੁਆਰਾ ਪਰਿਵਾਰ ਵਿਛੋੜਾ ਸਾਹਿਬ, ਗੁਰਦੁਆਰਾ ਭੱਠਾ ਸਾਹਿਬ, ਗੁਰਦੁਆਰਾ ਕੁੰਮਾ ਮਾਸ਼ਕੀ, ਸ੍ਰੀ ਚਮਕੌਰ ਸਾਹਿਬ ਅਤੇ ਦਾਸਤਾਨ-ਏ-ਖਾਲਸਾ ਵਿਖੇ ਲਿਜਾਇਆ ਗਿਆ। ਉਨਾਂ ਦੱਸਿਆ ਕਿ ਇਸ ਵਿੱਦਿਅਕ ਟੂਰ ਦੌਰਾਨ ਜਿੱਥੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ ਉੱਥੇ ਵਿਦਿਆਰਥੀਆਂ ਨੂੰ ਇਹਨਾਂ ਧਾਰਮਿਕ ਸਥਾਨਾਂ ਦੇ ਇਤਿਹਾਸ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਵੀ ਦਿੱਤੀ ਗਈ। ਟੂਰ ਦੌਰਾਨ ਸਾਰੇ ਵਿਦਿਆਰਥੀ ਪੂਰਨ ਅਨੁਸ਼ਾਸਨ ਵਿੱਚ ਰਹੇ। ਇਸ ਵਿੱਦਿਅਕ ਟੂਰ ਤੇ ਮੈਡਮ ਸਤਿੰਦਰ ਕੌਰ, ਮੈਡਮ ਜਸਪ੍ਰੀਤ ਕੌਰ, ਮੈਡਮ ਸੰਦੀਪ ਕੌਰ, ਮੈਡਮ ਬਲਦੀਪ ਕੌਰ, ਮੈਡਮ ਮਮਤਾ ਦੇਵੀ, ਮੈਡਮ ਸ਼ਾਂਤੀ ਦੇਵੀ ਵੀ ਵਿਦਿਆਰਥੀਆਂ ਨਾਲ ਗਏ।

ਈਡੀ ਦੀ 47 ਘੰਟਿਆਂ ਦੀ ਜਾਂਚ ਦੌਰਾਨ ਕੋਈ ਇਤਰਾਜ਼ਯੋਗ ਸਮੱਗਰੀ ਨਹੀਂ ਮਿਲੀ : ਸੁੰਦਰ ਸ਼ਾਮ ਅਰੋੜਾ

ਸਾਂਝੀ ਖ਼ਬਰ

ਜੋਧਾਮਲ ਰੋਡ ਸਥਿਤ ਰਿਹਾਇਸ਼ 'ਤੇ ਮੁਕੰਮਲ ਹੋਈ ਈਡੀ ਦੀ ਜਾਂਚ ਤੋਂ ਬਾਅਦ ਸਾਬਕਾ ਕੈਬਨਿਟ ਮੰਤਰੀ ਨੇ ਰੱਖਿਆ ਆਪਣਾ ਪੱਖ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 4 ਨਵੰਬਰ

ਸਾਬਕਾ ਕੈਬਨਿਟ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਸੁੰਦਰ ਸ਼ਾਮ ਅਰੋੜਾ ਦੀ ਜੋਧਾਮਲ ਰੋਡ ਸਥਿਤ ਰਿਹਾਇਸ਼ 'ਤੇ ਇਨਫੋਰਸ-ਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਕੀਤੀ ਜਾ ਰਹੀ ਜਾਂਚ ਬੀਤੀ ਦੇਰ ਰਾਤ ਮੁਕੰਮਲ ਹੋ ਗਈ। ਲਗਭਗ 47 ਘੰਟਿਆਂ ਤੱਕ ਚੱਲੀ ਇਸ ਕਾਰਵਾਈ ਤੋਂ ਬਾਅਦ ਸੁੰਦਰ ਸ਼ਾਮ ਅਰੋੜਾ ਨੇ ਦਾਅਵਾ ਕੀਤਾ ਕਿ ਜਾਂਚ ਦੌਰਾਨ ਅਧਿਕਾਰੀਆਂ ਨੂੰ ਕੋਈ ਵੀ ਇਤਰਾਜ਼ਯੋਗ ਸਮੱਗਰੀ ਜਾਂ ਨਕਦੀ ਬਰਾਮਦ ਨਹੀਂ ਹੋਈ ਅਤੇ ਨਾ ਹੀ ਜਾਂਚ ਟੀਮ ਉਨ੍ਹਾਂ ਦੀ ਰਿਹਾਇਸ਼ ਤੋਂ ਕੋਈ ਦਸਤਾਵੇਜ਼ ਜਾਂ ਹੋਰ ਸਮੱਗਰੀ ਆਪਣੇ ਨਾਲ ਲੈ ਕੇ ਗਈ। ਬੀਤੀ ਦੇਰ ਰਾਤ ਮੀਡੀਆ ਨਾਲ ਗੱਲਬਾਤ ਕਰਦਿਆਂ ਅਰੋੜਾ ਨੇ ਦੱਸਿਆ ਕਿ ਜਾਂਚ ਦੌਰਾਨ ਈਡੀ ਦੇ ਅਧਿਕਾਰੀਆਂ ਵੱਲੋਂ ਵੱਖ-ਵੱਖ ਰਿਕਾਰਡ ਅਤੇ ਦਸਤਾਵੇਜ਼ਾਂ ਦੀ ਮੰਗ ਕੀਤੀ ਗਈ ਸੀ, ਜੋ ਉਨ੍ਹਾਂ ਵੱਲੋਂ ਮੁਹੱਈਆ ਕਰਵਾ ਦਿੱਤੇ ਗਏ। ਇਨ੍ਹਾਂ ਵਿੱਚ ਵਿਜੀਲੈਂਸ ਵਿਭਾਗ ਅਤੇ ਆਮਦਨ ਕਰ ਵਿਭਾਗ ਵੱਲੋਂ ਪਹਿਲਾਂ ਕੀਤੀਆਂ ਗਈਆਂ ਜਾਂਚਾਂ ਨਾਲ ਸਬੰਧਤ ਰਿਪੋਰਟਾਂ ਅਤੇ ਹੋਰ ਜ਼ਰੂਰੀ ਦਸਤਾਵੇਜ਼ ਵੀ ਸ਼ਾਮਲ ਸਨ।

ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਵੱਖ-ਵੱਖ ਜਾਂਚ ਏਜੰਸੀਆਂ ਵੱਲੋਂ ਉਨ੍ਹਾਂ ਨਾਲ ਸਬੰਧਤ ਮਾਮਲਿਆਂ ਦੀ ਜਾਂਚ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੇ ਅਨੁਸਾਰ ਵਿਜੀਲੈਂਸ ਅਤੇ ਆਮਦਨ ਕਰ ਵਿਭਾਗ ਦੀ ਜਾਂਚ ਦੌਰਾਨ ਵੀ ਕੋਈ ਖ਼ਾਸ ਇਤਰਾਜ਼ਯੋਗ ਤੱਥ ਸਾਹਮਣੇ ਨਹੀਂ ਆਇਆ ਸੀ। ਹੁਣ ਈਡੀ ਵੱਲੋਂ ਵੀ ਲਗਾਤਾਰ ਦੋ ਦਿਨ ਉਨ੍ਹਾਂ ਦੀ ਰਿਹਾਇਸ਼ 'ਤੇ ਜਾਂਚ ਕੀਤੀ ਗਈ, ਜੋ ਬੀਤੀ ਦੇਰ ਰਾਤ ਮੁਕੰਮਲ ਹੋਈ।

ਸੁੰਦਰ ਸ਼ਾਮ ਅਰੋੜਾ ਨੇ ਕਿਹਾ ਕਿ ਉਹ ਕਿਸੇ ਵੀ ਜਾਂਚ ਤੋਂ ਘਬਰਾਉਣ ਵਾਲੇ ਨਹੀਂ ਹਨ ਅਤੇ ਜਾਂਚ ਏਜੰਸੀਆਂ ਵੱਲੋਂ ਪੁੱਛੇ ਜਾਣ ਵਾਲੇ ਹਰ ਸਵਾਲ ਦਾ ਜਵਾਬ ਦੇਣ ਲਈ ਤਿਆਰ ਹਨ। ਉਨ੍ਹਾਂ ਆਪਣੀ ਸਿਆਸੀ ਸਥਿਤੀ ਸਪੱਸ਼ਟ ਕਰਦਿਆਂ ਕਿਹਾ ਕਿ ਉਹ ਕਾਂਗਰਸੀ ਹਨ ਅਤੇ ਕਾਂਗਰਸੀ ਹੀ ਰਹਿਣਗੇ। ਉਨ੍ਹਾਂ ਕਿਹਾ ਕਿ ਕਾਨੂੰਨੀ ਪ੍ਰਕਿਰਿਆ ਵਿੱਚ ਪੂਰਾ ਸਹਿਯੋਗ ਦੇਣਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਅਤੇ ਉਹ ਇਸ ਨੂੰ ਨਿਭਾਉਣ ਲਈ ਵਚਨਬੱਧ ਹਨ।

ਜ਼ਿਕਰਯੋਗ ਹੈ ਕਿ ਈਡੀ ਦੀ ਟੀਮ ਵੱਲੋਂ ਸੁੰਦਰ ਸ਼ਾਮ ਅਰੋੜਾ ਦੀ ਜੋਧਾਮਲ ਰੋਡ ਸਥਿਤ ਰਿਹਾਇਸ਼ 'ਤੇ ਲਗਾਤਾਰ ਦੋ ਦਿਨ ਜਾਂਚ ਅਤੇ ਪੁੱਛਗਿੱਛ ਕੀਤੀ ਗਈ। ਬੀਤੀ ਦੇਰ ਰਾਤ ਕਰੀਬ 47 ਘੰਟਿਆਂ ਬਾਅਦ ਜਾਂਚ ਦੀ ਕਾਰਵਾਈ ਮੁਕੰਮਲ ਹੋਈ। ਇਸ ਤੋਂ ਬਾਅਦ ਅਰੋੜਾ ਨੇ ਮੀਡੀਆ ਸਾਹਮਣੇ ਆਪਣਾ ਪੱਖ ਰੱਖਦਿਆਂ ਜਾਂਚ ਦੌਰਾਨ ਕਿਸੇ ਵੀ ਤਰ੍ਹਾਂ ਦੀ ਬਰਾਮਦਗੀ ਨਾ ਹੋਣ ਦਾ ਦਾਅਵਾ ਕੀਤਾ।

ਵਿਸ਼ਵਾਸ਼, ਇਮਾਨਦਾਰੀ ਤੇ ਸਮਰਪਣ ਹੀ ਜਿੰਦਗੀ ਵਿਚ ਸਫਲਤਾ ਵਲ ਲੈ ਜਾਣਗੇ= ਪ੍ਰੋ ਮਾਰਕੰਡੇ ਆਹੂਜਾ

ਸਾਂਝੀ ਖ਼ਬਰ

ਦਵਾਈ ਦਾ ਮਕਸਦ ਪੈਸਾ ਕਮਾਉਣਾ ਨਹੀਂ ਸਗੋਂ ਦੁੱਖੀ ਮਨੁੱਖਤਾ ਦੀ ਸੇਵਾ ਕਰਨਾ ਹੈ ,ਸ਼੍ਰੀ ਕ੍ਰਿਸ਼ਨ ਆਯੁਸ਼ ਯੂਨੀਵਰਸਿਟੀ ਵਿਚ ਨਵੇਂ ਦਾਖਲ ਹੋਏ ਵਿਦਿਆ-ਰਥੀਆਂ ਲਈ ਦੀਖਿਆ ਪ੍ਰੋਗਰਾਮ ਦਾ ਆਯੋਜਨ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 4 ਨਵੰਬਰ

ਸ੍ਰੀ ਕ੍ਰਿਸ਼ਨ ਆਯੁਸ਼ ਯੂਨੀਵਰ-ਸਿਟੀ ਵਿਖੇ ਅੱਜ ਦੀਖਿਆ ਸਮਾਰੋਹ ਆਯੋਜਿਤ ਕੀਤਾ ਗਿਆ। ਨਵੇਂ ਦਾਖਲ ਹੋਏ ਵਿਦਿਆਰਥੀਆਂ ਦਾ ਤਿਲਕ ਲਾ ਕੇ ਸੁਆਗਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਜੀਵਨ ਵਿਚ ਸਫਲਤਾ ਪ੍ਰਾਪਤ ਕਰਨ,ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਤੇ ਦਵਾਈ ਦੇ ਖੇਤਰ ਵਿਚ ਲੋਕ ਸੇਵਾ ਦੀ ਭਾਵਨਾ ਨੂੰ ਅਪਨਾਉਣ ਦਾ ਸੰਦੇਸ਼ ਦਿੱਤਾ ਗਿਆ। ਪ੍ਰਸਿੱਧ ਸਿੱਖਿਆ ਸ਼ਾਸ਼ਤਰੀ ਪ੍ਰੋ ਡਾ ਮਾਰਕੰਡੇ ਆਹੂਜਾ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਤੇ ਪ੍ਰੋਗਰਾਮ ਦੀ ਪ੍ਰਧਾਨਗੀ ਵਾਈਸ ਚਾਂਸਲਰ ਪ੍ਰੋ ਵੈਦ ਕਰਤਾਰ ਸਿੰਘ ਧੀਮਾਨ ਨੇ ਕੀਤੀ। ਇਸ ਮੌਕੇ ਡਾ ਆਹੂਜਾ ਨੇ ਕਿਹਾ ਕਿ ਦੀਖਿਆ ਦੌਰਾਨ ਕਹੇ ਗਏ ਸ਼ਬਦ ਵਿਦਿਆ-ਰਥੀਆਂ ਦੇ ਜੀਵਨ ਦੀ ਦਿਸ਼ਾ ਨੂੰ ਆਕਾਰ ਦੇਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨਾਂ ਕਿਹਾ ਕਿ ਮੰਜਿਲ ਤੋਂ ਵੀ ਵੱਧ ਮਹੱਤਵਪੂਰਨ ਹੈ ਕਿ ਅਸੀਂ ਉਸ ਤਕ ਪਹੁੰਚਣ ਦਾ ਰਸਤਾ ਤੇ ਉਸ ਤੇ ਕਿਵੇਂ ਚਲਦੇ ਹਾਂ। ਉਨਾਂ ਨੇ ਆਪਣੇ ਉਦੇਸ਼ ਵਿਚ ਇਮਾਨਦਾਰੀ ਤੇ ਆਪਣੇ ਵਿਸ਼ਵਾਸ਼ਾਂ ਵਿਚ ਦ੍ਰਿੜ ਰਹਿਣ ਦੀ ਹਿੰਮਤ ਦੀ ਜਰੂਰਤ ਤੇ ਜੋਰ ਦਿੱਤਾ। ਮਹਾਂ ਭਾਰਤ ਦੀ ਇਕ ਘਟਨਾ ਦਾ ਹਵਾਲਾ ਦਿੰਦੇ ਹੋਏ ਉਨਾਂ ਕਿਹਾ ਕਿ ਦੁਨੀਆਂ ਦਾ ਸਭ ਤੋਂ ਮਹਾਨ ਤੀਰ ਅੰਦਾਜ ਅਰਜਨ ਵੀ ਕੁਰੂਕਸ਼ੇਤਰ ਦੀ ਲੜਾਈ ਦੌਰਾਨ ਮਾਨਸਿਕ ਟਕਰਾਅ ਤੇ ਲਗਾਅ ਕਾਰਨ ਭਟਕ ਗਿਆ ਸੀ। ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨਾਂ ਸਮਝਾਇਆ ਕਿ ਅਰਜਨ ਦਾ ਭਟਕਣਾ ਉਸ ਦੀ ਫੌਜ ਦੇ ਆਕਾਰ ਕਾਰਨ ਨਹੀਂ ਸੀ,ਸਗੋਂ ਉਸ ਦੇ ਪਰਿਵਾਰ ਤੇ ਅਧਿਆਪਕਾਂ ਪ੍ਰਤੀ ਲਗਾਵ ਤੇ ਪਿਆਰ ਕਾਰਨ ਸੀ। ਵਿਦਿਆਰਥੀਆਂ ਨੂੰ ਅਜੇਹੀਆਂ ਸਥਿਤੀਆਂ ਦਾ ਸਾਹਮਣਾ ਆਪਣੇ ਟੀਚੇ ਪ੍ਰਤੀ ਧੀਰਜ,ਵਿਵੇਕ ਤੇ ਦ੍ਰਿੜਤਾ ਨਾਲ ਕਰਨਾ ਚਾਹੀਦਾ ਹੈ। ਪ੍ਰੋ ਆਹੂਜਾ ਨੇ ਕਿਹਾ ਕਿ ਵਿਦਿਆਰਥੀ ਜੀਵਨ ਵਿਚ ਸਭ ਤੋਂ ਵੱਡਾ ਗੁਣ ਸ਼ਰਧਾ ਹੋਣਾ ਚਾਹੀਦਾ ਹੈ। ਵਿਦਿਆਰ-ਥੀਆਂ ਨੂੰ ਆਪਣੀ ਯੂਨੀਵਰ-ਸਿਟੀ,ਅਧਿਆਪਕਾਂ,ਸੀਨੀਅਰ ਵਿਦਿਆਰਥੀਆਂ ਤੇ ਯੂਨੀਵਰਸਿਟੀ ਵਿਚ ਕੰਮ ਕਰਨ ਵਾਲੇ ਹਰ ਕਰਮਚਾਰੀ ਦਾ ਸਤਕਾਰ ਕਰਨਾ ਚਾਹੀਦਾ ਹੈ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਵੈਦ ਕਰਤਾਰ ਸਿੰਘ ਧੀਮਾਨ ਨੇ ਭਗਵਾਨ ਧਨਵੰਤਰੀ ਦੀ ਅਰਾਧਨਾ ਕਰਦੇ ਹੋਏ ਵਿਦਿਆਰਥੀਆਂ ਨੂੰ ਦਵਾਈ ਦੇ ਖੇਤਰ ਵਿਚ ਲੋਕਾਂ ਦੀ ਸੇਵਾ ਕਰਨ ਦਾ ਪ੍ਰਣ ਲੈਣ ਦੀ ਅਪੀਲ ਕੀਤੀ। ਉਨਾਂ ਕਿਹਾ ਕਿ ਆਯੁਰਵੇਦ ਭਾਰਤੀ ਗਿਆਨ ਪਰੰਪਰਾ,ਸਭਿਆਚਾਰ ਤੇ ਰਿਸ਼ੀਆਂ ਤੇ ਸੰਤਾਂ ਦੇ ਡੂੰਘੇ ਚਿੰਤਨ ਦਾ ਇਕ ਅਨਿਖੜਵਾਂ ਅੰਗ ਹੈ।

ਡਾ ਧੀਮਾਨ ਨੇ ਕਿਹਾ ਕਿ ਡਾਕਟਰੀ ਅਭਿਆਸ ਸਿਰਫ ਪੈਸਾ ਕਮਾਉਣ ਦਾ ਸਾਧਨ ਨਹੀਂ ਹੈ ਸਗੋਂ ਪੀੜਤ ਮਨੁੱਖਤਾ ਦੀ ਸੇਵਾ ਕਰਨ ਤੇ ਉਸ ਦੇ ਦੁੱਖਾਂ ਨੂੰ ਦੂਰ ਕਰਨ ਦਾ ਸਾਧਨ ਹੈ। ਵਿਦਿਆਰਥੀਆਂ ਨੂੰ ਭਗਵਾਨ ਧਨਵੰਤਰੀ ਨੂੰ ਬੁੱਧੀ ਗਿਆਨ ਤੇ ਤਾਕਤ ਲਈ ਪ੍ਰਾਥਨਾ ਕਰਨੀ ਚਾਹੀਦੀ ਹੈ ਤੇ ਸੰਵੇਦਨ-ਸ਼ੀਲ ਹੁਨਰਮੰਦ ਤੇ ਸਫਲ ਡਾਕਟਰ ਬਨਣ ਦਾ ਪ੍ਰਣ ਲੈਣਾ ਚਾਹੀਦਾ ਹੈ। ਉਨਾਂ ਕਿਹਾ ਕਿ ਇਕ ਡਾਕਟਰ ਦੀ ਅਸਲ ਸਫਲਤਾ ਸਿਰਫ ਉਨਾਂ ਦੇ ਗਿਆਨ ਵਿਚ ਹੀ ਨਹੀਂ ਸਗੋਂ ਉਨਾਂ ਦੀ ਸੰਵੇਦਨਸ਼ੀਲਤਾ ਸਮਰਪਣ ਤੇ ਮਰੀਜਾਂ ਪ੍ਰਤੀ ਸੇਵਾ ਵਿਚ ਵੀ ਹੈ।

ਬਾਬਾ ਬਿਬੇਕ ਸਿੰਘ ਵੱਲੋਂ ਸਮੂਹ ਪੱਤਰਕਾਰਾਂ ਨੂੰ ਸਨਮਾਨਿਤ ਕੀਤਾ ਗਿਆ

ਸਾਂਝੀ ਖ਼ਬਰ

(ਅਸ਼ਵਨੀ ਸ਼ਰਮਾਂ):-
ਜੰਡਿਆਲਾ ਗੁਰੂ 4 ਨਵੰਬਰ



ਦਿਵਾਲੀ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਵੱਲੋਂ ਇਲਾਕੇ ਦੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਸਿਰੋਪਾਓ, ਮਿਠਾਈ ਆਦਿ ਭੇਟ ਕਰਕੇ ਅੱਜ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ। ਪੱਤਰਕਾਰ ਹੀ ਸੱਚ ਨੂੰ ਲੋਕਾਂ ਤੱਕ ਪਹੁੰਚਾਉਂਦੇ ਹਨ ਅਤੇ ਸਮਾਜ ਦੀਆਂ ਬੁਰਾਈਆਂ ਨੂੰ ਉਜਾਗਰ ਕਰਕੇ ਸਮਾਜ ਨੂੰ ਸਹੀ ਦਿਸ਼ਾ ਦਿੰਦੇ ਹਨ। ਉਹਨਾਂ ਕਿਹਾ, ਪੱਤਰਕਾਰਤਾ ਸਿਰਫ਼ ਇੱਕ ਪੇਸ਼ਾ ਨਹੀਂ, ਇੱਕ ਸੇਵਾ ਹੈ। ਜਿਸ ਤਰ੍ਹਾਂ ਗੁਰਦੁਆਰੇ ਵਿੱਚ ਸੇਵਾ ਕੀਤੀ ਜਾਂਦੀ ਹੈ, ਉਸੇ ਤਰ੍ਹਾਂ ਕਲਮ ਰਾਹੀਂ ਸੱਚ ਦੀ ਸੇਵਾ ਕਰਨਾ ਵੀ ਬਹੁਤ ਵੱਡੀ ਸੇਵਾ ਹੈ। ਓਹਨਾਂ ਕਿਹਾ ਅਸੀ ਸਮੂਹ ਪੱਤਰਕਾਰ ਵੀਰਾਂ ਦੇ ਧੰਨਵਾਦੀ ਹਾਂ ਜੋ ਗੁਰਦੁਆਰਾ ਸਾਹਿਬ ਦੀਆਂ ਗਤੀਵਿਧੀਆਂ ਨੂੰ ਹਮੇਸ਼ਾ ਸੰਗਤਾਂ ਤੱਕ ਪਹੁੰਚਾਉਂਦੇ ਹਨ।

ਸਨਮਾਨ ਸਮਾਰੋਹ ਦੌਰਾਨ ਪੱਤਰਕਾਰਾਂ ਨੇ ਵੀ ਬਾਬਾ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਾਣ-ਸਨਮਾਨ ਨਾਲ ਉਹਨਾਂ ਦਾ ਹੌਸਲਾ ਹੋਰ ਵਧਿਆ ਹੈ ਅਤੇ ਉਹ ਅੱਗੇ ਤੋਂ ਵੀ ਸੱਚੀ ਤੇ ਨਿਰਪੱਖ ਪੱਤਰਕਾਰਤਾ ਕਰਦੇ ਰਹਿਣਗੇ। ਇਸ ਮੌਕੇ ਬਾਬਾ ਬਿਬੇਕ ਸਿੰਘ ਨਾਲ ਅਮਨਦੀਪ ਸਿੰਘ ਡੱਡੂਆਣਾ ਹਰਪ੍ਰੀਤ ਸਿੰਘ ਹੈੱਡ ਗ੍ਰੰਥੀ, ਹਰਪ੍ਰੀਤ ਸਿੰਘ, ਪਰਤਾਪ ਸਿੰਘ, ਰਣਜੀਤ ਸਿੰਘ, ਇਕਬਾਲ ਸਿੰਘ , ਕਰਨਦੀਪ ਸਿੰਘ ਤੋਂ ਇਲਾਵਾ ਪਤਰਕਾਰ ਭਾਈਚਾਰੇ ਵਿੱਚ ਚੇਅਰਮੈਨ ਸੁਨੀਲ ਦੇਵਗਨ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ, ਕੰਵਲਜੀਤ ਸਿੰਘ ਲਾਡੀ ਪ੍ਰਧਾਨ ਰੋਯਲ ਪ੍ਰੈਸ ਕਲੱਬ, ਜਸਪਾਲ ਸ਼ਰਮਾ, ਪਰਦੀਪ ਜੈਨ, ਇੰਦਰਜੀਤ ਮਹਿਤਾ, ਬਿੱਲਾ, ਲਖਬੀਰ ਸਿੰਘ ਗਿੱਲ, ਕੁਲਵੰਤ ਸਿੰਘ ਵਿਰਦੀ, ਗੁਰਦੇਵ ਸਿੰਘ ਮੱਲ੍ਹੀ, ਸੁਖਜਿੰਦਰ ਸਿੰਘ ਸੋਨੂੰ , ਕਰਮਜੀਤ ਸਿੰਘ,ਦਿਆਲ ਅਰੌੜਾ ਸਤਿੰਦਰ ਸਿੰਘ ਅਠਵਾਲ, ਗੁਰਦੇਵ ਸਿੰਘ ਮਨਜੋਤਰਾ, ਆਦਿ ਮੌਜੂਦ ਸਨ।

ਰਾਏਕੋਟ ਵਿੱਚ ਸਫ਼ਾਈ ਮੁਹਿੰਮ ਦੀ ਖੁੱਲ੍ਹੀ ਪੋਲ, ਥਾਂ-ਥਾਂ ਕੂੜੇ ਦੇ ਢੇਰਾਂ ਨੇ ਵਧਾਈ ਲੋਕਾਂ ਦੀ ਪ੍ਰੇਸ਼ਾਨੀ

ਸਾਂਝੀ ਖ਼ਬਰ

ਨੂਰਮਾਹੀ ਬੱਸ ਸਟੈਂਡ ਦੇ ਪਿਛਲੇ ਪਾਸੇ ਗੰਦਗੀ ਦਾ ਬੋਲਬਾਲਾ, ਅਵਾਰਾ ਪਸ਼ੂਆਂ ਕਾਰਨ ਹਾਦਸਿਆਂ ਤੇ ਬਿਮਾਰੀਆਂ ਦਾ ਖ਼ਦਸ਼ਾ



(ਗੁਰਬਿੰਦਰ ਗੁਰੀ)
ਰਾਏਕੋਟ, 4 ਨਵੰਬਰ

ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਨੂੰ ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਚਲਾਈ ਜਾ ਰਹੀ ਪੰਜਾਬ ਕਲੀਨ ਮੁਹਿੰਮ ਦੇ ਦਾਅਵਿਆਂ 'ਤੇ ਰਾਏਕੋਟ ਸ਼ਹਿਰ ਵਿੱਚ ਸਵਾਲ ਖੜ੍ਹੇ ਹੋ ਰਹੇ ਹਨ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਥਾਂ-ਥਾਂ ਲੱਗੇ ਕੂੜੇ ਦੇ ਢੇਰ ਅਤੇ ਫੈਲੀ ਗੰਦਗੀ ਸਫ਼ਾਈ ਪ੍ਰਬੰਧਾਂ ਦੀ ਹਕੀਕਤ ਬਿਆਨ ਕਰ ਰਹੇ ਹਨ। ਖ਼ਾਸ ਕਰਕੇ ਨੂਰਮਾਹੀ ਬੱਸ ਸਟੈਂਡ ਦੇ ਪਿਛਲੇ ਪਾਸੇ ਗੰਦਗੀ ਦੇ ਵੱਡੇ-ਵੱਡੇ ਢੇਰਾਂ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਲਾਕੇ ਵਿੱਚ ਫੈਲੀ ਗੰਦਗੀ ਅਤੇ ਬਦਬੂ ਨੇ ਲੋਕਾਂ ਦੀ ਪ੍ਰੇਸ਼ਾਨੀ ਵਧਾ ਦਿੱਤੀ ਹੈ। ਇਸ ਦੇ ਨਾਲ ਹੀ ਕੂੜੇ ਦੇ ਢੇਰਾਂ 'ਤੇ ਅਵਾਰਾ ਪਸ਼ੂਆਂ ਦੀ ਭਰਮਾਰ ਰਹਿੰਦੀ ਹੈ, ਜੋ ਕੂੜੇ ਵਿੱਚ ਮੂੰਹ ਮਾਰਨ ਤੋਂ ਬਾਅਦ ਸੜਕਾਂ 'ਤੇ ਘੁੰਮਦੇ ਰਹਿੰਦੇ ਹਨ। ਇਸ ਕਾਰਨ ਰਾਹਗੀਰਾਂ ਅਤੇ ਵਾਹਨ ਚਾਲਕਾਂ ਲਈ ਹਾਦਸਿਆਂ ਦਾ ਖ਼ਤਰਾ ਬਣਿਆ ਹੋਇਆ ਹੈ। ਅਜਿਹੇ ਹਾਲਾਤ ਵਿੱਚ ਸਫ਼ਾਈ ਦੇ ਨਾਲ-ਨਾਲ ਅਵਾਰਾ ਪਸ਼ੂਆਂ ਦੀ ਸਮੱਸਿਆ ਦਾ ਹੱਲ ਕਰਨਾ ਵੀ ਨਗਰ ਕੌਂਸਲ ਲਈ ਅਹਿਮ ਚੁਣੌਤੀ ਬਣਿਆ ਹੋਇਆ ਹੈ।

ਸਥਾਨਕ ਲੋਕਾਂ ਅਨੁਸਾਰ ਲੰਮੇ ਸਮੇਂ ਤੋਂ ਇਕੱਠੀ ਹੋ ਰਹੀ ਗੰਦਗੀ ਕਾਰਨ ਇਲਾਕੇ ਦਾ ਵਾਤਾਵਰਨ ਪ੍ਰਭਾਵਿਤ ਹੋ ਰਿਹਾ ਹੈ। ਕੂੜੇ ਦੇ ਢੇਰਾਂ ਵਿੱਚੋਂ ਉੱਠਦੀ ਬਦਬੂ ਅਤੇ ਮੱਖੀਆਂ-ਮੱਛਰਾਂ ਦੀ ਸੰਭਾਵਿਤ ਪੈਦਾਵਾਰ ਕਾਰਨ ਬਿਮਾਰੀਆਂ ਫੈਲਣ ਦਾ ਖ਼ਦਸ਼ਾ ਵੀ ਬਣਿਆ ਹੋਇਆ ਹੈ। ਲੋਕਾਂ ਦਾ ਕਹਿਣਾ ਹੈ ਕਿ ਸਮੱਸਿਆ ਸਿਰਫ਼ ਨੂਰਮਾਹੀ ਬੱਸ ਸਟੈਂਡ ਦੇ ਪਿਛਲੇ ਪਾਸੇ ਤੱਕ ਸੀਮਤ ਨਹੀਂ, ਸਗੋਂ ਸ਼ਹਿਰ ਦੇ ਹੋਰਨਾਂ ਹਿੱਸਿਆਂ ਵਿੱਚ ਵੀ ਸਫ਼ਾਈ ਪ੍ਰਬੰਧਾਂ ਵੱਲ ਵਧੇਰੇ ਧਿਆਨ ਦੇਣ ਦੀ ਲੋੜ ਹੈ।

ਸ਼ਹਿਰ ਵਿੱਚ ਥਾਂ-ਥਾਂ ਲੱਗੇ ਕੂੜੇ ਦੇ ਢੇਰਾਂ ਨੇ ਸਫ਼ਾਈ ਮੁਹਿੰਮ ਦੀ ਕਾਰਗੁਜ਼ਾਰੀ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਲੋਕਾਂ ਦਾ ਕਹਿਣਾ ਹੈ ਕਿ ਸਿਰਫ਼ ਮੁਹਿੰਮਾਂ ਚਲਾਉਣ ਜਾਂ ਸਾਫ਼-ਸਫ਼ਾਈ ਦੇ ਦਾਅਵੇ ਕਰਨ ਨਾਲ ਸ਼ਹਿਰ ਸਾਫ਼ ਨਹੀਂ ਹੋ ਸਕਦਾ, ਸਗੋਂ ਇਸ ਲਈ ਨਿਯਮਤ ਸਫ਼ਾਈ, ਕੂੜੇ ਦੀ ਸਮੇਂ ਸਿਰ ਚੁਕਾਈ ਅਤੇ ਪ੍ਰਭਾਵਸ਼ਾਲੀ ਨਿਗਰਾਨੀ ਯਕੀਨੀ ਬਣਾਉਣੀ ਜ਼ਰੂਰੀ ਹੈ।

ਲੋਕਾਂ ਨੇ ਕੀਤੀ ਤੁਰੰਤ ਕਾਰਵਾਈ ਦੀ ਮੰਗ

ਸ਼ਹਿਰ ਵਾਸੀਆਂ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਨੂਰਮਾਹੀ ਬੱਸ ਸਟੈਂਡ ਦੇ ਪਿਛਲੇ ਪਾਸੇ ਸਮੇਤ ਸ਼ਹਿਰ ਦੇ ਹੋਰਨਾਂ ਪ੍ਰਭਾਵਿਤ ਇਲਾਕਿਆਂ ਵਿੱਚੋਂ ਕੂੜੇ ਦੇ ਢੇਰ ਤੁਰੰਤ ਚੁਕਵਾਏ ਜਾਣ ਅਤੇ ਰੋਜ਼ਾਨਾ ਸਫ਼ਾਈ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ। ਇਸ ਦੇ ਨਾਲ ਹੀ ਅਵਾਰਾ ਪਸ਼ੂਆਂ ਦੀ ਸਮੱਸਿਆ ਦਾ ਵੀ ਢੁੱਕਵਾਂ ਹੱਲ ਕੱਢਿਆ ਜਾਵੇ, ਤਾਂ ਜੋ ਲੋਕਾਂ ਨੂੰ ਹਾਦਸਿਆਂ ਅਤੇ ਸਿਹਤ ਸਬੰਧੀ ਖ਼ਤਰਿਆਂ ਤੋਂ ਬਚਾਇਆ ਜਾ ਸਕੇ।

ਇਸ ਸਬੰਧੀ ਜਦੋਂ ਨਗਰ ਕੌਂਸਲ ਰਾਏਕੋਟ ਦੇ ਕਾਰਜ ਸਾਧਕ ਅਫ਼ਸਰ ਵਿਕਾਸ ਉੱਪਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਸਫ਼ਾਈ ਕਰਵਾਈ ਜਾਵੇਗੀ।

ਹੁਣ ਦੇਖਣਾ ਇਹ ਹੋਵੇਗਾ ਕਿ ਨਗਰ ਕੌਂਸਲ ਆਪਣੇ ਇਸ ਭਰੋਸੇ ਨੂੰ ਕਿੰਨੀ ਜਲਦੀ ਅਮਲੀ ਰੂਪ ਦਿੰਦੀ ਹੈ ਅਤੇ ਸ਼ਹਿਰ ਵਾਸੀਆਂ ਨੂੰ ਗੰਦਗੀ ਤੋਂ ਨਿਜਾਤ ਦਿਵਾਉਣ ਲਈ ਕਦੋਂ ਠੋਸ ਕਦਮ ਚੁੱਕੇ ਜਾਂਦੇ ਹਨ।

ਮੁੱਖ ਮੰਤਰੀ ਮਾਨ ਨੇ ਦੀਵਾਲੀ ਮੌਕੇ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦਿੱਤਾ ਵੱਡਾ ਤੋਹਫ਼ਾ : ਮੰਤਰੀ ਸੌਂਦ*

ਸਾਂਝੀ ਖ਼ਬਰ

ਡੀਏ ਵਿੱਚ 3 ਫ਼ੀਸਦੀ ਵਾਧੇ ਨਾਲ ਮੁਲਾਜ਼ਮਾਂ ਨੂੰ ਮਿਲੇਗਾ ਸਾਲਾਨਾ 3,988 ਕਰੋੜ ਰੁਪਏ ਦਾ ਵਿੱਤੀ ਲਾਭ, ਪੰਜਾਬ ਸਰਕਾਰ ਮੁਲਾਜ਼ਮਾਂ ਦੇ ਹਿੱਤਾਂ ਲਈ ਵਚਨਬੱਧ : ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ

ਜਸਵੀਰ ਸਿੰਘ ਮਣਕੂ
ਖੰਨਾ, 4 ਨਵੰਬਰ :

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਕਰੀਬ 8 ਲੱਖ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਦੀਵਾਲੀ ਦਾ ਵੱਡਾ ਤੋਹਫ਼ਾ ਦਿੰਦਿਆਂ ਮਹਿੰਗਾਈ ਭੱਤੇ (ਡੀਏ) ਵਿੱਚ 3 ਫੀਸਦੀ ਵਾਧਾ ਕਰਨ ਦੇ ਫੈਸਲੇ ਦਾ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸਵਾਗਤ ਕੀਤਾ ਹੈ।

ਮੰਤਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਹਿੱਤ ਵਿੱਚ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਡੀਏ ਵਿੱਚ 3 ਫੀਸਦੀ ਵਾਧੇ ਤੋਂ ਬਾਅਦ ਹੁਣ ਮਹਿੰਗਾਈ ਭੱਤਾ ਵਧ ਕੇ 53 ਫੀਸਦੀ ਹੋ ਗਿਆ ਹੈ। ਇਸ ਫੈਸਲੇ ਨਾਲ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸਾਲਾਨਾ ਕਰੀਬ 3,988 ਕਰੋੜ ਰੁਪਏ ਦਾ ਵਿੱਤੀ ਲਾਭ ਮਿਲੇਗਾ।



ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸਰਕਾਰੀ ਮੁਲਾਜ਼ਮ ਕਿਸੇ ਵੀ ਸਰਕਾਰ ਅਤੇ ਪ੍ਰਸ਼ਾਸਨਿਕ ਵਿਵਸਥਾ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਉਨ੍ਹਾਂ ਦੀ ਮਿਹਨਤ ਅਤੇ ਸਮਰਪਣ ਸਦਕਾ ਹੀ ਸਰਕਾਰੀ ਯੋਜਨਾਵਾਂ ਆਮ ਲੋਕਾਂ ਤੱਕ ਪਹੁੰਚਦੀਆਂ ਹਨ। ਪੰਜਾਬ ਸਰਕਾਰ ਮੁਲਾਜ਼ਮਾਂ ਦੇ ਅਧਿਕਾਰਾਂ, ਭਲਾਈ ਅਤੇ ਬਿਹਤਰ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੀਵਾਲੀ ਦੇ ਮੌਕੇ ਇਹ ਫੈਸਲਾ ਲੈ ਕੇ ਮੁਲਾਜ਼ਮਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਖੁਸ਼ੀਆਂ ਵਿੱਚ ਹੋਰ ਵਾਧਾ ਕੀਤਾ ਹੈ। ਪੰਜਾਬ ਸਰਕਾਰ ਲੋਕ ਹਿੱਤਾਂ ਦੇ ਨਾਲ-ਨਾਲ ਮੁਲਾਜ਼ਮਾਂ ਦੇ ਹਿੱਤਾਂ ਨੂੰ ਵੀ ਪਹਿਲ ਦੇ ਰਹੀ ਹੈ।

ਮੰਤਰੀ ਸੌਂਦ ਨੇ ਸੂਬੇ ਦੇ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦੀਵਾਲੀ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁੱਖ-ਸਮ੍ਰਿੱਧੀ ਅਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਦੀਵਾਲੀ ਮੌਕੇ ਪਟਾਕਿਆਂ ਦਾ ਧੂੰਆਂ ਸਾਹ ਅਤੇ ਦਿਲ ਦੇ ਮਰੀਜ਼ਾਂ ਲਈ ਬਣ ਸਕਦਾ ਹੈ ਗੰਭੀਰ ਖ਼ਤਰਾ : ਡਾ. ਹਰਜੀਤ ਸਿੰਘ

ਹਵਾ ਪ੍ਰਦੂਸ਼ਣ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਅਤੇ ਬੱਚਿਆਂ ਤੇ ਬਜ਼ੁਰਗਾਂ ਦੀ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣ ਦੀ ਲੋੜ : ਐਮ.ਡੀ. ਐਸ.ਐਸ. ਮੈਡੀਸਿਟੀ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 4 ਨਵੰਬਰ

ਦੀਵਾਲੀ ਖੁਸ਼ੀਆਂ ਅਤੇ ਰੌਸ਼ਨੀਆਂ ਦਾ ਤਿਉਹਾਰ ਹੈ, ਪਰ ਇਸ ਮੌਕੇ ਪਟਾਕਿਆਂ ਨਾਲ ਵਧਣ ਵਾਲਾ ਹਵਾ ਪ੍ਰਦੂਸ਼ਣ ਲੋਕਾਂ ਦੀ ਸਿਹਤ ਲਈ ਗੰਭੀਰ ਖ਼ਤਰਾ ਬਣ ਸਕਦਾ ਹੈ। ਪਟਾਕਿਆਂ ਵਿੱਚੋਂ ਨਿਕਲਣ ਵਾਲਾ ਜ਼ਹਿਰੀਲਾ ਧੂੰਆਂ ਖਾਸ ਕਰਕੇ ਫੇਫੜਿਆਂ ਅਤੇ ਸਾਹ ਪ੍ਰਣਾਲੀ ਨੂੰ ਪ੍ਰਭਾਵਿਤ ਕਰਦਾ ਹੈ। ਐਸ.ਐਸ. ਮੈਡੀਸਿਟੀ ਦੇ ਐਮ.ਡੀ. ਡਾ. ਹਰਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਤਿਉਹਾਰ ਮਨਾਉਂਦੇ ਸਮੇਂ ਸਿਹਤ ਨੂੰ ਪਹਿਲ ਦੇਣ ਅਤੇ ਬੇਲੋੜੇ ਪਟਾਕੇ ਚਲਾਉਣ ਤੋਂ ਗੁਰੇਜ਼ ਕਰਨ।

ਡਾ. ਹਰਜੀਤ ਸਿੰਘ ਨੇ ਕਿਹਾ ਕਿ ਪਟਾਕਿਆਂ ਦੇ ਧੂੰਏਂ ਵਿੱਚ ਮੌਜੂਦ ਬਰੀਕ ਪ੍ਰਦੂਸ਼ਣਕਾਰੀ ਕਣ ਅਤੇ ਹਾਨੀਕਾਰਕ ਰਸਾਇਣ ਫੇਫੜਿਆਂ ਵਿੱਚ ਜਲਣ ਅਤੇ ਸੋਜ ਪੈਦਾ ਕਰ ਸਕਦੇ ਹਨ। ਇਸ ਕਾਰਨ ਖੰਘ, ਗਲੇ ਵਿੱਚ ਖਰਾਸ਼, ਸਾਹ ਲੈਣ ਵਿੱਚ ਤਕਲੀਫ਼ ਅਤੇ ਛਾਤੀ ਵਿੱਚ ਜਕੜਨ ਵਰਗੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਖਾਸ ਤੌਰ 'ਤੇ ਦਮਾ ਅਤੇ ਸਾਹ ਦੀਆਂ ਹੋਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਲਈ ਪ੍ਰਦੂਸ਼ਿਤ ਹਵਾ ਵਧੇਰੇ ਨੁਕਸਾਨਦੇਹ ਹੈ। ਇਸ ਦਾ ਅਸਰ ਦਿਲ ਦੇ ਰੋਗੀਆਂ, ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਦੀ ਸਿਹਤ 'ਤੇ ਵੀ ਪੈ ਸਕਦਾ ਹੈ।

ਉਨ੍ਹਾਂ ਕਿਹਾ ਕਿ ਬੱਚਿਆਂ ਅਤੇ ਬਜ਼ੁਰਗਾਂ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਵਿਸ਼ੇਸ਼ ਸਾਵਧਾਨੀ ਵਰਤਣੀ ਚਾਹੀਦੀ ਹੈ। ਦਮੇ ਅਤੇ ਸਾਹ ਦੇ ਮਰੀਜ਼ ਆਪਣੀਆਂ ਦਵਾਈਆਂ ਸਮੇਂ ਸਿਰ ਲੈਣ ਅਤੇ ਡਾਕਟਰ ਵੱਲੋਂ ਦੱਸਿਆ ਇਨਹੇਲਰ ਆਪਣੇ ਕੋਲ ਰੱਖਣ। ਪ੍ਰਦੂਸ਼ਣ ਵਧਣ ਸਮੇਂ ਬਿਨਾਂ ਲੋੜ ਘਰੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜ਼ਰੂਰੀ ਕੰਮ ਲਈ ਬਾਹਰ ਜਾਣ ਸਮੇਂ ਚੰਗੀ ਗੁਣਵੱਤਾ ਵਾਲਾ ਮਾਸਕ ਪਹਿਨਿਆ ਜਾਵੇ। ਘਰਾਂ ਅੰਦਰ ਸਾਫ਼ ਹਵਾ ਦਾ ਪ੍ਰਬੰਧ ਰੱਖਣ ਦੇ ਨਾਲ ਧੂੰਆਂ ਪੈਦਾ ਕਰਨ ਵਾਲੀਆਂ ਚੀਜ਼ਾਂ ਦੀ ਵਰਤੋਂ ਵੀ ਘੱਟ ਕਰਨੀ ਚਾਹੀਦੀ ਹੈ।

ਡਾ. ਹਰਜੀਤ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਦੀਵਾਲੀ ਵਾਤਾਵਰਨ ਪੱਖੀ ਢੰਗ ਨਾਲ ਮਨਾਉਂਦੇ ਹੋਏ ਮਿੱਟੀ ਦੇ ਦੀਵੇ ਜਗਾਉਣ ਅਤੇ ਪਟਾਕਿਆਂ ਦੀ ਬੇਲੋੜੀ ਵਰਤੋਂ ਤੋਂ ਬਚਣ। ਉਨ੍ਹਾਂ ਕਿਹਾ ਕਿ ਤਿਉਹਾਰ ਦੀ ਖੁਸ਼ੀ ਕਿਸੇ ਦੂਜੇ ਵਿਅਕਤੀ ਲਈ ਸਿਹਤ ਦੀ ਸਮੱਸਿਆ ਨਹੀਂ ਬਣਨੀ ਚਾਹੀਦੀ।

ਉਨ੍ਹਾਂ ਅੱਗੇ ਕਿਹਾ ਕਿ ਦੀਵਾਲੀ ਤੋਂ ਬਾਅਦ ਵੀ ਹਵਾ ਪ੍ਰਦੂਸ਼ਣ ਦਾ ਅਸਰ ਕਈ ਦਿਨਾਂ ਤੱਕ ਰਹਿ ਸਕਦਾ ਹੈ। ਇਸ ਲਈ ਲਗਾਤਾਰ ਖੰਘ, ਸਾਹ ਲੈਣ ਵਿੱਚ ਮੁਸ਼ਕਲ, ਛਾਤੀ ਵਿੱਚ ਦਰਦ ਜਾਂ ਸਾਹ ਲੈਂਦੇ ਸਮੇਂ ਘਰਘਰਾਹਟ ਹੋਣ 'ਤੇ ਤੁਰੰਤ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਿਹਤਮੰਦ ਵਾਤਾਵਰਨ ਹੀ ਸਿਹਤਮੰਦ ਸਮਾਜ ਦੀ ਨੀਂਹ ਹੈ ਅਤੇ ਪ੍ਰਦੂਸ਼ਣ ਤੋਂ ਬਚਾਅ ਲਈ ਹਰੇਕ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

ਤਿਉਹਾਰਾਂ ਦੇ ਮੱਦੇ ਨਜਰ ਪੁਲਿਸ ਨੇ ਬਾਬੈਨ ਦੇ ਬਜਾਰਾਂ ਵਿਚ ਕਬਜੇ ਹਟਾਉਣ ਦੀ ਮੁਹਿੰਮ ਚਲਾਈ, ਪੁਲਿਸ ਨੇ ਦੁਕਾਨਦਾਰਾਂ ਨੂੰ ਸਖਤ ਚੇਤਾਵਨੀ ਜਾਰੀ ਕੀਤੀ

ਦੁਕਾਨਾਂ ਦੇ ਬਾਹਰ ਸਮਾਨ ਰਖੱਣ ਤੇ ਬਜਾਰ ਵਿਚ ਪਟਾਕੇ ਵੇਚਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਏਗੀ= ਬਲਬੀਰ ਦੱਤ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 4 ਨਵੰਬਰ

ਤਿਉਹਾਰਾਂ ਦੇ ਸੀਜਨ ਦੇ ਮੱਦੇ ਨਜਰ ਪੁਲਿਸ ਨੇ ਬਾਬੈਨ ਦੇ ਬਜਾਰਾਂ ਵਿਚ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜੇ ਹਟਾਉਣ ਤੇ ਸੁਚਾਰੂ ਆਵਾਜਾਈ ਨੂੰ ਬਣਾਈ ਰਖੱਣ ਲਈ ਇਕ ਵਿਸ਼ੇਸ਼ ਮੁਹਿੰਮ ਚਲਾਈ। ਥਾਣਾ ਅਧਿਕਾਰੀ ਬਲਬੀਰ ਦੱਤ ਦੀ ਅਗਵਾਈ ਹੇਠ ਤੇ ਪੇਡੰੂ ਸਕੱਤਰ ਦੀ ਮੌਜੂਦਗੀ ਵਿਚ ਚਲਾਈ ਗਈ ਇਸ ਮੁਹਿੰਮ ਦੌਰਾਨ ਆਪਣੀਆਂ ਦੁਕਾਨਾਂ ਦੇ ਬਾਹਰ ਸਮਾਨ ਰੱਖ ਕੇ ਬਜਾਰ ਵਿਚ ਕਬਜਾ ਕਰਨ ਵਾਲਿਆਂ ਦੁਕਾਨਦਾਰਾਂ ਨੂੰ ਸਖਤ ਚੇਤਾਵਨੀ ਦਿੱਤੀ ਗਈ। ਥਾਣਾ ਇੰਚਾਰਜ ਬਲਬੀਰ ਦੱਤ ਨੇ ਦੁਕਾਨਦਾਰਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਆਪਣੀਆਂ ਦੁਕਾਨਾਂ ਦੀਆਂ ਨਿਰਧਾਰਤ ਸੀਮਾਵਾਂ ਤੋਂ ਬਾਹਰ ਸਮਾਨ ਰੱਖ ਕੇ ਬਜਾਰ ਵਿਚ ਕਬਜਾ ਨਾ ਕਰਨ,ਅਜੇਹਾ ਕਰਨ ਵਾਲਿਆਂ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਏਗੀ। ਉਨਾਂ ਕਿਹਾ ਕਿ ਅਕਸਰ ਤਿਉਹਾਰਾਂ ਦੌਰਾਨ ਬਜਾਰਾਂ ਵਿਚ ਭੀੜ ਵੱਧ ਜਾਂਦੀ ਹੈ ਤੇ ਇਸ ਕਾਰਨ ਦੁਕਾਨਦਾਰਾਂ ਵਲੋਂ ਕੀਤੇ ਗਏ ਕਬਜੇ ਟ੍ਰੈਫਿਕ ਜਾਮ ਤੇ ਯਾਤਰੀਆਂ ਦੀ ਅਸੁਵਿਧਾ ਦਾ ਕਾਰਨ ਬਣਦੇ ਹਨ। ਉਨਾਂ ਨੇ ਦੁਕਾਨਦਾਰਾਂ ਨੂੰ ਵਿਸ਼ੇਸ਼ ਤੌਰ ਤੇ ਹਦਾਇਤ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਵਿਚ ਪਟਾਕੇ ਨਾ ਰਖੱਣ ਤੇ ਨਾ ਹੀ ਵੇਚਣ। ਜੇਕਰ ਨਿਯਮਾਂ ਦੀ ਉਲਘੰਣਾ ਕਰਦੇ ਹੋਏ ਬਜਾਰ ਵਿਚ ਕੋਈ ਦੁਕਾਨਦਾਰ ਪਟਾਕੇ ਸਟੋਰ ਕਰਦਾ ਜਾਂ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਏਗੀ। ਥਾਣਾ ਇੰਚਾਰਜ ਨੇ ਦਿੱਸਿਆ ਕਿ ਤਿਉਹਾਰਾਂ ਦੌਰਾਨ ਅਕਸਰ ਅੱਗ ਲੱਗੱਣ ਤੇ ਹੋਰ ਅਣਸੁਖਾਵੀਂਆਂ ਘਟਨਾਵਾਂ ਦਾ ਖਤਰਾ ਰਹਿੰਦਾ ਹੈ। ਅਜੇਹੀ ਸਥਿਤੀ ਵਿਚ ਜੇਕਰ ਸੜਕਾਂ ਤੇ ਕਬਜੇ ਕਾਰਨ ਰੁਕਾਵਟ ਆਉਂਦੀ ਹੈ ਤਾਂ ਪੁਲਿਸ ਤੇ ਫਾਇਰ ਬ੍ਰਿਗੇਡ ਟੀਮਾਂ ਨੂੰ ਘਟਨਾ ਸਥਾਨ ਤੇ ਪਹੁੰਚਣ ਵਿਚ ਕਾਫੀ ਮੁਸ਼ਕਲ ਆ ਸਕਦੀ ਹੈ । ਇਸ ਲਈ ਬਜਾਰਾਂ ਨੂੰ ਖੁੱਲਾ ਤੇ ਵਿਵਸਥਾਬੱਧ ਰਖੱਣਾ ਸਾਰਿਆਂ ਦੀ ਸਮੂਹਿਕ ਜਿੰਮੇਵਾਰੀ ਹੈ । ਉਨਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਤੇ ਅਦਾਰਿਆਂ ਵਿਚ ਸੀ ਸੀ ਟੀ ਵੀ ਕੈਮਰੇ ਲਗਾਉਣ ਤਾਂ ਜੋ ਪੁਲਿਸ ਬਜਾਰ ਵਿਚ ਹਰ ਗਤੀਵਿਧੀ ਤੇ ਤਿੱਖੀ ਨਜਰ ਰੱਖ ਸਕੇ ਤੇ ਕਿਸੇ ਵੀ ਸਮਾਜ ਵਿਰੋਧੀ ਤੱਤ ਨੂੰ ਅਪਰਾਧ ਕਰਨ ਤੇ ਆਸਾਨੀ ਨਾਲ ਭੱਜਣ ਤੋਂ ਰੋਕਿਆ ਜਾ ਸਕੇ। ਥਾਣਾ ਇੰਚਾਰਜ ਨੇ ਕਿਹਾ ਕਿ ਪੁਲਿਸ ਦਾ ਉਦੇਸ਼ ਦੁਕਾਨਦਾਰਾਂ ਨੂੰ ਪ੍ਰੇਸ਼ਾਨ ਕਰਨ ਨਹੀਂ ਹੈ ,ਸਗੋਂ ਤਿਉਹਾਰਾਂ ਦੇ ਸੀਜਨ ਵਿਚ ਬਜਾਰਾਂ ਵਿਚ ਸੁਰਿੱਖਆ,ਸ਼ਾਂਤੀ ਵਿਵਸਥਾ ਬਣਾਈ ਰਖੱਣਾ ਹੈ। ਉਨਾਂ ਸਾਰੇ ਦੁਕਾਨਦਾਰਾਂ ਨੂੰ ਪ੍ਰਸ਼ਾਸ਼ਨ ਨਾਲ ਮਿਲ ਕੇ ਸਹਿਯੋਗ ਕਰਨ ਤੇ ਬਜਾਰਾਂ ਨੂੰ ਕਬਜਾ ਮੁਕਤ ਰਖੱਣ ਦੀ ਅਪੀਲ ਕੀਤੀ।

ਤਿਉਹਾਰਾਂ ਦੇ ਮੱਦੇ ਨਜਰ ਪੁਲਿਸ ਨੇ ਬਾਬੈਨ ਦੇ ਬਜਾਰਾਂ ਵਿਚ ਕਬਜੇ ਹਟਾਉਣ ਦੀ ਮੁਹਿੰਮ ਚਲਾਈ, ਪੁਲਿਸ ਨੇ ਦੁਕਾਨਦਾਰਾਂ ਨੂੰ ਸਖਤ ਚੇਤਾਵਨੀ ਜਾਰੀ ਕੀਤੀ

ਦੁਕਾਨਾਂ ਦੇ ਬਾਹਰ ਸਮਾਨ ਰਖੱਣ ਤੇ ਬਜਾਰ ਵਿਚ ਪਟਾਕੇ ਵੇਚਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਏਗੀ= ਬਲਬੀਰ ਦੱਤ



ਸਤਨਾਮ ਸਿੰਘ
ਸ਼ਾਹਬਾਦ ਮਾਰਕੰਡਾ 4 ਨਵੰਬਰ

ਤਿਉਹਾਰਾਂ ਦੇ ਸੀਜਨ ਦੇ ਮੱਦੇ ਨਜਰ ਪੁਲਿਸ ਨੇ ਬਾਬੈਨ ਦੇ ਬਜਾਰਾਂ ਵਿਚ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ ਕਬਜੇ ਹਟਾਉਣ ਤੇ ਸੁਚਾਰੂ ਆਵਾਜਾਈ ਨੂੰ ਬਣਾਈ ਰਖੱਣ ਲਈ ਇਕ ਵਿਸ਼ੇਸ਼ ਮੁਹਿੰਮ ਚਲਾਈ। ਥਾਣਾ ਅਧਿਕਾਰੀ ਬਲਬੀਰ ਦੱਤ ਦੀ ਅਗਵਾਈ ਹੇਠ ਤੇ ਪੇਡੰੂ ਸਕੱਤਰ ਦੀ ਮੌਜੂਦਗੀ ਵਿਚ ਚਲਾਈ ਗਈ ਇਸ ਮੁਹਿੰਮ ਦੌਰਾਨ ਆਪਣੀਆਂ ਦੁਕਾਨਾਂ ਦੇ ਬਾਹਰ ਸਮਾਨ ਰੱਖ ਕੇ ਬਜਾਰ ਵਿਚ ਕਬਜਾ ਕਰਨ ਵਾਲਿਆਂ ਦੁਕਾਨਦਾਰਾਂ ਨੂੰ ਸਖਤ ਚੇਤਾਵਨੀ ਦਿੱਤੀ ਗਈ। ਥਾਣਾ ਇੰਚਾਰਜ ਬਲਬੀਰ ਦੱਤ ਨੇ ਦੁਕਾਨਦਾਰਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਆਪਣੀਆਂ ਦੁਕਾਨਾਂ ਦੀਆਂ ਨਿਰਧਾਰਤ ਸੀਮਾਵਾਂ ਤੋਂ ਬਾਹਰ ਸਮਾਨ ਰੱਖ ਕੇ ਬਜਾਰ ਵਿਚ ਕਬਜਾ ਨਾ ਕਰਨ,ਅਜੇਹਾ ਕਰਨ ਵਾਲਿਆਂ ਖਿਲਾਫ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਏਗੀ। ਉਨਾਂ ਕਿਹਾ ਕਿ ਅਕਸਰ ਤਿਉਹਾਰਾਂ ਦੌਰਾਨ ਬਜਾਰਾਂ ਵਿਚ ਭੀੜ ਵੱਧ ਜਾਂਦੀ ਹੈ ਤੇ ਇਸ ਕਾਰਨ ਦੁਕਾਨਦਾਰਾਂ ਵਲੋਂ ਕੀਤੇ ਗਏ ਕਬਜੇ ਟ੍ਰੈਫਿਕ ਜਾਮ ਤੇ ਯਾਤਰੀਆਂ ਦੀ ਅਸੁਵਿਧਾ ਦਾ ਕਾਰਨ ਬਣਦੇ ਹਨ। ਉਨਾਂ ਨੇ ਦੁਕਾਨਦਾਰਾਂ ਨੂੰ ਵਿਸ਼ੇਸ਼ ਤੌਰ ਤੇ ਹਦਾਇਤ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਵਿਚ ਪਟਾਕੇ ਨਾ ਰਖੱਣ ਤੇ ਨਾ ਹੀ ਵੇਚਣ। ਜੇਕਰ ਨਿਯਮਾਂ ਦੀ ਉਲਘੰਣਾ ਕਰਦੇ ਹੋਏ ਬਜਾਰ ਵਿਚ ਕੋਈ ਦੁਕਾਨਦਾਰ ਪਟਾਕੇ ਸਟੋਰ ਕਰਦਾ ਜਾਂ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਏਗੀ। ਥਾਣਾ ਇੰਚਾਰਜ ਨੇ ਦਿੱਸਿਆ ਕਿ ਤਿਉਹਾਰਾਂ ਦੌਰਾਨ ਅਕਸਰ ਅੱਗ ਲੱਗੱਣ ਤੇ ਹੋਰ ਅਣਸੁਖਾਵੀਂਆਂ ਘਟਨਾਵਾਂ ਦਾ ਖਤਰਾ ਰਹਿੰਦਾ ਹੈ। ਅਜੇਹੀ ਸਥਿਤੀ ਵਿਚ ਜੇਕਰ ਸੜਕਾਂ ਤੇ ਕਬਜੇ ਕਾਰਨ ਰੁਕਾਵਟ ਆਉਂਦੀ ਹੈ ਤਾਂ ਪੁਲਿਸ ਤੇ ਫਾਇਰ ਬ੍ਰਿਗੇਡ ਟੀਮਾਂ ਨੂੰ ਘਟਨਾ ਸਥਾਨ ਤੇ ਪਹੁੰਚਣ ਵਿਚ ਕਾਫੀ ਮੁਸ਼ਕਲ ਆ ਸਕਦੀ ਹੈ । ਇਸ ਲਈ ਬਜਾਰਾਂ ਨੂੰ ਖੁੱਲਾ ਤੇ ਵਿਵਸਥਾਬੱਧ ਰਖੱਣਾ ਸਾਰਿਆਂ ਦੀ ਸਮੂਹਿਕ ਜਿੰਮੇਵਾਰੀ ਹੈ । ਉਨਾਂ ਦੁਕਾਨਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਤੇ ਅਦਾਰਿਆਂ ਵਿਚ ਸੀ ਸੀ ਟੀ ਵੀ ਕੈਮਰੇ ਲਗਾਉਣ ਤਾਂ ਜੋ ਪੁਲਿਸ ਬਜਾਰ ਵਿਚ ਹਰ ਗਤੀਵਿਧੀ ਤੇ ਤਿੱਖੀ ਨਜਰ ਰੱਖ ਸਕੇ ਤੇ ਕਿਸੇ ਵੀ ਸਮਾਜ ਵਿਰੋਧੀ ਤੱਤ ਨੂੰ ਅਪਰਾਧ ਕਰਨ ਤੇ ਆਸਾਨੀ ਨਾਲ ਭੱਜਣ ਤੋਂ ਰੋਕਿਆ ਜਾ ਸਕੇ। ਥਾਣਾ ਇੰਚਾਰਜ ਨੇ ਕਿਹਾ ਕਿ ਪੁਲਿਸ ਦਾ ਉਦੇਸ਼ ਦੁਕਾਨਦਾਰਾਂ ਨੂੰ ਪ੍ਰੇਸ਼ਾਨ ਕਰਨ ਨਹੀਂ ਹੈ ,ਸਗੋਂ ਤਿਉਹਾਰਾਂ ਦੇ ਸੀਜਨ ਵਿਚ ਬਜਾਰਾਂ ਵਿਚ ਸੁਰਿੱਖਆ,ਸ਼ਾਂਤੀ ਵਿਵਸਥਾ ਬਣਾਈ ਰਖੱਣਾ ਹੈ। ਉਨਾਂ ਸਾਰੇ ਦੁਕਾਨਦਾਰਾਂ ਨੂੰ ਪ੍ਰਸ਼ਾਸ਼ਨ ਨਾਲ ਮਿਲ ਕੇ ਸਹਿਯੋਗ ਕਰਨ ਤੇ ਬਜਾਰਾਂ ਨੂੰ ਕਬਜਾ ਮੁਕਤ ਰਖੱਣ ਦੀ ਅਪੀਲ ਕੀਤੀ।

ਸੰਤ ਸੀਚੇਵਾਲ ਦੀ ਅਗਵਾਈ ਹੇਠ ਹੋਈ ਬੁੱਢੇ ਦਰਿਆ ਬਾਰੇ ਬਣੀ ਕਮੇਟੀ ਦੀ ਪਹਿਲੀ ਮੀਟਿੰਗ, ਤਾਜਪੁਰ ਰੋਡ ਡੇਅਰੀ ਕੰਪਲੈਕਸ ਦਾ ਵੀ ਕੀਤਾ ਨਿਰੀਖਣ

ਡੇਅਰੀਆਂ ਵਾਲੇ ਗੋਹਾ ਚੁਕਾਉਣ ਤੇ ਪਾਣੀ ਦੀ ਵਰਤੋਂ ਘੱਟ ਕਰਨ ਲਈ ਸਹਿਮਤ

ਡੇਅਰੀਆਂ ਵਾਲਿਆਂ ਵਿਰੁੱਧ ਦਰਜ ਕੀਤੇ ਕੇਸ ਵਾਪਸ ਕਰਨ ਤੇ ਵੀ ਚਰਚਾ

ਅਗਲੇ ਹਫ਼ਤੇ ਕਮੇਟੀ ਦੀ ਮੁੜ ਹੋਵੇਗੀ ਮੀਟਿੰਗ



ਜਸਵੀਰ ਸਿੰਘ ਮਣਕੂ
ਲੁਧਿਆਣਾ, 04 ਨਵੰਬਰ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ‘ਤੇ ਬੁੱਢੇ ਦਰਿਆ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਬਣੀ ਕਮੇਟੀ ਦੀ ਪਹਿਲੀ ਮੀਟਿੰਗ ਰਾਜ ਸਭਾ ਮੈਂਬਰ ਤੇ ਕਮੇਟੀ ਦੇ ਚੇਅਰਮੈਨ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਹੇਠ ਹੋਈ 225 ਐਮ.ਐਲ.ਡੀ. ਸਮਰੱਥਾ ਵਾਲੇ ਜਮਾਲਪੁਰ ਸੀਵਰੇਜ ਟ੍ਰੀਟਮੈਂਟ ਪਲਾਂਟ ਵਿਖੇ ਹੋਈ।

ਇਸ 12 ਮੈਂਬਰ ਕਮੇਟੀ ਦੇ ਉਪ-ਚੇਅਰਮੈਨ - ਲੋਕਲ ਬਾਡੀ ਦੇ ਸਕੱਤਰ ਘਨਸ਼ਿਆਮ ਥੋਰੀ ਦੀ ਹਾਜ਼ਰੀ ਵਿੱਚ ਇਹ ਸਹਿਮਤੀ ਬਣੀ ਕਿ ਬੁੱਢੇ ਦਰਿਆ ਵਿੱਚ ਪੈ ਰਹੇ ਗੋਹੇ ਅਤੇ ਮੂਤਰਾਲ ਨੂੰ ਰੋਕਣ ਲਈ ਡੇਅਰੀਆਂ ਵਾਲੇ ਪੂਰਨ ਸਹਿਯੋਗ ਦੇਣਗੇ।

ਉਨ੍ਹਾਂ ਡੇਅਰੀਆਂ ਦਾ ਗੋਹਾ ਸੁੱਟਣ ਲਈ ਵਰਤੇ ਜਾਂਦੇ ਪੀਣ ਵਾਲੇ ਸਾਫ਼ ਪਾਣੀ ਦੀ ਵਰਤੋਂ ਘੱਟ ਕਰਨ ਬਾਰੇ ਵੀ ਸਹਿਮਤੀ ਪ੍ਰਗਟਾਈ। ਕਮੇਟੀ ਦੇ ਚੇਅਰਮੈਨ ਸੰਤ ਸੀਚੇਵਾਲ ਨੇ ਭਰੋਸਾ ਦਿੱਤਾ ਕਿ ਜਿਹੜੇ ਡੇਅਰੀਆਂ ਵਾਲਿਆਂ ਵਿਰੁੱਧ ਐਫ.ਆਈ.ਆਰ ਦਰਜ ਹੋਈਆਂ ਹਨ, ਉਹ ਵਾਪਸ ਹੋਣਗੀਆਂ। ਜ਼ਿਕਰਯੋਗ ਹੈ ਕਿ ਡੇਅਰੀਆਂ ਦਾ ਗੋਹਾ ਚੁੱਕਣ ਲਈ ਨਗਰ ਨਿਗਮ ਨੇ ਤਿੰਨ ਸਾਲ ਦਾ ਟੈਂਡਰ ਦਿੱਤਾ ਹੋਇਆ ਹੈ।

ਇਸ ਉਚ ਪੱਧਰੀ ਕਮੇਟੀ ਦੀ ਪਹਿਲੀ ਮੀਟਿੰਗ ਸਦਭਾਵਨਾ ਵਾਲੇ ਮਾਹੌਲ ਵਿੱਚ ਹੋਈ। ਇਸ ਮੌਕੇ ਨਗਰ ਨਿਗਮ ਕਮਿਸ਼ਨਰ ਡਾ. ਅੰਕੁਰ ਮਹਿੰਦਰੂ, ਏ.ਡੀ.ਸੀ. (ਯੂ.ਡੀ.) ਅਮਿਤ ਬੰਬੀ, ਡੀ.ਸੀ.ਪੀ. ਆਲਮ ਵਿਜੇ ਸਿੰਘ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਅਮਨਪ੍ਰੀਤ ਸਿੰਘ, ਸੰਯੁਕਤ ਕਮਿਸ਼ਨਰ ਤਪਨ ਭਨੋਟ, ਪੀ.ਪੀ.ਸੀ.ਬੀ. ਦੇ ਮੁੱਖ ਇੰਜੀਨੀਅਰ ਆਰ.ਕੇ. ਰੱਤੜਾ, ਕੌਂਸਲਰ ਇੰਦੂ ਮੁਨੀਸ਼ ਸ਼ਾਹ, ਨਿਗਰਾਨ ਇੰਜੀਨੀਅਰ (ਡਰੇਨੇਜ) ਦੀਪਇੰਦਰ ਕੌਰ, ਪੇਡਾ ਦੇ ਡੀ.ਐਮ. ਗੁਰਿੰਦਰ ਸਿੰਘ, ਤਾਜਪੁਰ ਰੋਡ ਡੇਅਰੀ ਕੰਪਲੈਕਸ ਦੇ ਪ੍ਰਧਾਨ ਸਤਵਿੰਦਰ ਸਿੰਘ, ਹੈਬੋਵਾਲ ਡੇਅਰੀ ਕੰਪਲੈਕਸ ਦੇ ਪ੍ਰਧਾਨ ਕੁਲਦੀਪ ਸਿੰਘ ਅਤੇ ਡੇਅਰੀ ਕੰਪਲੈਕਸਾਂ ਤੋਂ ਗੋਬਰ ਚੁੱਕਣ ਲਈ ਨਿਯੁਕਤ ਕੀਤੇ ਗਏ ਠੇਕੇਦਾਰ ਸਮੇਤ ਹੋਰ ਅਧਿਕਾਰੀ ਅਤੇ ਨੁਮਾਇੰਦੇ ਹਾਜ਼ਰ ਸਨ।

ਸੰਤ ਸੀਚੇਵਾਲ ਨੇ ਕਿਹਾ ਕਿ ਉਹ ਪਿਛਲੇ ਦੋ ਸਾਲ ਤੋਂ ਬੁੱਢੇ ਦਰਿਆ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਯਤਨਸ਼ੀਲ ਹਨ। ਇਸ ਵਾਸਤੇ ਉਹ 46 ਮੀਟਿੰਗਾਂ ਕਰ ਚੁੱਕੇ ਹਨ। ਬੁੱਢੇ ਦਰਿਆ ਦੀ ਸਫ਼ਾਈ ਲਈ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਲੁਧਿਆਣੇ ਆ ਕੇ 07 ਵਾਰ ਮੀਟਿੰਗਾਂ ਕਰ ਚੁੱਕੇ ਹਨ।

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਦੋ ਵਾਰ ਉਚ ਪੱਧਰੀ ਮੀਟਿੰਗਾਂ ਕੀਤੀਆਂ ਹਨ। ਇਹਨਾਂ ਮੀਟਿੰਗਾਂ ਦਾ ਮਕਸਦ ਸਿਰਫ਼ ਇਹ ਹੀ ਸੀ ਕਿ ਪਵਿੱਤਰ ਬੁੱਢੇ ਦਰਿਆ ਵਿੱਚ ਕਿਸੇ ਵੀ ਤਰ੍ਹਾਂ ਦਾ ਪ੍ਰਦੂਸ਼ਣ ਨਾ ਹੋਵੇ।

ਸਕੱਤਰ ਘਨਸ਼ਿਆਮ ਥੋਰੀ ਨੇ ਦੱਸਿਆ ਕਿ ਕਮੇਟੀ ਮੈਂਬਰਾਂ ਨੇ ਤਾਜ਼ਪੁਰ ਡੇਅਰੀ ਕੰਪਲੈਕਸ ਦਾ ਦੌਰਾ ਕੀਤਾ। ਤਾਜ਼ਪੁਰ ਡੇਅਰੀ ਕੰਪਲੈਕਸ ਵਿੱਚ ਈ.ਟੀ.ਪੀ ਪਲਾਂਟ ਦੀ ਸਮਰੱਥਾ 2.25 ਐਮ.ਐਲ.ਡੀ ਦੀ ਹੈ ਤੇ ਹੈਬੋਵਾਲ ਦੇ ਪਲਾਂਟੀ ਸਮਰੱਥਾ 3.75 ਐਮ.ਐਲ.ਡੀ ਦੀ ਹੈ। ਕੁਲ 6 ਐਮਐਲਡੀ ਦੀ ਸਮਰੱਥਾ ਵਾਲੇ ਪਲਾਂਟਾਂ ਵਿੱਚ 12 ਐਮ.ਐਲ.ਡੀ ਪਾਣੀ ਆ ਰਿਹਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਵੱਡੀ ਸਮੱਸਿਆ ਤਾਂ ਵਾਧੂ ਪਾਣੀ ਦੀ ਸਪਲਾਈ ਦੀ ਹੈ। ਇਸ ਨੂੰ ਘੱਟ ਕਰਨਾ ਹੀ ਪੈਣਾ ਹੈ। ਡੇਅਰੀਆਂ ਵਿੱਚ ਫਲੋਅ ਮੀਟਰ ਲੱਗਾਉਣ ਦਾ ਮਕਸਦ ਇਹ ਹੀ ਹੈ ਕਿ ਪਤਾ ਲੱਗ ਸਕੇ ਕਿ ਕਿਹੜੀ ਡੇਅਰੀ ਕਿੰਨ੍ਹਾ ਪਾਣੀ ਵਰਤ ਰਹੀ ਹੈ।

ਤਾਜਪੁਰ ਰੋਡ ਡੇਅਰੀ ਕੰਪਲੈਕਸ ਦੇ ਪ੍ਰਧਾਨ ਸਤਵਿੰਦਰ ਸਿੰਘ ਅਤੇ ਹੈਬੋਵਾਲ ਡੇਅਰੀ ਕੰਪਲੈਕਸ ਦੇ ਪ੍ਰਧਾਨ ਕੁਲਦੀਪ ਸਿੰਘ ਨੇ ਆਪਣੀਆਂ ਦਲੀਲਾਂ ਦੇਣ ਤੋਂ ਬਾਅਦ ਸਹਿਮਤੀ ਪ੍ਰਗਟਾਈ ਕਿ ਸਮੁੱਚੇ ਡੇਅਰੀਆਂ ਵਾਲੇ ਆਪੋ ਆਪਣੀਆਂ ਡੇਅਰੀਆਂ ਦਾ ਗੋਹਾ ਠੇਕੇਦਾਰ ਨੂੰ ਚੁਕਾਉਣਗੇ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਦੁਰਵਰਤੋਂ ਨਹੀਂ ਕਰਨਗੇ। ਪਸ਼ੂਆਂ ਲਈ ਜਿੰਨ੍ਹਾਂ ਪਾਣੀ ਚਾਹੀਦਾ ਹੈ, ਉਨ੍ਹਾਂ ਹੀ ਪਾਣੀ ਵਰਤਣਗੇ।

ਇਸ ਦੌਰਾਨ, ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਸਥਾਨਕ ਸਰਕਾਰਾਂ ਵਿਭਾਗ ਦੇ ਸਕੱਤਰ ਘਨਸ਼ਿਆਮ ਥੋਰੀ ਨੇ ਡੇਅਰੀ ਮਾਲਕਾਂ, ਉਦਯੋਗਪਤੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਦਾ ਸਹਿਯੋਗ ਕਰਨ ਅਤੇ ਇਹ ਯਕੀਨੀ ਬਣਾਉਣ ਕਿ 'ਬੁੱਢੇ ਦਰਿਆ' ਵਿੱਚ ਕੂੜਾ ਜਾਂ ਗੰਦਗੀ ਨਾ ਸੁੱਟੀ ਜਾਵੇ।

ਨਾਇਸ ਕੰਪਿਊਟਰਜ਼ ਦੇ ਵਿਦਿਆਰਥੀਆਂ ਨੇ ਆਸ਼ਾ ਕਿਰਨ ਸਪੈਸ਼ਲ ਸਕੂਲ ਦੇ ਬੱਚਿਆਂ ਨਾਲ ਮਨਾਈ ਦੀਵਾਲੀ



(ਤਰਸੇਮ ਦੀਵਾਨਾ)
ਹੁਸ਼ਿਆਰਪੁਰ, 4 ਨਵੰਬਰ

ਦੀਵਾਲੀ ਦੇ ਪਵਿੱਤਰ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਅਤੇ ਸਮਾਜਿਕ ਸਰੋਕਾਰਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦੇ ਉਦੇਸ਼ ਨਾਲ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨਖੇਲਾਂ, ਹੁਸ਼ਿਆਰਪੁਰ ਵਿਖੇ ਨਾਇਸ ਕੰਪਿਊਟਰਜ਼ ਮਾਲ ਰੋਡ ਦੇ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਸਪੈਸ਼ਲ ਬੱਚਿਆਂ ਨਾਲ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ ਗਿਆ।

ਇਸ ਮੌਕੇ ਨਾਇਸ ਕੰਪਿਊਟਰਜ਼ ਦੀ ਟੀਮ ਨੇ ਸਪੈਸ਼ਲ ਬੱਚਿਆਂ ਨਾਲ ਸਮਾਂ ਬਿਤਾਇਆ ਅਤੇ ਉਨ੍ਹਾਂ ਨੂੰ ਫਲ, ਬਿਸਕੁਟ, ਰਿਫਰੈਸ਼ਮੈਂਟ ਅਤੇ ਰਾਸ਼ਨ ਭੇਟ ਕੀਤਾ। ਇਸ ਤੋਂ ਇਲਾਵਾ ਬੱਚਿਆਂ ਦੇ ਮਨੋਰੰਜਨ ਲਈ ਵੱਖ-ਵੱਖ ਫਨ ਐਕਟੀਵਿਟੀਆਂ ਅਤੇ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਬੱਚਿਆਂ ਨੇ ਬੜੇ ਚਾਅ ਅਤੇ ਉਤਸ਼ਾਹ ਨਾਲ ਭਾਗ ਲਿਆ। ਇਸ ਉਪਰਾਲੇ ਨਾਲ ਬੱਚਿਆਂ ਦੇ ਚਿਹਰਿਆਂ ’ਤੇ ਖੁਸ਼ੀ ਦੇਖਣ ਨੂੰ ਮਿਲੀ ਅਤੇ ਸਮਾਗਮ ਦਾ ਮਾਹੌਲ ਖੁਸ਼ਗਵਾਰ ਬਣ ਗਿਆ।

ਇਸ ਮੌਕੇ ਡਾ. ਸਵੀਨ ਸੈਣੀ (ਐੱਮ.ਡੀ.) ਅਤੇ ਨਾਇਸ ਕੰਪਿਊਟਰਜ਼ ਦੇ ਐੱਮ.ਡੀ. ਪ੍ਰੇਮ ਸੈਣੀ ਵੱਲੋਂ ਸਪੈਸ਼ਲ ਬੱਚਿਆਂ ਦੀ ਭਲਾਈ ਅਤੇ ਸਹਾਇਤਾ ਲਈ 11 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਵੀ ਭੇਟ ਕੀਤੀ ਗਈ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੀਆਂ ਅਸਲ ਖੁਸ਼ੀਆਂ ਦੂਜਿਆਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਅਤੇ ਲੋੜਵੰਦਾਂ ਦੇ ਚਿਹਰਿਆਂ ’ਤੇ ਮੁਸਕਾਨ ਲਿਆਉਣ ਵਿੱਚ ਹਨ। ਅਜਿਹੇ ਉਪਰਾਲਿਆਂ ਨਾਲ ਸਮਾਜ ਵਿੱਚ ਆਪਸੀ ਪਿਆਰ, ਸਾਂਝ ਅਤੇ ਸਹਿਯੋਗ ਦੀ ਭਾਵਨਾ ਮਜ਼ਬੂਤ ਹੁੰਦੀ ਹੈ।

ਇਸ ਮੌਕੇ ਆਸ਼ਾਦੀਪ ਵੈਲਫੇਅਰ ਸੋਸਾਇਟੀ ਦੀ ਕਾਰਜਕਾਰਨੀ ਦੇ ਮੈਂਬਰ ਰਾਮ ਆਸਰਾ, ਸਕੂਲ ਦੀ ਪ੍ਰਿੰਸੀਪਲ ਸ਼ੈਲੀ ਸ਼ਰਮਾ ਅਤੇ ਵਾਈਸ ਪ੍ਰਿੰਸੀਪਲ ਇੰਦੂ ਬਾਲਾ ਨੇ ਨਾਇਸ ਕੰਪਿਊਟਰਜ਼ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਪੈਸ਼ਲ ਬੱਚਿਆਂ ਨਾਲ ਤਿਉਹਾਰ ਮਨਾਉਣਾ ਅਤੇ ਉਨ੍ਹਾਂ ਦੀਆਂ ਖੁਸ਼ੀਆਂ ਵਿੱਚ ਸ਼ਾਮਲ ਹੋਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਜ ਸੇਵੀ ਕਾਰਜਾਂ ਨਾਲ ਬੱਚਿਆਂ ਦਾ ਮਨੋਬਲ ਵਧਦਾ ਹੈ ਅਤੇ ਉਨ੍ਹਾਂ ਨੂੰ ਸਮਾਜ ਦਾ ਅਹਿਮ ਹਿੱਸਾ ਹੋਣ ਦਾ ਅਹਿਸਾਸ ਹੁੰਦਾ ਹੈ।

ਅਰਾਜਕਤਾ ਹਟਾਓ, ਲੋਕਤੰਤਰ ਬਚਾਓ ਦੇ ਨਾਅਰੇ ਨਾਲ ਦਿੱਲੀ ਯੂਨੀਵਰਸਿਟੀ ਵਿੱਚ ਵਿਦਿਆਰਥੀ ਮਾਰਚ

ਸੰਵਿਧਾਨਕ ਕਦਰਾਂ-ਕੀਮਤਾਂ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਏਬੀਵੀਪੀ ਵੱਲੋਂ ਮਾਰਚ; ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਵੀ ਦਰਜਨਾਂ ਵਰਕਰਾਂ ਨੇ ਕੀਤੀ ਸ਼ਮੂਲੀਅਤ



(ਗੁਰਬਿੰਦਰ ਗੁਰੀ)
ਦਿੱਲੀ / ਚੰਡੀਗੜ੍ਹ

ਅਰਾਜਕਤਾ ਦੇ ਵਿਰੋਧ ਅਤੇ ਲੋਕਤੰਤਰ ਤੇ ਸੰਵਿਧਾਨਕ ਕਦਰਾਂ-ਕੀਮਤਾਂ ਦੇ ਸਮਰਥਨ ਵਿੱਚ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ (ਏਬੀਵੀਪੀ) ਵੱਲੋਂ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਵਿਦਿਆਰਥੀ ਮਾਰਚ ਕੱਢਿਆ ਗਿਆ। ਇਸ ਮਾਰਚ ਰਾਹੀਂ ਸੰਵਿਧਾਨਕ ਸੰਸਥਾਵਾਂ ਦੀ ਮਰਿਆਦਾ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਵਿਦਿਆਰਥੀ ਸ਼ਕਤੀ ਦੀ ਆਵਾਜ਼ ਨੂੰ ਬੁਲੰਦ ਕਰਨ ਦਾ ਸੰਦੇਸ਼ ਦਿੱਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਏਬੀਵੀਪੀ ਦੇ ਚੰਡੀਗੜ੍ਹ ਵਿਭਾਗ ਦੇ ਸੰਗਠਨ ਮੰਤਰੀ ਪਰਵਿੰਦਰ ਨੇਗੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਏਬੀਵੀਪੀ ਜੁਆਇੰਟ ਸਕੱਤਰ ਸਵਸਤਿਕ ਗੌਤਮ ਨੇ ਦੱਸਿਆ ਕਿ ‘ਅਰਾਜਕਤਾ ਹਟਾਓ, ਲੋਕਤੰਤਰ ਬਚਾਓ’ ਦੇ ਨਾਅਰੇ ਹੇਠ ਕਰਵਾਏ ਗਏ ਇਸ ਵਿਦਿਆਰਥੀ ਮਾਰਚ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਵੀ ਦਰਜਨਾਂ ਏਬੀਵੀਪੀ ਕਾਰਕੁਨਾਂ ਨੇ ਦਿੱਲੀ ਪਹੁੰਚ ਕੇ ਸ਼ਮੂਲੀਅਤ ਕੀਤੀ।

ਉਨ੍ਹਾਂ ਦੱਸਿਆ ਕਿ ਦਿੱਲੀ ਯੂਨੀਵਰਸਿਟੀ ਦੇ ਕੈਂਪਸ ਵਿੱਚ ਸੈਂਕੜੇ ਵਿਦਿਆਰਥੀਆਂ ਅਤੇ ਕਾਰਕੁਨਾਂ ਦੀ ਮੌਜੂਦਗੀ ਦੌਰਾਨ ਮਾਰਚ ਕੱਢਿਆ ਗਿਆ। ਇਸ ਮੌਕੇ ‘ਭਾਰਤ ਮਾਤਾ ਦੀ ਜੈ’ ਅਤੇ ‘ਵੰਦੇ ਮਾਤਰਮ’ ਦੇ ਨਾਅਰਿਆਂ ਨਾਲ ਯੂਨੀਵਰਸਿਟੀ ਦਾ ਮਾਹੌਲ ਗੂੰਜ ਉੱਠਿਆ। ਮਾਰਚ ਵਿੱਚ ਸ਼ਾਮਲ ਵਿਦਿਆਰਥੀਆਂ ਨੇ ਲੋਕਤੰਤਰੀ ਪ੍ਰਣਾਲੀ, ਸੰਵਿਧਾਨਕ ਸੰਸਥਾਵਾਂ ਦੀ ਮਰਿਆਦਾ ਅਤੇ ਵਿਦਿਆਰਥੀਆਂ ਦੀ ਭੂਮਿਕਾ ਨੂੰ ਲੈ ਕੇ ਆਪਣਾ ਸੰਦੇਸ਼ ਦਿੱਤਾ।

ਇਸ ਮੌਕੇ ਦਿੱਲੀ ਤੋਂ ਏਬੀਵੀਪੀ ਦੇ ਅਹੁਦੇਦਾਰ ਸ਼ਿਵਮ ਸੇਠੀ, ਸਨੇਹਿਤ ਵਾਲੀਆ, ਆਸ਼ੀਸ਼ ਸ਼ਰਮਾ ਸਮੇਤ ਹੋਰ ਆਗੂ ਅਤੇ ਵਰਕਰ ਵੀ ਮੌਜੂਦ ਰਹੇ।

ਸਾਂਝੀ ਖ਼ਬਰ
ਵੀਰਵਾਰ , 05 ਨਵੰਬਰ 2026

ਸੰਗਰੂਰ ਦੀ 'ਇਨਸਾਫ਼ ਰੈਲੀ' ਵਿੱਚ ਰਾਹੁਲ ਗਾਂਧੀ ਨੇ ਮਾਨ ਸਰਕਾਰ ਨੂੰ ਘੇਰਿਆ, ਚੰਨੀ ਦੇ ਹੱਕ ਵਿੱਚ ਗੂੰਜੇ ਨਾਅਰੇ

ਸਾਂਝੀ ਖ਼ਬਰ

ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਸਟੇਜ 'ਤੇ ਆਮਦ 'ਤੇ ਵਰਕਰਾਂ ਨੇ ਲਗਾਏ 'ਚੰਨੀ ਜ਼ਿੰਦਾਬਾਦ' ਦੇ ਨਾਅਰੇ; ਦਰਸ਼ਕਾਂ ਦਾ ਪਿਆਰ ਵੇਖ ਕੇ ਚੰਨੀ ਨੇ ਵੀ ਹੱਥ ਹਿਲਾ ਕੇ ਕੀਤਾ ਸਵਾਗਤ

ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਸਟੇਜ 'ਤੇ ਬੁਲਾ ਕੇ ਭਾਵੁਕ ਹੋਏ ਰਾਹੁਲ; ਨਸ਼ਿਆਂ, ਗੈਂਗਸਟਰਵਾਦ, ਬੇਰੁਜ਼ਗਾਰੀ ਅਤੇ ਕਾਨੂੰਨ ਵਿਵਸਥਾ ਦੇ ਮੁੱਦਿਆਂ 'ਤੇ ਸਰਕਾਰ ਨੂੰ ਘੇਰਿਆ



(ਗੁਰਬਿੰਦਰ ਗੁਰੀ)
ਸੰਗਰੂਰ, 4 ਨਵੰਬਰ
ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਜੱਦੀ ਜ਼ਿਲ੍ਹੇ ਸੰਗਰੂਰ ਦੇ ਪਿੰਡ ਫੱਗੂਵਾਲਾ ਵਿਖੇ ਕਾਂਗਰਸ ਪਾਰਟੀ ਵੱਲੋਂ ਕਰਵਾਈ ਗਈ ਵਿਸ਼ਾਲ 'ਇਨਸਾਫ਼ ਰੈਲੀ' ਨੇ ਅੱਜ ਪੰਜਾਬ ਦੀ ਸਿਆਸਤ ਵਿੱਚ ਕਾਫ਼ੀ ਚਰਚਾ ਛੇੜ ਦਿੱਤੀ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਸ਼ਿਆਂ, ਗੈਂਗਸ-ਟਰਵਾਦ, ਬੇਰੁਜ਼ਗਾਰੀ, ਕਾਨੂੰਨ ਵਿਵਸਥਾ ਅਤੇ ਕਿਸਾਨੀ ਦੇ ਮੁੱਦਿਆਂ 'ਤੇ ਘੇਰਿਆ। ਇਸ ਰੈਲੀ ਰਾਹੀਂ ਕਾਂਗਰਸ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਆਪਣੀ ਸਿਆਸੀ ਮੁਹਿੰਮ ਦਾ ਆਗਾਜ਼ ਵੀ ਕੀਤਾ।

ਰੈਲੀ ਵਿੱਚ ਕਾਂਗਰਸ ਦੇ ਕੌਮੀ ਪ੍ਰਧਾਨ ਮੱਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਪੰਜਾਬ ਕਾਂਗਰਸ ਇੰਚਾਰਜ ਸਚਿਨ ਪਾਇਲਟ, ਪੰਜਾਬ ਕਾਂਗਰਸ ਪ੍ਰਧਾਨ ਪਰਗਟ ਸਿੰਘ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਜੇਂਦਰ ਸਿੰਘ ਲਾ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ, ਸੁਖਜਿੰਦਰ ਸਿੰਘ ਰੰਧਾਵਾ, ਸਾਬਕਾ ਮੁੱਖ ਮੰਤਰੀ ਰਜਿੰਦਰ ਕੌਰ ਭੱਠਲ ਅਤੇ ਸਾਬਕਾ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਹੋਰ ਸੀਨੀਅਰ ਕਾਂਗਰਸੀ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਰੈਲੀ ਦੌਰਾਨ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਸਟੇਜ 'ਤੇ ਆਮਦ ਖ਼ਾਸ ਖਿੱਚ ਦਾ ਕੇਂਦਰ ਰਹੀ। ਜਿਵੇਂ ਹੀ ਚੰਨੀ ਸਟੇਜ 'ਤੇ ਪਹੁੰਚੇ ਤਾਂ ਉੱਥੇ ਮੌਜੂਦ ਸਮਰਥਕਾਂ ਅਤੇ ਕਾਂਗਰਸੀ ਵਰਕਰਾਂ ਨੇ 'ਚਰਨਜੀਤ ਸਿੰਘ ਚੰਨੀ ਜ਼ਿੰਦਾਬਾਦ' ਦੇ ਨਾਅਰਿਆਂ ਨਾਲ ਰੈਲੀ ਦਾ ਮਾਹੌਲ ਗੂੰਜਾ ਦਿੱਤਾ। ਵਰਕਰਾਂ ਵੱਲੋਂ ਲਗਾਤਾਰ ਕੀਤੀ ਨਾਅਰੇਬਾਜ਼ੀ ਅਤੇ ਤਾੜੀਆਂ ਨਾਲ ਚੰਨੀ ਦਾ ਸਵਾਗਤ ਕੀਤਾ ਗਿਆ।

ਆਪਣੇ ਹੱਕ ਵਿੱਚ ਲੋਕਾਂ ਦਾ ਇਹ ਪਿਆਰ ਅਤੇ ਉਤਸ਼ਾਹ ਦੇਖ ਕੇ ਚੰਨੀ ਵੀ ਕਾਫ਼ੀ ਉਤਸ਼ਾਹਿਤ ਨਜ਼ਰ ਆਏ। ਉਨ੍ਹਾਂ ਨੇ ਹੱਥ ਹਿਲਾ ਕੇ ਸਮਰਥਕਾਂ ਦਾ ਸਵਾਗਤ ਕੀਤਾ ਅਤੇ ਮੁਸਕਰਾਉਂਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਖ਼ਬਰਾਂ ਅਨੁਸਾਰ ਉਨ੍ਹਾਂ ਦੇ ਭਾਸ਼ਣ ਤੋਂ ਪਹਿਲਾਂ ਵੀ ਦਰਸ਼ਕਾਂ ਨੇ 15 ਸਕਿੰਟ ਤੋਂ ਵੱਧ ਸਮੇਂ ਤੱਕ ਤਾੜੀਆਂ ਅਤੇ ਨਾਅਰਿਆਂ ਨਾਲ ਆਪਣਾ ਉਤਸ਼ਾਹ ਜ਼ਾਹਰ ਕੀਤਾ।

ਚੰਨੀ ਨੇ ਆਪਣੇ ਸੰਬੋਧਨ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਜਸ਼ੈਲੀ 'ਤੇ ਤਿੱਖੇ ਸਿਆਸੀ ਹਮਲੇ ਕੀਤੇ ਅਤੇ ਪੰਜਾਬ ਦੇ ਲੋਕਾਂ ਨੂੰ ਕਾਂਗਰਸ ਦੇ ਹੱਕ ਵਿੱਚ ਇਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਦੇ ਭਾਸ਼ਣ ਦੌਰਾਨ ਵੀ ਵਰਕਰਾਂ ਵੱਲੋਂ ਨਾਅਰੇਬਾਜ਼ੀ ਕੀਤੀ ਗਈ।

ਸਿੱਧੂ ਮੂਸੇਵਾਲਾ ਦੇ ਪਿਤਾ ਨੂੰ ਸਟੇਜ 'ਤੇ ਬੁਲਾ ਕੇ ਭਾਵੁਕ ਹੋਏ ਰਾਹੁਲ

ਰੈਲੀ ਦਾ ਇੱਕ ਹੋਰ ਭਾਵੁਕ ਪਲ ਉਸ ਸਮੇਂ ਦੇਖਣ ਨੂੰ ਮਿਲਿਆ ਜਦੋਂ ਰਾਹੁਲ ਗਾਂਧੀ ਨੇ ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੂੰ ਸਟੇਜ 'ਤੇ ਬੁਲਾਇਆ। ਰਾਹੁਲ ਗਾਂਧੀ ਨੇ ਸਿੱਧੂ ਮੂਸੇਵਾਲਾ ਨਾਲ ਹੋਈ ਆਪਣੀ ਪੁਰਾਣੀ ਮੁਲਾਕਾਤ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਪ੍ਰਤਿਭਾਸ਼ਾਲੀ, ਊਰਜਾਵਾਨ ਅਤੇ ਪੰਜਾਬ ਦੀ ਆਵਾਜ਼ ਦੱਸਿਆ।

ਉਨ੍ਹਾਂ ਕਿਹਾ ਕਿ ਸਿੱਧੂ ਮੂਸੇਵਾਲਾ ਦੀ ਸ਼ਖ਼ਸੀਅਤ ਨੇ ਉਨ੍ਹਾਂ 'ਤੇ ਡੂੰਘਾ ਪ੍ਰਭਾਵ ਛੱਡਿਆ ਸੀ। ਉਨ੍ਹਾਂ ਸਿੱਧੂ ਦੇ ਕਤਲ ਦਾ ਜ਼ਿਕਰ ਕਰਦਿਆਂ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਸਵਾਲ ਉਠਾਏ ਅਤੇ ਕਿਹਾ ਕਿ ਜਿਸ ਮਾਨਸਿਕਤਾ ਨੇ ਇਸ ਨੌਜਵਾਨ ਕਲਾਕਾਰ ਦੀ ਜਾਨ ਲਈ, ਉਹ ਅੱਜ ਵੀ ਪੰਜਾਬ ਵਿੱਚ ਮੌਜੂਦ ਹੈ।

ਨਸ਼ਿਆਂ ਅਤੇ ਗੈਂਗਸਟਰਵਾਦ ਦੇ ਮੁੱਦੇ 'ਤੇ ਮਾਨ ਸਰਕਾਰ ਨੂੰ ਘੇਰਿਆ

ਰਾਹੁਲ ਗਾਂਧੀ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਗੰਭੀਰ ਰੂਪ ਧਾਰਨ ਕਰ ਚੁੱਕੀ ਹੈ। ਉਨ੍ਹਾਂ ਯਾਦ ਕਰਵਾਇਆ ਕਿ ਕਈ ਸਾਲ ਪਹਿਲਾਂ ਵੀ ਉਨ੍ਹਾਂ ਨੇ ਪੰਜਾਬ ਵਿੱਚ ਨਸ਼ਿਆਂ ਦੇ ਵਧ ਰਹੇ ਪ੍ਰਸਾਰ ਬਾਰੇ ਚਿੰਤਾ ਜ਼ਾਹਰ ਕੀਤੀ ਸੀ। ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸਰਕਾਰ ਨਸ਼ਿਆਂ ਨੂੰ ਰੋਕਣ ਵਿੱਚ ਉਮੀਦ ਅਨੁਸਾਰ ਸਫ਼ਲ ਨਹੀਂ ਹੋਈ।

ਉਨ੍ਹਾਂ ਕਿਹਾ ਕਿ ਬੇਰੁਜ਼ਗਾਰੀ ਅਤੇ ਉਦਯੋਗਾਂ ਦੀ ਘਾਟ ਵੀ ਪੰਜਾਬ ਦੇ ਨੌਜਵਾਨਾਂ ਸਾਹਮਣੇ ਵੱਡੀਆਂ ਚੁਣੌਤੀਆਂ ਹਨ। ਜਦੋਂ ਤੱਕ ਸੂਬੇ ਵਿੱਚ ਨਵੇਂ ਉਦਯੋਗ, ਛੋਟੀਆਂ ਫੈਕਟਰੀਆਂ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਨਹੀਂ ਕੀਤੇ ਜਾਂਦੇ, ਉਦੋਂ ਤੱਕ ਨੌਜਵਾਨਾਂ ਨੂੰ ਨਿਰਾਸ਼ਾ ਵਿੱਚੋਂ ਬਾਹਰ ਕੱਢਣਾ ਮੁਸ਼ਕਲ ਹੈ।

ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਦੋਸ਼ ਲਾਇਆ ਕਿ ਪੰਜਾਬ ਨੂੰ ਦਿੱਲੀ ਤੋਂ ਰਿਮੋਟ ਕੰਟਰੋਲ ਰਾਹੀਂ ਚਲਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅਜਿਹੀ ਸਰਕਾਰ ਦੀ ਲੋੜ ਹੈ, ਜੋ ਸੂਬੇ ਦੇ ਹਿੱਤਾਂ ਨੂੰ ਪਹਿਲ ਦੇਵੇ ਅਤੇ ਆਪਣੇ ਅਧਿਕਾਰਾਂ ਅਨੁਸਾਰ ਫ਼ੈਸਲੇ ਲਵੇ।

ਕਿਸਾਨੀ ਅਤੇ ਪੰਜਾਬ ਦੇ ਹੱਕਾਂ ਦਾ ਮੁੱਦਾ ਵੀ ਉੱਠਿਆ

ਰਾਹੁਲ ਗਾਂਧੀ ਨੇ ਕਿਸਾਨੀ ਦਾ ਜ਼ਿਕਰ ਕਰਦਿਆਂ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ ਤਿੰਨ ਖੇਤੀ ਕਾਨੂੰਨਾਂ ਵਿਰੁੱਧ ਪੰਜਾਬ ਦੇ ਕਿਸਾਨਾਂ ਵੱਲੋਂ ਕੀਤੇ ਇਤਿਹਾਸਕ ਸੰਘਰਸ਼ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸੁਰੱਖਿਆ, ਖੇਤੀਬਾੜੀ ਦੀ ਮਜ਼ਬੂਤੀ ਅਤੇ ਉਦਯੋਗਿਕ ਵਿਕਾਸ ਪੰਜਾਬ ਦੀ ਆਰਥਿਕਤਾ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰਨ ਲਈ ਜ਼ਰੂਰੀ ਹਨ।

ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚੋਣਾਂ ਸਮੇਂ ਕੀਤੇ ਗਏ ਵਾਅਦਿਆਂ ਨੂੰ ਲੈ ਕੇ ਵੀ ਸਵਾਲ ਉਠਾਏ ਅਤੇ ਕਿਹਾ ਕਿ ਲੋਕਾਂ ਨੂੰ ਹੁਣ ਵਾਅਦਿਆਂ ਦੀ ਬਜਾਏ ਜ਼ਮੀਨੀ ਪੱਧਰ 'ਤੇ ਕੰਮ ਚਾਹੀਦਾ ਹੈ।

2027 ਦੀਆਂ ਚੋਣਾਂ ਤੋਂ ਪਹਿਲਾਂ ਕਾਂਗਰਸ ਦੀ ਤਾਕਤ ਦਾ ਪ੍ਰਦਰਸ਼ਨ

ਕਾਂਗਰਸ ਦੀ ਇਸ ਇਨਸਾਫ਼ ਰੈਲੀ ਵਿੱਚ ਕੌਮੀ ਅਤੇ ਸੂਬਾਈ ਲੀਡਰਸ਼ਿਪ ਦੀ ਇਕੱਠੀ ਮੌਜੂਦਗੀ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੇ ਸੰਦਰਭ ਵਿੱਚ ਅਹਿਮ ਮੰਨਿਆ ਜਾ ਰਿਹਾ ਹੈ। ਰੈਲੀ ਦੌਰਾਨ ਜਿੱਥੇ ਰਾਹੁਲ ਗਾਂਧੀ ਨੇ ਸੂਬਾ ਸਰਕਾਰ ਨੂੰ ਵੱਖ-ਵੱਖ ਮੁੱਦਿਆਂ 'ਤੇ ਘੇਰਿਆ, ਉੱਥੇ ਚਰਨਜੀਤ ਸਿੰਘ ਚੰਨੀ ਦੇ ਸਵਾਗਤ ਸਮੇਂ ਲੱਗੇ ਨਾਅਰਿਆਂ ਨੇ ਵੀ ਸਮਾਗਮ ਵਿੱਚ ਵੱਖਰਾ ਸਿਆਸੀ ਰੰਗ ਭਰਿਆ।

ਸੰਗਰੂਰ, ਜੋ ਮੁੱਖ ਮੰਤਰੀ ਭਗਵੰਤ ਮਾਨ ਦਾ ਜੱਦੀ ਜ਼ਿਲ੍ਹਾ ਹੈ, ਵਿੱਚ ਕਾਂਗਰਸ ਵੱਲੋਂ ਇੰਨੀ ਵੱਡੀ ਰੈਲੀ ਕਰਨਾ ਸਿਆਸੀ ਪੱਖੋਂ ਵੀ ਚਰਚਾ ਦਾ ਵਿਸ਼ਾ ਬਣਿਆ ਰਿਹਾ। ਹੁਣ ਦੇਖਣਾ ਹੋਵੇਗਾ ਕਿ ਇਸ ਰੈਲੀ ਵਿੱਚ ਉਠਾਏ ਗਏ ਮੁੱਦੇ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੀ ਸਿਆਸਤ ਅਤੇ ਕਾਂਗਰਸ ਦੀ ਚੋਣ ਮੁਹਿੰਮ ਨੂੰ ਕਿਸ ਤਰ੍ਹਾਂ ਪ੍ਰਭਾਵਿਤ ਕਰਦੇ ਹਨ।ਰਾਹੁਲ ਗਾਂਧੀ ਦੀ ਸੰਗਰੂਰ ਰੈਲੀ ਵਿੱਚ ਪੰਜਾਬ ਕਾਂਗਰਸ ਦੇ ਕਈ ਪ੍ਰਮੁੱਖ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ, ਸੀਨੀਅਰ ਕਾਂਗਰਸੀ ਆਗੂ ਅਤੇ ਵਿਧਾਇਕ ਸੁਖਪਾਲ ਸਿੰਘ ਖਹਿਰਾ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਸਰਦਾਰ ਪਰਗਟ ਸਿੰਘ, ਬਰਨਾਲਾ ਤੋਂ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ, ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ, ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਸਰਦਾਰ ਬਲਕੌਰ ਸਿੰਘ ਸਿੱਧੂ, ਫਤਹਿਗੜ੍ਹ ਸਾਹਿਬ ਤੋਂ ਸੰਸਦ ਮੈਂਬਰ ਡਾ. ਅਮਰ ਸਿੰਘ, ਸਾਬਕਾ ਸੰਸਦ ਮੈਂਬਰ ਮੁਹੰਮਦ ਸਦੀਕ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਸਮੇਤ ਕਾਂਗਰਸ ਪਾਰਟੀ ਦੇ ਹੋਰ ਕਈ ਸੀਨੀਅਰ ਆਗੂ ਅਤੇ ਵਰਕਰ ਹਾਜ਼ਰ ਸਨ।

ਵੋਟ ਬਚਾਓ–ਦੇਸ਼ ਬਚਾਓ' ਮੁਹਿੰਮ ਤਹਿਤ ਕਾਂਗਰਸ ਨੇ ਲੋਕਤੰਤਰ ਅਤੇ ਵੋਟਰਾਂ ਦੇ ਅਧਿਕਾਰਾਂ ਦਾ ਮੁੱਦਾ ਉਠਾਇਆ

ਸਾਂਝੀ ਖ਼ਬਰ

ਕਥਿਤ ਵੋਟ ਚੋਰੀ ਨੂੰ ਲੈ ਕੇ ਕਾਂਗਰਸੀ ਆਗੂਆਂ ਨੇ ਜਤਾਈ ਚਿੰਤਾ, ਜ਼ਿਲ੍ਹੇ ਭਰ ਵਿੱਚ ਚੌਪਾਲਾਂ ਲਗਾਉਣ ਦੀ ਬਣਾਈ ਰੂਪ-ਰੇਖਾ



ਸੁਖਵਿੰਦਰ ਸੋਹੀ
ਕਰਨਾਲ
ਆਲ ਇੰਡੀਆ ਕਾਂਗਰਸ ਕਮੇਟੀ ਅਤੇ ਹਰਿਆਣਾ ਪ੍ਰਦੇਸ਼ ਕਾਂਗਰਸ ਕਮੇਟੀ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ ਅਤੇ ਦਿਹਾਤੀ), ਕਰਨਾਲ ਵੱਲੋਂ 'ਵੋਟ ਬਚਾਓ–ਦੇਸ਼ ਬਚਾਓ ਚੌਪਾਲ' ਮੁਹਿੰਮ ਤਹਿਤ ਇੱਕ ਪ੍ਰੈੱਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਂਗਰਸੀ ਆਗੂਆਂ ਨੇ ਲੋਕਤੰਤਰ ਅਤੇ ਸੰਵਿਧਾਨ ਦੀ ਰੱਖਿਆ, ਵੋਟਰਾਂ ਦੇ ਅਧਿਕਾਰਾਂ ਦੀ ਸੁਰੱਖਿਆ ਅਤੇ ਕਥਿਤ ਵੋਟ ਚੋਰੀ ਦੇ ਮੁੱਦੇ ਨੂੰ ਪ੍ਰਮੁੱਖਤਾ ਨਾਲ ਉਠਾਇਆ।

ਇਸ ਮੌਕੇ ਸ਼ਹਿਰੀ ਜ਼ਿਲ੍ਹਾ ਕਾਂਗਰਸ ਪ੍ਰਧਾਨ ਪਰਾਗ ਗਾਬਾ ਅਤੇ ਦਿਹਾਤੀ ਜ਼ਿਲ੍ਹਾ ਕਾਂਗਰਸ ਪ੍ਰਧਾਨ ਰਾਜੇਸ਼ ਵੈਦ ਨੇ ਮੁਹਿੰਮ ਦੇ ਉਦੇਸ਼ਾਂ ਅਤੇ ਆਉਣ ਵਾਲੇ ਦਿਨਾਂ ਵਿੱਚ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਬਾਰੇ ਮੀਡੀਆ ਨੂੰ ਜਾਣਕਾਰੀ ਦਿੱਤੀ।

ਕਾਂਗਰਸੀ ਆਗੂ ਦਿਲਸ਼ੇਰ ਸਿੰਘ ਡਾਚਰ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਨਿਰਪੱਖ ਚੋਣਾਂ ਅਤੇ ਹਰ ਯੋਗ ਨਾਗਰਿਕ ਦੇ ਵੋਟ ਦੇ ਅਧਿਕਾਰ ਦੀ ਸੁਰੱਖਿਆ ਬੇਹੱਦ ਜ਼ਰੂਰੀ ਹੈ। ਵੋਟਰ ਸੂਚੀਆਂ ਵਿੱਚ ਪਾਰਦਰਸ਼ਤਾ ਅਤੇ ਚੋਣ ਪ੍ਰਕਿਰਿਆ ਵਿੱਚ ਲੋਕਾਂ ਦਾ ਭਰੋਸਾ ਕਾਇਮ ਰੱਖਣਾ ਲੋਕਤੰਤਰਿਕ ਵਿਵਸਥਾ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਥਿਤ ਵੋਟ ਚੋਰੀ ਦੇ ਮੁੱਦੇ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਸ ਸਬੰਧੀ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨੀ ਸਮੇਂ ਦੀ ਲੋੜ ਹੈ।

ਉਨ੍ਹਾਂ ਦੱਸਿਆ ਕਿ 'ਵੋਟ ਬਚਾਓ–ਦੇਸ਼ ਬਚਾਓ ਚੌਪਾਲ' ਮੁਹਿੰਮ ਤਹਿਤ ਆਉਣ ਵਾਲੇ ਦਿਨਾਂ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਚੌਪਾਲਾਂ ਲਗਾਈਆਂ ਜਾਣਗੀਆਂ। ਇਨ੍ਹਾਂ ਰਾਹੀਂ ਆਮ ਲੋਕਾਂ ਨੂੰ ਸੰਵਿਧਾਨ, ਲੋਕਤੰਤਰਿਕ ਕਦਰਾਂ-ਕੀਮਤਾਂ ਅਤੇ ਵੋਟ ਪਾਉਣ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਇਸ ਦੇ ਨਾਲ ਹੀ ਲੋਕਾਂ ਨੂੰ ਚੋਣ ਪ੍ਰਕਿਰਿਆ ਨਾਲ ਜੁੜੇ ਮੁੱਦਿਆਂ 'ਤੇ ਆਪਣੇ ਵਿਚਾਰ ਰੱਖਣ ਦਾ ਮੌਕਾ ਵੀ ਮਿਲੇਗਾ।

ਕਾਂਗਰਸੀ ਆਗੂਆਂ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਲੋਕਤੰਤਰਿਕ ਅਧਿਕਾਰਾਂ ਦੀ ਰੱਖਿਆ ਲਈ ਲੋਕਾਂ ਦੀ ਭਾਗੀਦਾਰੀ ਵਧਾਉਣਾ ਅਤੇ ਪਾਰਟੀ ਦਾ ਸੰਦੇਸ਼ ਜਨਤਾ ਤੱਕ ਪਹੁੰਚਾਉਣਾ ਹੈ।

ਇਸ ਦੌਰਾਨ ਪੱਤਰਕਾਰਾਂ ਨਾਲ ਮੁਹਿੰਮ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਇਸ ਮੁਹਿੰਮ ਦੀ ਜਾਣਕਾਰੀ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਿਯੋਗ ਦਿੱਤਾ ਜਾਵੇ।

1984 ਦਾ ਸਿੱਖ ਕਤਲੇਆਮ ਅਤੇ ਪੰਜਾਬ ਵਿੱਚ ਅੱਤਵਾਦ ਦਾ ਦੌਰ ਇਤਿਹਾਸ ਦਾ ਕਾਲਾ ਅਧਿਆਇ: ਜਗਜੀਤ ਸਿੰਘ ਮਿਲਖਾ

ਸਾਂਝੀ ਖ਼ਬਰ

ਸਾਰੇ ਪੀੜਤ ਪਰਿਵਾਰਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਇਨਸਾਫ਼ ਮਿਲਣਾ ਚਾਹੀਦਾ ਹੈ: ਮਿਲਖਾ



(ਵਰਿੰਦਰ ਸਿੰਘ)
ਸਰਦੂਲਗੜ੍ਹ, 4 ਨਵੰਬਰ
ਸੀਨੀਅਰ ਭਾਜਪਾ ਆਗੂ ਅਤੇ ਵਿਧਾਨ ਸਭਾ ਹਲਕਾ ਸਰਦੂਲਗੜ੍ਹ ਦੇ ਭਾਜਪਾ ਕਨਵੀਨਰ ਜਗਜੀਤ ਸਿੰਘ ਮਿਲਖਾ ਨੇ 1984 ਵਿੱਚ ਸਿੱਖ ਭਾਈਚਾਰੇ ਵਿਰੁੱਧ ਹੋਈ ਹਿੰਸਾ ਅਤੇ ਪੰਜਾਬ ਵਿੱਚ ਅੱਤਵਾਦ ਦੇ ਕਾਲੇ ਦੌਰ ਨੂੰ ਭਾਰਤੀ ਇਤਿਹਾਸ ਦਾ ਕਦੇ ਨਾ ਭੁੱਲਣ ਵਾਲਾ ਅਧਿਆਇ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਸ ਸਮੇਂ ਹੋਈ ਹਿੰਸਾ ਵਿੱਚ ਜਾਨਾਂ ਗੁਆਉਣ ਵਾਲੇ ਸਿੱਖ ਅਤੇ ਹਿੰਦੂ ਪਰਿਵਾਰਾਂ ਦੇ ਦਰਦ ਨੂੰ ਸਮਝਦਿਆਂ ਸਾਰੇ ਪੀੜਤਾਂ ਨੂੰ ਬਰਾਬਰ ਇਨਸਾਫ਼ ਮਿਲਣਾ ਚਾਹੀਦਾ ਹੈ। ਮਿਲਖਾ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਵਿਖੇ ਹੋਈ ਫ਼ੌਜੀ ਕਾਰਵਾਈ ਨੇ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਸੱਟ ਪਹੁੰਚਾਈ। ਇਸ ਤੋਂ ਬਾਅਦ ਇੰਦਰਾ ਗਾਂਧੀ ਦੀ ਹੱਤਿਆ ਉਪਰੰਤ ਦਿੱਲੀ, ਕਾਨਪੁਰ, ਬੋਕਾਰੋ ਅਤੇ ਹਰਿਆਣਾ ਦੇ ਹੋਂਦ-ਚਿੱਲੜ ਸਮੇਤ ਕਈ ਥਾਵਾਂ 'ਤੇ ਸਿੱਖ ਪਰਿਵਾਰਾਂ ਨੂੰ ਹਿੰਸਾ ਦਾ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਬੇਕਸੂਰ ਲੋਕਾਂ ਦੀਆਂ ਹੱਤਿਆਵਾਂ ਅਤੇ ਪਰਿਵਾਰਾਂ ਦੀ ਬਰਬਾਦੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਪੰਜਾਬ ਵਿੱਚ ਅੱਤਵਾਦ ਦੇ ਕਾਲੇ ਦੌਰ ਦੌਰਾਨ ਵੀ ਵੱਡੀ ਗਿਣਤੀ ਵਿੱਚ ਬੇਕਸੂਰ ਹਿੰਦੂ ਪਰਿਵਾਰਾਂ ਨੇ ਆਪਣੇ ਪਿਆਰਿਆਂ ਨੂੰ ਗੁਆਇਆ। ਧਰਮ ਅਤੇ ਭਾਈਚਾਰੇ ਦੇ ਨਾਮ 'ਤੇ ਹੋਈ ਹਿੰਸਾ ਨੇ ਦੋਵਾਂ ਭਾਈਚਾਰਿਆਂ ਨੂੰ ਡੂੰਘੇ ਜ਼ਖ਼ਮ ਦਿੱਤੇ। ਕਿਸੇ ਵੀ ਬੇਕਸੂਰ ਦੀ ਜਾਨ ਦੀ ਕੀਮਤ ਧਰਮ ਦੇ ਆਧਾਰ 'ਤੇ ਨਹੀਂ ਤੋਲੀ ਜਾ ਸਕਦੀ। ਮਿਲਖਾ ਨੇ ਤਤਕਾਲੀ ਕਾਂਗਰਸ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਹਿੰਸਾ ਦੌਰਾਨ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਦੋਸ਼ੀਆਂ ਨੂੰ ਸਜ਼ਾਵਾਂ ਦਿਵਾਉਣ ਵਿੱਚ ਗੰਭੀਰ ਨਾਕਾਮੀਆਂ ਸਾਹਮਣੇ ਆਈਆਂ। ਉਨ੍ਹਾਂ ਕਿਹਾ ਕਿ ਸਿਆਸੀ ਸਰਪ੍ਰਸਤੀ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਨਾਲ ਜੁੜੇ ਮਾਮਲਿਆਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਜਵਾਬਦੇਹੀ ਤੈਅ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦੇ 'ਜਦੋਂ ਇੱਕ ਵੱਡਾ ਦਰੱਖਤ ਡਿੱਗਦਾ ਹੈ ਤਾਂ ਧਰਤੀ ਹਿੱਲਦੀ ਹੈ' ਵਾਲੇ ਬਿਆਨ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਬਿਆਨ ਅੱਜ ਵੀ 1984 ਦੀ ਹਿੰਸਾ ਅਤੇ ਸਿਆਸੀ ਜਵਾਬਦੇਹੀ ਸਬੰਧੀ ਚਰਚਾ ਦਾ ਹਿੱਸਾ ਹੈ। ਮਿਲਖਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ 1984 ਦੇ ਮਾਮਲਿਆਂ ਦੀ ਮੁੜ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (SIT) ਦਾ ਗਠਨ ਅਤੇ ਪੀੜਤ ਪਰਿਵਾਰਾਂ ਲਈ ਵਾਧੂ ਮੁਆਵਜ਼ੇ ਵਰਗੇ ਕਦਮ ਚੁੱਕੇ ਗਏ ਹਨ। ਉਨ੍ਹਾਂ ਮੰਗ ਕੀਤੀ ਕਿ ਲੰਬਿਤ ਮਾਮਲਿਆਂ ਦੀ ਜਾਂਚ ਤੇਜ਼ ਕੀਤੀ ਜਾਵੇ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਅੰਤ ਵਿੱਚ ਉਨ੍ਹਾਂ ਕਿਹਾ ਕਿ 1984 ਦੀ ਤ੍ਰਾਸਦੀ ਅਤੇ ਪੰਜਾਬ ਵਿੱਚ ਅੱਤਵਾਦ ਦੇ ਦੌਰ ਦੀ ਸੱਚਾਈ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣੀ ਜ਼ਰੂਰੀ ਹੈ, ਤਾਂ ਜੋ ਭਵਿੱਖ ਵਿੱਚ ਧਰਮ ਜਾਂ ਰਾਜਨੀਤੀ ਦੇ ਨਾਮ 'ਤੇ ਅਜਿਹੀ ਹਿੰਸਾ ਮੁੜ ਨਾ ਵਾਪਰੇ। ਪੀੜਤ ਪਰਿਵਾਰਾਂ ਨੂੰ ਸਿਰਫ਼ ਮੁਆਵਜ਼ਾ ਨਹੀਂ, ਸਗੋਂ ਇਨਸਾਫ਼, ਸਨਮਾਨ ਅਤੇ ਉਨ੍ਹਾਂ ਦਾ ਪੂਰਾ ਹੱਕ ਮਿਲਣਾ ਚਾਹੀਦਾ ਹੈ।

ਖਾਲਸਾ ਕਾਲਜ ਮਾਹਿਲਪੁਰ ਵਿੱਚ ਜ਼ੋਨਲ ਯੁਵਕ ਅਤੇ ਵਿਰਾਸਤੀ ਮੇਲੇ ਦਾ ਦੂਜੇ ਦਿਨ- ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ





ਸਾਂਝੀ ਖ਼ਬਰ

(ਤਰਸੇਮ ਦੀਵਾਨਾ)
ਹੁਸ਼ਿਆਰਪੁਰ /ਮਾਹਿਲਪੁਰ, 3 ਨਵੰਬਰ : ਪੰਜਾਬ ਯੂਨੀਵ-ਰਸਿਟੀ ਚੰਡੀਗੜ੍ਹ ਅਧੀਨ ਹੁਸ਼ਿਆਰਪੁਰ (ਜ਼ੋਨ -5) ਤਹਿਤ ਆਉਂਦੇ 30 ਕਾਲਜਾਂ ਦੇ ਵਿਦਿਆਰਥੀਆਂ ਦੀਆਂ ਵੱਖ ਵੱਖ ਸਿਰਜਣਾਤਮਿਕ, ਕਲਾਤਮਿਕ ਅਤੇ ਵਿਰਾਸਤੀ ਗਤੀਵਿਧੀਆਂ ਨਾਲ ਸਬੰਧਤ ਚਾਰ ਦਿਨ੍ਹਾਂ ਜ਼ੋਨਲ ਯੁਵਕ ਤੇ ਵਿਰਾਸਤੀ ਮੇਲੇ ਦੇ ਅੱਜ ਦੂਜੇ ਦਿਨ ਵਿਦਿਆਰਥੀਆਂ ਨੇ ਥੀਏਟਰ, ਸਿਰਜਣਾ ਅਤੇ ਲੋਕ ਨਾਚਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਦਰਸ਼ਕਾਂ ਦਾ ਭਰਵਾਂ ਮਨੋਰੰਜਨ ਕੀਤਾ। ਅੱਜ ਮੁੱਖ ਮਹਿਮਾਨ ਵਜੋਂ ਵੱਖ ਵੱਖ ਸੈਸ਼ਨਾਂ ਵਿੱਚ ਹਲਕਾ ਚੱਬੇਵਾਲ ਤੋਂ ਵਿਧਾਇਕ ਡਾ ਇਸ਼ਾਂਕ ਕੁਮਾਰ, ਪ੍ਰਿੰਸੀਪਲ ਐਸੋਸੀਏ-ਸ਼ਨ ਦੇ ਪ੍ਰਧਾਨ ਪ੍ਰਿੰਸੀਪਲ ਡਾ ਗੁਰਦੇਵ ਸਿੰਘ ਰੰਧਾਵਾ , ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਸੈਨੇਟਰ ਸੰਦੀਪ ਸਿੰਘ ਸੀਕਰੀ, ਐੱਸ ਡੀ ਕਾਲਜ ਹੁਸ਼ਿਆਰਪੁਰ ਦੀ ਮੈਨੇਜਮੈਂਟ ਕਮੇਟੀ ਦੇ ਜਨਰਲ ਸਕੱਤਰ ਗੋਪਾਲ ਸ਼ਰਮਾ, ਤਿਲਕ ਰਾਜ ਸ਼ਰਮਾ, ਗਰੁੱਪ ਕੈਪਟਨ ਦੀਪਕ, ਪ੍ਰਿੰਸੀਪਲ ਡਾ ਅਜੇ ਕੁਮਾਰ ਸਮੇਤ ਹੋਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਹਾਜ਼ਰ ਮਹਿਮਾਨਾਂ ਸਮੇਤ ਵੱਖ ਵੱਖ ਕਾਲਜਾਂ ਤੋਂ ਪੁੱਜੇ ਵਿਦਿਆਰ-ਥੀਆਂ ਦਾ ਸਵਾਗਤ ਕੀਤਾ। ਮੁੱਖ ਮਹਿਮਾਨ ਹਲਕਾ ਵਿਧਾਇਕ ਚੱਬੇਵਾਲ ਡਾ ਇਸ਼ਾਂਕ ਕੁਮਾਰ ਨੇ ਕਾਲਜ ਦੇ ਪ੍ਰਬੰਧਕਾਂ ਨੂੰ ਜ਼ੋਨਲ ਅਤੇ ਇੰਟਰ ਜ਼ੋਨਲ ਯੁਵਕ ਮੇਲੇ ਦਾ ਆਯੋਜਨ ਕਰਵਾਉਣ 'ਤੇ ਮੁਬਾਰਕਬਾਦ ਦਿੱਤੀ ਅਤੇ ਹਰ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਆਪਣੇ ਅਖਤਿਆਰੀ ਫੰਡ ਵਿੱਚੋਂ ਕਾਲਜ ਨੂੰ 5 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ। ਪ੍ਰਿੰਸੀਪਲ ਡਾ ਗੁਰਦੇਵ ਸਿੰਘ ਨੇ ਵਿਦਿਆਰ-ਥੀਆਂ ਨੂੰ ਅਜਿਹੇ ਯੁਵਕ ਮੇਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ। ਅੱਜ ਹੋਏ ਗਰੁੱਪ ਡਾਂਸ ਮੁਕਾਬਲੇ ਵਿੱਚ ਦਸ਼ਮੇਸ਼ ਗਰਲਜ਼, ਮੁਕੇਰੀਆ ਨੇ ਪਹਿਲਾ, ਖਾਲਸਾ ਕਾਲਜ ਮਾਹਿਲਪੁਰ ਨੂੰ ਦੂਜਾ ਅਤੇ ਜੀਟੀਬੀ ਖਾਲਸਾ ਕਾਲਜ ਦਸੂਹਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਵਿਤਾ ਉਚਾਰਨ ਮੁਕਾਬਲੇ ਵਿੱਚ ਡੀਏਵੀ ਕਾਲਜ ਦਸੂਹਾ ਨੇ ਪਹਿਲਾ, ਸਰਕਾਰੀ ਕਾਲਜ ਹੁਸ਼ਿਆਪੁਰ ਨੇ ਦੂਜਾ, ਗਰਲਜ਼ ਕਾਲਜ ਰੱਤੇਵਾਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਇਸ ਮੌਕੇ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਜਨਰਲ ਸਕੱਤਰ ਪ੍ਰੋ ਅਪਿੰਦਰ ਸਿੰਘ, ਦਲਜੀਤ ਸਿੰਘ ਸਹੋਤਾ, ਪ੍ਰਿੰਸੀਪਲ ਸੁਰਜੀਤ ਸਿੰਘ, ਗੁਰਦਿਆਲ ਸਿੰਘ ਕਹਾਰਪੁਰ, ਪ੍ਰਿੰਸੀਪਲ ਡਾ ਰੋਹਤਾਂਸ਼ ਸਮੇਤ ਵੱਖ-ਵੱਖ ਕਾਲਜਾਂ ਤੋਂ ਹਾਜ਼ਰ ਅਧਿਆਪਕ ਅਤੇ ਵਿਦਿਆਰ-ਥੀਆਂ ਨੇ ਸ਼ਿਰਕਤ ਕੀਤੀ।

ਖਾਲਸਾ ਕਾਲਜ ਮਾਹਿਲਪੁਰ ਵਿੱਚ ਜ਼ੋਨਲ ਯੁਵਕ ਅਤੇ ਵਿਰਾਸਤੀ ਮੇਲਾ ਸ਼ਾਨੋ ਸ਼ੌਂਕਤ ਨਾਲ ਸ਼ੁਰੂ

ਸਾਂਝੀ ਖ਼ਬਰ



ਹੁਸ਼ਿਆਰਪੁਰ /ਮਾਹਿਲਪੁਰ, 4 ਨਵੰਬਰ (ਤਰਸੇਮ ਦੀਵਾਨਾ) -

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਧੀਨ ਹੁਸ਼ਿਆਰਪੁਰ (ਜ਼ੋਨ -5) ਤਹਿਤ ਆਉਂਦੇ 30 ਕਾਲਜਾਂ ਦੇ ਵਿਦਿਆਰਥੀਆਂ ਦੀਆਂ ਵੱਖ ਵੱਖ ਸਿਰਜਣਾਤਮਿਕ, ਕਲਾਤਮਿਕ ਅਤੇ ਵਿਰਾਸਤੀ ਗਤੀਵਿਧੀਆਂ ਨਾਲ ਸਬੰਧਤ ਚਾਰ ਦਿਨ੍ਹਾਂ ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਸ਼ਾਨੋ ਸ਼ੌਂਕਤ ਨਾਲ ਸ਼ੁਰੂ ਹੋ ਗਿਆ। ਇਸ ਯੁਵਕ ਮੇਲੇ ਦੇ ਪਹਿਲੇ ਦਿਨ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਪ੍ਰਧਾਨਗੀ ਮੰਡਲ ਵਿੱਚ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਜਨਰਲ ਸਕੱਤਰ ਪ੍ਰੋ ਅਪਿੰਦਰ ਸਿੰਘ, ਖਜ਼ਾਨਚੀ ਵੀਰਇੰਦਰ ਸ਼ਰਮਾ ਸਮੇਤ ਹੋਰ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਵੱਲੋਂ 'ਦੇਹ ਸ਼ਿਵਾ ਵਰ ਮੋਹਿ ਏਹੈ' ਦੇ ਸ਼ਬਦ ਗਾਇਣ ਨਾਲ ਯੁਵਕ ਮੇਲੇ ਦਾ ਆਗਾਜ਼ ਹੋਇਆ। ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਹਾਜ਼ਰ ਮਹਿਮਾਨਾਂ ਸਮੇਤ ਵੱਖ ਵੱਖ ਕਾਲਜਾਂ ਤੋਂ ਪੁੱਜੇ ਵਿਦਿਆਰਥੀਆਂ ਸਵਾਗਤੀ ਸ਼ਬਦ ਸਾਂਝੇ ਕੀਤੇ। ਪੰਜਾਬ ਯੂਨੀਵ-ਰਸਿਟੀ, ਚੰਡੀਗੜ੍ਹ ਦੇ ਯੁਵਕ ਭਲਾਈ ਵਿਭਾਗ ਦੇ ਡਾਇਰੈਕਟਰ ਡਾ ਸੁਖਜਿੰਦਰ ਰਿਸ਼ੀ ਨੇ ਕਾਲਜ ਦੇ ਪ੍ਰਬੰਧਕਾਂ ਨੂੰ ਜ਼ੋਨਲ ਅਤੇ ਇੰਟਰ ਜ਼ੋਨਲ ਯੁਵਕ ਮੇਲੇ ਦਾ ਆਯੋਜਨ ਕਰਵਾਉਣ 'ਤੇ ਮੁਬਾਰਕਬਾਦ ਦਿੱਤੀ ਅਤੇ ਹਰ ਸਹਿਯੋਗ ਦਾ ਭਰੋਸਾ ਦਿੱਤਾ। ਯੁਵਕ ਮੇਲੇ ਦੇ ਉਦਘਾਟਨੀ ਸਮਾਰੋਹ ਮੌਕੇ ਪੁੱਜੇ ਮੁੱਖ ਮਹਿਮਾਨ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਪੰਜਾਬ ਯੂਨੀਵਰਸਿਟੀ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਇਸ ਯੁਵਕ ਮੇਲੇ ਲਈ ਕਾਲਜ ਦੀ ਪ੍ਰਬੰਧਕੀ ਕਮੇਟੀ ਅਤੇ ਸਟਾਫ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਅਜਿਹੇ ਯੁਵਕ ਮੇਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਪ੍ਰੇਰਨਾ ਦਿੱਤੀ ਅਤੇ ਆਪਣੇ ਅਖਤਿਆਰੀ ਫੰਡ ਵਿੱਚੋਂ ਕਾਲਜ ਨੂੰ 10 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਕੀਤਾ। ਸਮਾਰੋਹ ਦੇ ਦੂਜੇ ਸੈਸ਼ਨ ਵਿੱਚ ਮੁੱਖ ਮਹਿਮਾਨ ਵੱਜੋਂ ਡੀਏਵੀ ਕਾਲਜ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਡਾ ਅਨੂਪ ਕੁਮਾਰ ਨੇ ਸ਼ਿਰਕਤ ਕੀਤੀ ਅਤੇ ਵਿਦਿਆਰ-ਥੀਆਂ ਨੂੰ ਇਨਾਮਾ ਤਕਸੀਮ ਕੀਤੇ। ਇਸ ਮੌਕੇ ਡੀਏਵੀ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਜਨਰਲ ਸਕੱਤਰ ਪ੍ਰੋ ਸੀ ਬੀ ਅਰੋੜਾ, ਡੀਏਵੀ ਕਾਲਜ ਦੇ ਪ੍ਰਿੰਸੀਪਲ ਡਾ ਵਿਨੇ ਕੁਮਾਰ, ਸਰਕਾਰੀ ਕਾਲਜ ਹੁਸ਼ਿਆਰਪੁਰ ਦੇ ਪ੍ਰਿੰਸੀਪਲ ਡਾ ਸਵਿਤਾ ਗੁਪਤਾ ਅਤੇ ਗ਼ਜ਼ਲਗੋ ਗੁਰਦੀਪ ਨੇ ਉਚੇਚੇ ਤੌਰ 'ਤੇ ਹਾਜ਼ਰ ਸਨ। ਯੁਵਕ ਮੇਲੇ ਦੇ ਪਹਿਲੇ ਦਿਨ ਗਰੁੱਪ ਸ਼ਬਦ ਗਾਇਣ ਵਿੱਚ ਸਰਕਾਰੀ ਕਾਲਜ ਹੁਸ਼ਿਆਰਪੁਰ ਨੇ ਪਹਿਲਾ, ਖਾਲਸਾ ਕਾਲਜ ਗੜ੍ਹਦੀਵਾਲਾ ਨੇ ਦੂਜਾ ਅਤੇ ਖਾਲਸਾ ਕਾਲਜ ਗੜ੍ਹਸ਼ੰਕਰ ਨੇ ਤੀਜਾ ਸਥਾਨ ਹਾਸਲ ਕੀਤਾ। ਗਰੁੱਪ ਭਜਨ ਵਿੱਚ ਚੱਕ ਅੱਲਾ ਬਖਸ਼ ਕਾਲਜ ਮੁਕੇਰੀਆਂ ਨੇ ਪਹਿਲਾ, ਸਰਕਾਰੀ ਕਾਲਜ ਤਲਵਾੜਾ ਨੇ ਦੂਜਾ ਅਤੇ ਖ਼ਾਲਸਾ ਕਾਲਜ ਮਾਹਿਲਪੁਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੋਕ ਗੀਤ ਗਾਇਣ ਮੁਕਾਬਲੇ ਵਿੱਚ ਸਰਕਾਰੀ ਕਾਲਜ ਹੁਸ਼ਿਆਰਪੁਰ ਨੇ ਪਹਿਲਾ, ਖਾਲਸਾ ਕਾਲਜ ਗੜ੍ਹਸ਼ੰਕਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਵੱਖ ਵੱਖ ਕਾਲਜਾਂ ਦੇ ਪ੍ਰਿੰਸੀਪਲ ਸਟਾਫ਼ ਅਤੇ ਵਿਦਿਆਰਥੀ ਭਰਵੇਂ ਰੂਪ ਵਿੱਚ ਹਾਜ਼ਰ ਸਨ।

SINCE 1978

AMRIK DHABA

PURE VEG

BREAKFAST, LUNCH, DINNER



ORDER ONLINE ON zomato SWIGGY

FULLY AC

HEAD OFFICE : MEHNA CHOWK BATHINDA.

PHONE : 0164-5007071, 9814129629.

ਅਦਾਰਾ ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ, ਖਬਰਾਂ ਆਰਟੀਕਲਾਂ ਅਤੇ ਹੋਰ ਮੈਟਰ ਦੀ ਪੁਸ਼ਟੀ ਨਹੀ ਕਰਦਾ ਹੈ ਜਿਸਦੇ ਲਈ ਭੇਜਣ ਵਾਲੇ ਖੁਦ ਜਿੰਮੇਵਾਰ ਹੋਣਗੇ। ਰੋਜ਼ਾਨਾ ਸਾਂਝੀ ਖ਼ਬਰ ਵਿੱਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ ਵਿਵਾਦ ਸਬੰਧੀ ਕੇਸ਼ਾਂ ਦਾ ਨਿਪਟਾਰਾ ਸਿਰਫ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ ਵਿੱਚ ਹੋਵੇਗਾ।
ਮਾਲਕ ਨਰਿੰਦਰ ਜੱਗਾ ਪ੍ਰਕਾਸ਼ਿਕ ਪ੍ਰਿੰਟਰ ਅਤੇ ਮੁੱਖ ਸੰਪਾਦਕ ਪੀ ਐਸ ਮਿੱਠਾ, ਸਹਿ ਸੰਪਾਦਕ ਸੰਦੀਪ ਸਿੰਘ
ਨੇ ਰੋਜ਼ਾਨਾ ਸਾਂਝੀ ਖ਼ਬਰ ਦਾ ਇਹ ਡਿਜੀਟਲ ਐਡੀਸ਼ਨ ਪਟਿਆਲਾ ਰੋਡ ਨੇੜੇ ਪੰਜਾਬ ਐਂਡ ਸਿੱਧ ਬੈਂਕ ਜੀਰਕੁਪਰ ਜਿਲ੍ਹਾ ਮੋਹਾਲੀ ਪੰਜਾਬ ਤੋਂ ਰਿਲੀਜ਼ ਕੀਤਾ ਹੈ

ਅੰਮ੍ਰਿਤ ਪਵਾਰ
62804 94562



ਦਿਨੇਸ਼ ਔਲਖ ਨਾਲ ਦੁੱਖ ਵੰਡਾਉਣ ਆਏ ਰਬਿੰਦਰ ਨਰਾਇਣ

ਜੀਟੀਸੀ ਪੰਜਾਬੀ ਤੇ ਨਿਊਜ਼ ਦੇ ਐਮ ਡੀ ਤੇ ਪ੍ਰੈਜ਼ੀਡੈਂਟ ਡਾਕਟਰ ਰਬਿੰਦਰ ਨਰਾਇਣ ਸਪੀਡ ਰਿਕਾਰਡਜ਼ ਦੇ ਦਿਨੇਸ਼ ਔਲਖ ਜਿਹੜੇ ਇਸ ਸਮੇਂ ਜਵਾਨ ਪੁੱਤਰ ਦਿਵਤ ਔਲਖ ਦੇ ਸਦਾ ਲਈ ਤੁਰ ਜਾਣ ਦੇ ਸਦਮੇ ਨੂੰ ਸਹਾਰ ਰਹੇ ਨੇ ਦੇ ਘਰ ਪਹੁੰਚੇ ਤੇ ਓਹਨਾਂ ਨੇ ਦਿਨੇਸ਼ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਓਹਨਾਂ ਕਿਹਾ ਕਿ ਗੁਰੂ ਮਹਾਰਾਜ ਦਿਨੇਸ਼ ਨੂੰ ਬਲ ਦੇਣ ਤੇ ਓਹ ਇਹ ਅਸਹਿ ਸਦਮੇ ਨੂੰ ਸਹਾਰ ਸਕਣ।ਰਬਿੰਦਰ ਨਰਾਇਣ ਨੇ ਆਪਣੇ ਸੋਸ਼ਲ ਮੀਡੀਆ ਤੇ ਵੀ ਲਿਖਿਆ ਸੀ ਕਿ ਦਿਨੇਸ਼ ਜਦ ਛੋਟਾ ਸੀ ਤਦ ਦੇ ਓਹ ਓਸਨੂੰ ਜਾਣਦੇ ਹਨ।ਰਬਿੰਦਰ ਨਰਾਇਣ ਦੇ ਨਾਲ ਜੀਟੀਸੀ ਪੰਜਾਬੀ ਤੇ ਨਿਊਜ਼ ਦੇ ਸੀਈਓ ਪਲਵੀ ਸ਼੍ਰੀ ਵਾਸਤਵ ਵੀ ਸਨ।_ਅੰਮ੍ਰਿਤ ਪਵਾਰ।





ਸੰਘਰਸ਼ ਕੀਤਾ ਸਟਾਰ ਫਿਰ ਸਟਾਰ ਬਣੇ ਗੁਰਪ੍ਰੀਤ ਘੁੱਗੀ

ਇਹ ਤੇ ਸਾਰੇ ਦੇਖਦੇ ਨੇ ਕਿ ਫਲਾਂ ਸਟਾਰ ਬਣ ਗਿਆ , ਓਸ ਦਾ ਨਾਂਅ ਹੈ , ਓਸ ਕੋਲ ਫ਼ਿਲਮਜ਼ ਦੀ ਕਮੀ ਨਹੀਂ ਪਰ ਕਈਆਂ ਦਾ ਮੰਜ਼ਰ ਤੱਕ ਆਉਣਾ ਵੱਡੇ ਸੰਘਰਸ਼ ਤੇ ਮਿਹਨਤ ਦਾ ਨਤੀਜ਼ਾ ਹੁੰਦਾ ਹੈ।ਗੱਲ ਗੁਰਪ੍ਰੀਤ ਘੁੱਗੀ ਦੀ ਤਾਂ ਓਹ ਟੋਪ ਕਮੇਡੀਅਨ ਹਨ, ਜਜ਼ਬਾਤੀ ਰੋਲ ਕੋਈ ਸਾਨੀ ਨਹੀਂ , ਰੋਮਾਂਟਿਕ ਕਿਰਦਾਰ ਜਾਨ ਪਾਈ।ਦਰਸ਼ਕ ਓਹਨਾਂ ਦੇ ਦਿਵਾਨੇ ਨੇ ਤੇ ਸ਼ਾਇਦ ਬਹੁਤ ਸਾਰੇ ਲੋਕਾਂ ਨੂੰ ਲੱਗਦਾ ਓਹ ਅਸਾਨੀ ਨਾਲ ਹੀ ਸਟਾਰ ਬਣੇ ਪਰ ਨਹੀਂ ਓਹਨਾਂ ਬਹੁਤ ਸੰਘਰਸ਼ ਕੀਤਾ ਹੈ।ਸੱਭਿਆਚਾਰਕ ਮੇਲਿਆਂ ਚ ਓਹ ਜਾਂਦੇ ਰਹੇ ਹਨ।ਤਾਂ ਹੀ ਜਪਨੀਤ ਲੂਥਰਾ ਵੀ ਆਖਦੀ ਹੈ ਗੁਰਪ੍ਰੀਤ ਘੁੱਗੀ ਬੇਮਿਸਾਲ ਅਦਾਕਾਰ ਹਨ ਤੇ ਓਹਨਾਂ ਦੀ ਮਿਹਨਤ ਤੇ ਸੰਘਰਸ਼ ਨੇ ਸਾਨੂੰ ਵੀ ਪ੍ਰੇਰਿਤ ਕੀਤਾ ਹੈ।_ਅੰਮ੍ਰਿਤ ਪਵਾਰ।



ਬੇਮਿਸਾਲ ਐਕਟਰ ਹਨ ਡਾਇਰੈਕਟਰ _ਅਮਰਪਾਲ

ਅਮਰਪਾਲ ਇਸ ਵੇਲੇ ਟੋਪ ਦੇ ਵੀਡੀਓ ਡਾਇਰੈਕਟਰ ਨੇ ਤੇ ਇਸ ਵਕ਼ਤ ਓਹ ਫ਼ਿਲਮ ਇੰਡਸਟਰੀ ਵਿੱਚ ਡਾਇਰੈਕਟਰ ਤੌਰ ਤੇ ਤਿੰਨ ਫਿਲਮਾਂ ਡਾਇਰੈਕਟ ਕਰ ਚੁੱਕੇ ਨੇ ਜਿਹੜੀਆਂ ਜਲਦੀ ਆਉਣ ਵਾਲੀਆਂ ਹਨ।ਸ਼ੁਰੂ ਚ ਓਹ ਸਟੇਜ ਨਾਟਕਾਂ ਚ ਅਭਿਨੈ ਕਰਦੇ ਰਹੇ ਤੇ ਰੇਡੀਓ ਦੂਰਦਰਸ਼ਨ ਤੇ ਆਏ ਕਈ ਨਾਟਕਾਂ ਵਿੱਚ ਓਹਨਾਂ ਦੀ ਐਕਟਿੰਗ ਜਬਰਦਸ਼ਤ ਰਹੀ।ਅਮਰਪਾਲ ਨੇ ਇਸ ਤੇ ਕਿਹਾ ਕਿ ਜਿਸਨੇ ਸਟੇਜ ਨਾਟਕ ਕੀਤੇ ਨੇ ਓਸ ਲਈ ਐਕਟਿੰਗ ਆਮ ਗੱਲ ਹੈ।ਸਾਡੇ ਖਿਆਲ ਚ ਅਮਰਪਾਲ ਨੂੰ ਦੇਸ਼ ਭਗਤ , ਏਂਗਰੀ ਯੰਗ ਮੇਨ ਦੀ ਭੂਮਿਕਾ ਮਿਲੇ ਤਾਂ ਓਹ "ਕ੍ਰਾਂਤੀ " ਫ਼ਿਲਮ ਦੇ ਦਲੀਪ ਕੁਮਾਰ ਦੀ ਤਰਾਂ ਛਾ ਜਾਣਗੇ।ਅਮਰਪਾਲ ਨੇ ਕਿਹਾ ਕਿ ਇਸ ਵੇਲੇ ਉਹ ਐਕਟਿੰਗ ਦੀ ਥਾਂ ਜਿਆਦਾ ਧਿਆਨ ਡਾਇਰੈਕਸ਼ਨ ਤੇ ਦੇ ਰਹੇ ਹਨ।_ਅੰਮ੍ਰਿਤ ਪਵਾਰ।




ਹੁਣ ਆਲ ਰਾਉਂਡਰ ਨੇ ਅਸ਼ੋਕ ਮਲਹੋਤਰਾ

ਐਕਟਿੰਗ ਤੋਂ ਨਿਰਦੇਸ਼ਨ ਤੇ ਫ਼ਿਰ ਫਿਲਮ ਟੀਵੀ ਸੰਸਥਾ ਦੀ ਪ੍ਰਧਾਨਗੀ , ਸਮਾਜ ਸੇਵਾ ਤੇ ਰਾਜਨੀਤੀ ਸਰਗਰਮੀਆਂ ਅਸ਼ੋਕ ਮਲਹੋਤਰਾ ਇੱਕ ਤਰਾਂ ਨਾਲ ਆਲ ਰਾਉਂਡਰ ਬਣ ਚਲ ਰਹੇ ਹਨ। ਇੱਕ ਪਾਸੇ ਰੇਡੀਓ ਤੇ ਨਾਟਕ, ਦੂਜੇ ਪਾਸੇ ਦੂਰਦਰਸ਼ਨ ਤੇ ਸੀਰੀਅਲ ਤੇ ਬਾਲੀਵੁੱਡ ਚ ਲੰਬਾ ਕੰਮ ਤੇ ਤਜ਼ਰਬਾ, ਐਡ ਫ਼ਿਲਮਾਂ ਤੇ ਚੌਪਾਲ ਤੇ ਚਲਦੀਆਂ ਫ਼ਿਲਮਾਂ ਨਿਰਦੇਸ਼ਕ ਤੌਰ ਤੇ ਮਜ਼ਬੂਤ ਹਨ ਅਸ਼ੋਕ ਮਲਹੋਤਰਾ ਤੇ ਹੁਣ "ਦਾ ਡੀ ਐਨ ਏ" ਹਿੰਦੀ ਫ਼ਿਲਮ ਦਾ ਨਿਰਦੇਸ਼ਨ ਕਰ ਰਹੇ ਹਨ।ਗੁਰਦੀਪ ਸੰਧੂ, ਤਨੂ ਕਪੂਰ ਸਮੇਤ ਕਈਆਂ ਨੂੰ ਪਹਿਲੇ ਮੌਕੇ ਦੇਣ ਵਾਲੇ ਅਸ਼ੋਕ ਮਲਹੋਤਰਾ ਵਿਧਾਇਕ ਰਹੇ ਕੁੰਵਰ ਵਿਜੇ ਪ੍ਰਤਾਪ ਸਿੰਘ ਨਾਲ ਰਾਜਨੀਤੀ ਵਿੱਚ ਸਰਗਰਮ ਹਨ।ਆਪਣੀ ਸਮਾਜ ਸੇਵਾ ਟੀਮ ਨਾਲ ਜੰਮੂ ਤੱਕ ਡਾਕਟਰੀ ਕੈਂਪ ਤੇ ਸਮਾਜਿਕ ਸੇਵਾ ਕਰਦੇ ਅਸ਼ੋਕ ਮਲਹੋਤਰਾ ਕਈ ਅਸੀਸਾਂ ਲੈਂਦੇ ਨੇ ਤੇ ਸਾਡੀ ਦੁਆ ਕਿ ਅਸ਼ੋਕ ਮਲਹੋਤਰਾ ਸਿਹਤਯਾਬ , ਇਸ ਤਰਾਂ ਹੀ ਤੰਦਰੁਸਤੀ ਨਾਲ ਸਾਰੇ ਖੇਤਰਾਂ ਵਿੱਚ ਸਾਰਥਿਕ ਨਤੀਜ਼ੇ ਦਿੰਦੇ ਰਹਿਣ।_ਅੰਮ੍ਰਿਤ ਪਵਾਰ।



ਦਲਜੀਤ ਸੋਨਾ ਨੂੰ ਮਿਲੇਗਾ _ਮਾਂ ਬੋਲੀ ਦੇ ਵਾਰਿਸ ਐਵਾਰਡ

ਬਾਬਾ ਦੀਪ ਸਿੰਘ ਫੈਡਰੇਸ਼ਨ ਸ਼੍ਰੀ ਅੰਮ੍ਰਿਤਸਰ ਵੱਲੋਂ ਰੰਗਮੰਚ ਦੇ ਰਾਜਾ, ਲੇਖਕ ਅਭਿਨੇਤਾ ਤੇ ਨਿਰਦੇਸ਼ਕ ਫ਼ਿਲਮ ਇੰਡਸਟਰੀ ਦਲਜੀਤ ਸਿੰਘ ਸੋਨਾ ਨੂੰ "ਮਾਂ ਬੋਲੀ ਦ ਵਾਰਿਸ ਐਵਾਰਡ" ਨਾਲ ਸਨਮਾਨਿਤ ਕੀਤਾ ਜਾਏਗਾ।ਇਹ ਐਵਾਰਡ "ਮਾਂ ਬੋਲੀ ਸੰਭਾਲ ਲਹਿਰ" ਅਧੀਨ 14 ਨਵੰਬਰ ਨੂੰ ਸਵੇਰੇ ਗਿਆਰਾਂ ਵਜੇ ਹੋਣ ਵਾਲੇ ਸਮਾਰੋਹ ਚ ਪ੍ਰਦਾਨ ਕੀਤਾ ਜਾਣਾ ਹੈ।ਮਜੀਠਾ ਵੇਰਕਾ ਬਾਈ ਪਾਸ ਨਜ਼ਦੀਕ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਅੰਮ੍ਰਿਤਸਰ ਵਿਖੇ ਦਿੱਤਾ ਜਾਏਗਾ।ਯਾਦ ਰਹੇ ਸਾਹਿਤ ਸਭਾ ਚੋਗਾਵਾਂ ਬੀਤੇ ਦਿਨੀਂ ਸੋਨਾ ਨੂੰ "ਹਰਭਜਨ ਜੱਬਲ ਐਵਾਰਡ" ਨਾਲ ਸਨਮਾਨਿਤ ਕਰ ਚੁੱਕੀ ਹੈ।_ਅੰਮ੍ਰਿਤ ਪਵਾਰ।



ਟੀਨਾ ਘਈ ਹੀਰੋਇਨ ਬਣ ਪਹਿਲ਼ੀ ਫ਼ਿਲਮ ਜਾ ਕੋ ਰਾਖੇ ਸਾਈਆਂ



ਟੀਨਾ ਘਈ ਅੱਜ ਬਾਲੀਵੁੱਡ ਦੀ ਸਟਾਰ ਹਸਤੀ ਹੈ, ਸਿੰਟਾ ਤੱਕ ਓਸ ਦੀ ਅੱਛੀ ਗੱਲਬਾਤ ਹੈ।ਗੱਲ ਟੀਨਾ ਘਈ ਵੱਲੋਂ ਕੀਤੀ ਪਹਿਲੀ ਪੰਜਾਬੀ ਫ਼ਿਲਮ ਬਾਰੇ ਜਿਸਦਾ ਨਾਮ "ਜਾ ਕੋ ਰਾਖੇ ਸਾਈਆਂ" ਸੀ।ਤਦ ਹਰਦੇਵ ਰਿਸ਼ੀ ਨੂੰ ਵੀ ਡਾਇਰੈਕਟਰ ਤੌਰ ਤੇ ਪਹਿਲੀ ਫ਼ਿਲਮ ਮਿਲੀ ਸੀ ਤੇ ਟੀਨਾ ਘਈ ਓਸ ਨੂੰ ਐਨੀ ਪਸੰਦ ਆਈ ਕਿ ਇੱਕ ਦਿਨ ਚ ਨਾਇਕਾ ਲਿਆ।ਸੰਗਰੂਰ ਲਾਗੇ ਭਵਾਨੀਗੜ੍ਹ ਫ਼ਿਲਮ ਦੀ ਸ਼ੂਟਿੰਗ ਹੋਈ , ਹੀਰੋ ਸ਼ਸੀ ਰਾਜ ਸੀ ਪਰ ਟੀਨਾ ਘਈ ਨੂੰ ਆਪਣੇ ਕੰਮ ਨਾਲ ਮਤਲਬ ਸੀ ਤੇ ਓਸ ਨੇ ਪੂਰੀ ਮਿਹਨਤ ਨਾਲ ਇਹ ਫ਼ਿਲਮ ਕੀਤੀ ਤੇ ਇਸ ਫਿਲਮ ਤੋਂ ਓਸ ਨੂੰ ਦੋ ਹਰਿਆਣਵੀ ਫ਼ਿਲਮਾਂ ਮਿਲ ਗਈਆਂ ਸਨ।ਟੀਨਾ ਘਈ ਦੀ ਪੂਰੇ ਪੰਜਾਬ ਚ ਅੱਛੀ ਪਹਿਚਾਣ ਬਣ ਚੁੱਕੀ ਸੀ ਤੇ ਫਿਰ ਓਸ ਹਰਿਆਣਵੀ ਫ਼ਿਲਮਾਂ ਬਾਅਦ ਮੁੰਬਈ ਦਾ ਰੁੱਖ ਕਰ ਲਿਆ ।ਅੱਜ ਕਲ ਟੀਨਾ ਘਈ ਗਾਇਕਾ ਵੀ ਹੈ।_ਅੰਮ੍ਰਿਤ ਪਵਾਰ।

ਪਹਿਲੀ ਵੀਡੀਓ ਮਾਝੇ ਚੋਂ ਦੂਰਦਰਸ਼ਨ ਤੇ ਆਈ _ਅਮਰਜੀਤ ਢੋਟੀਆਂ

ਅਮਰਜੀਤ ਢੋਟੀਆਂ ਮਾਝੇ ਦਾ ਉਹ ਫ਼ਨਕਾਰ ਹੈ ਜਿਸ ਨੇ ਹਿੱਕ ਦੇ ਜ਼ੋਰ ਦੀ ਗਾਇਕੀ ਨਾਲ ਵੱਖਰਾ ਦਰਜ਼ਾ ਹਾਸਿਲ ਕੀਤਾ ਹੈ ।ਓਸ ਦਾ "ਮਿਰਜ਼ਾ" ਦਰਸ਼ਕ ਬੰਨ ਦਿੰਦਾ ਹੈ ਤੇ ਅਮਰਜੀਤ ਢੋਟੀਆਂ ਬਾਰੇ ਖਾਸ ਗੱਲ ਕਿ ਓਹ ਵਾਹਿਦ ਅੰਮ੍ਰਿਤਸਰ ਦਾ ਪਹਿਲਾ ਗਾਇਕ ਹੈ ਜਿਸ ਨੇ ਦੂਰਦ-ਰਸ਼ਨ ਜਲੰਧਰ ਤੇ ਜਦ ਵਰਾਇਟੀ ਪ੍ਰੋਗਰਾਮ ਖ਼ੂਬ ਹਿੱਟ ਸਨ ਪਹਿਲਾ ਵੀਡੀਓ ਗਾਣਾ ਆਪਣਾ ਲੁਆਇਆ ਸੀ।ਅਮਰਜੀਤ ਢੋਟੀਆਂ ਦੱਸਦੇ ਨੇ ਕਿ ਅੱਜ ਵੀ ਬਿੱਟੂ ਅਰੋੜਾ ਦੇ , ਛਣਕਾਰ" ਚ ਓਸਦੇ ਗਾਣੇ ਚਲਦੇ ਹਨ।ਅੱਜ ਕਲ ਦੀ ਗੱਲ ਤਾਂ ਸੰਦੀਪ ਬੱਲ ਜਿਹੀ ਸੋਹਣੀ ਤੇ ਸੁਰੀਲੀ ਗਾਇਕਾ ਓਸ ਨਾਲ ਪ੍ਰੋਗਰਾਮ ਕਰਦੀ ਹੈ।ਅਮਰਜੀਤ ਢੋਟੀਆਂ ਜਲਦੀ ਹੀ 4 ਨਵੇਂ ਗੀਤਾਂ ਦੀ ਈ ਪੀ ਤਿਆਰ ਕਰਨ ਜਾ ਰਹੇ ਹਨ।ਯੂਟਿਊਬ ਤੇ ਇੱਕ ਵਾਰ ਅਮਰਜੀਤ ਢੋਟੀਆਂ ਦਾ " ਮਿਰਜ਼ਾ " ਲਾਈਵ ਜ਼ਰੂਰੀ ਸੁਣਿਓ।_ਅੰਮ੍ਰਿਤ ਪਵਾਰ।



ਇਸ ਸਾਲ ਸ਼ੰਮੀ ਖਾਨ ਬੋਲੇ ਧੁੰਮਾਂ ਪਾਏ ਕਿਰਨ ਦਾ _ਗੋਰਾ ਰੰਗ



ਮਾਝੇ ਦੀਆਂ ਗਾਇਕੀ ਜੋੜੀਆਂ ਵਿੱਚ ਸ਼ੰਮੀ ਖਾਨ ਤੇ ਕਿਰਨ ਰੰਧਾਵਾ ਦਾ ਨਾਂਅ ਹੁਣ ਕਿਸੇ ਪਛਾਣ ਦਾ ਮੋਹਤਾਜ ਨਹੀਂ ਹੈ।ਇਸ ਸੀਜਨ ਮੇਲਿਆਂ ਦੇ ਵਿੱਚ ਇਹ ਜੋੜੀ ਖ਼ੂਬ ਮੇਲੇ ਲਾ ਗਈ ਹੈ।ਸ਼ੰਮੀ ਖਾਨ ਦੱਸਦੇ ਨੇ ਕਿ ਇੱਕ ਤਾਂ ਸਾਡੀ ਸਟੇਜ ਲੋਕ ਪਸੰਦ ਤੇ ਖਰੀ ਉਤਰਦੀ ਹੈ ਤੇ ਦੂਜਾ ਇਸ ਵਾਰ ਸਾਡਾ ਟਰੈਕ "ਗੋਰਾ ਰੰਗ" ਖ਼ੂਬ ਚਰਚਿਤ ਰਿਹਾ ਹੈ।ਇਸ ਗੀਤ ਦੀਆਂ ਬੇਸ਼ੁਮਾਰ ਰੀਲਾਂ ਬਣੀਆਂ ਹਨ । ਕਈ ਯੂਟਿਊਬ ਸ਼ੋਰਟ ਬਣੇ ਹਨ ।ਸੈਲੀਬ੍ਰਿਟੀ ਤੇ ਮੀਡੀਆ ਇੰਫਲੂੰਸਰ ਨੇ "ਗੋਰਾ ਰੰਗ ' ਲਈ ਸ਼ੰਮੀ ਖਾਨ ਤੇ ਕਿਰਨ ਰੰਧਾਵਾ ਵਾਸਤੇ ਦੁਆਵਾਂ ਕੀਤੀਆਂ ਹਨ।_ਅੰਮ੍ਰਿਤ ਪਵਾਰ

ਜ਼ਿੰਦਗੀ ਯੂੰ ਹੀ ਮੁਸਕਰਾਤੀ ਰਹੇ_ਅਨੂ ਕਾਲੀਆ/ ਰਾਜ ਬਲਵਿੰਦਰ ਕਾਲੀਆ

ਜ਼ਿੰਦਗੀ ਪਿਆਰ ਦਾ ਗੀਤ ਹੈ ਤੇ ਇਸ ਜ਼ਿੰਦਗੀ ਚ ਜਿੱਥੇ ਕਾਰੋਬਾਰ ਵਪਾਰ ਆਪਣੀ ਥਾਂ ਤੇ ਚਲਦੇ ਨੇ ਓਥੇ ਖੁਸ਼ੀਆਂ, ਇੱਕ ਦੂਜੇ ਦਾ ਸਾਥ ਤੇ ਪਿਆਰ ਨਾਲ ਬਤੀਤ ਹੁੰਦੇ ਪਲ ਹੋਣ ਤਾਂ ਜ਼ਿੰਦਗੀ ਸਵਰਗ ਹੈ, ਮਾਣ ਕਿ ਤੇ ਦੇਖੋ।ਫਿਲਮ ਡਾਇਰੈਕਟਰ ਰਾਜ ਬਲਵਿੰਦਰ ਕਾਲੀਆ ਖੁਸ਼ਕਿਸਮਤ ਹਨ ਕਿ ਫ਼ਿਲਮ ਓਹਨਾਂ ਅਗਲੀ ਦੀ ਸ਼ੂਟਿੰਗ ਕੀਤੀ ਹੈ ਤੇ ਅਨੂ ਕਾਲੀਆ ਦਾ ਅਥਾਹ ਸਹਿਯੋਗ ਸਮਰਪਣ ਓਹਨਾਂ ਨਾਲ ਹੈ।ਅਨੂ ਕਾਲੀਆ ਸੋਸ਼ਲ ਮੀਡੀਆ ਤੇ ਜਿਸ ਮੋਹਬੱਤ ਤੇ ਮੋਹ ਨਾਲ ਪੋਸਟ ਤੇ ਤਸਵੀਰ ਅੱਪਲੋਡ ਕਰ ਲਾਈਫ ਲਾਈਨ ਲਈ ਦੁਆ ਕਰਦੀ ਹੈ ਉਹ ਕਾਬਲ ਏ ਜ਼ਿਕਰ ਹੈ।ਇੰਜ ਹੀ ਅਨੂ ਕਾਲੀਆ ਹੱਸਦੀ ਮੁਸਕਰਾਉਂਦੀ ਰਹੇ ਤੇ ਰਾਜ ਬਲਵਿੰਦਰ ਕਾਲੀਆ ਫ਼ਿਲਮ ਖੇਤਰ ਦੇ ਸਟਾਰ ਮੇਕਰ ਬਣਨ ਦੁਆਵਾਂ।_ਅੰਮ੍ਰਿਤ ਪਵਾਰ।

